ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 18 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੫ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਗੈਂਗਸਟਰ ਗੋਲਡੀ ਬਰਾੜ ਦੇ ਨਿਸ਼ਾਨੇ 'ਤੇ ਪੰਜਾਬੀ ਗਾਇਕ ਗਿੱਪੀ ਗਰੇਵਾਲ; ਕਿਹਾ- ਮੇਰਾ ਮੈਸੇਜ ਇਗਨੋਰ ਨਾ ਕਰਿਓ ਨਹੀਂ ਤਾਂ...

**ਚੰਡੀਗੜ੍ਹ, 17 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਹੁਣ ਗੈਂਗਸਟਰਾਂ ਦੇ ਨਿਸ਼ਾਨੇ 'ਤੇ ਆ ਗਏ ਹਨ। ਹੁਣ ਪੰਜਾਬੀ ਗਾਇਕ ਗਿੱਪੀ ਗਰੇਵਾਲ ਨੂੰ ਗੈਂਗਸਟਰ ਗੋਲਡੀ ਬਰਾੜ ਵੱਲੋਂ ਜਾਨੋਂ ਮਾਰਨ ਦੀ ਧਮਕੀ ਦਿੱਤੀ ਗਈ ਹੈ। ਮਿਲੀ ਜਾਣਕਾਰੀ ਮੁਤਾਬਿਕ ਗਾਇਕ ਨੂੰ ਧਮਕੀ ਭਰਿਆ ਫੋਨ ਆਇਆ ਹੈ। ਇਹ ਆਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਿਹਾ ਹੈ। ਵਾਇਰਲ ਆਡੀਓ ਦੀ 'ਆਵਾਜ਼ਿ ਕੌਮ ਯੂ.ਕੇ.' ਪੁਸ਼ਟੀ ਨਹੀਂ ਕਰਦਾ ਹੈ। ਵਾਇਰਲ ਆਡੀਓ 'ਚ ਕਿਹਾ ਜਾ ਰਿਹਾ ਹੈ ਕਿ ਉਸਦਾ ਮੈਸੇਜ ਇਗਨੋਰ ਨਾ ਕੀਤਾ ਜਾਵੇ ਨਹੀਂ ਤਾਂ ਗੋਲੀਆਂ ਚਲਾ ਦਿੱਤੀਆਂ ਜਾਣਗੀਆਂ। ਗਿੱਪੀ ਗਰੇਵਾਲ ਨੂੰ ਆਡੀਓ 'ਚ ਇਹ ਵੀ ਕਿਹਾ ਹੈ ਕਿ ਉਹ ਫਿਲਮਾਂ ਬਹੁਤ ਬਣਾ ਰਿਹਾ ਹੈ ਕਿਤੇ ਮੁਹਾਲੀ 'ਚ ਉਸਦੀ ਫਿਲਮ ਨਾ ਬਣਾਉਣੀ ਪਵੇ। ਦੂਜੇ ਪਾਸੇ ਹੁਣ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇਸ ਮਾਮਲੇ 'ਤੇ ਹੁਣ ਪੰਜਾਬ ਸਰਕਾਰ ਨੂੰ ਘੇਰਿਆ ਹੈ। ਉਨ੍ਹਾਂ ਨੇ ਕਿਹਾ ਕਿ ਇਹ ਜਾਣ ਕੇ ਬਹੁਤ ਦੁੱਖ ਹੋਇਆ ਕਿ ਸਾਡੇ ਸੁਪਰਸਟਾਰ ਗਿੱਪੀ ਗਰੇਵਾਲ ਨੂੰ ਨਾਮੀ ਗੈਂਗਸਟਰ ਗੋਲਡੀ ਬਰਾੜ ਤੋਂ ਧਮਕੀ ਮਿਲੀ ਹੈ।



# ਪਾਕਿਸਤਾਨ ਨੇ ਅਫਗਾਨਿਸਤਾਨ ਦੇ ਹਸਪਤਾਲ 'ਤੇ ਸੁੱਟੇ ਬੰਬ

# 400 ਲੋਕਾਂ ਦੀ ਮੌਤ, 250 ਤੋਂ ਵੱਧ ਜ਼ਖ਼ਮੀ

**ਇਸਲਾਮਾਬਾਦ, 17 ਮਾਰਚ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਅਤੇ ਅਫਗਾਨਿਸਤਾਨ ਵਿਚਕਾਰ ਜੰਗ ਜਾਰੀ ਹੈ। ਡੁਰੰਡ ਲਾਈਨ 'ਤੇ ਝੜਪਾਂ ਅਤੇ ਹਵਾਈ ਹਮਲਿਆਂ ਨੇ ਦੋਵਾਂ ਦੇਸ਼ਾਂ ਵਿੱਚ ਡਰ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਪਾਕਿਸਤਾਨ ਅਤੇ ਅਫਗਾਨਿਸਤਾਨ ਹੁਣ ਇੱਕ ਦੂਜੇ 'ਤੇ ਭਾਰੀ ਬੰਬਾਰੀ ਕਰ ਰਹੇ ਹਨ। ਇਸ ਦੌਰਾਨ, ਪਾਕਿਸਤਾਨ ਨੇ ਸੋਮਵਾਰ ਰਾਤ ਨੂੰ ਅਫਗਾਨਿਸਤਾਨ ਵਿੱਚ ਇੱਕ ਹੋਰ ਵੱਡਾ ਹਵਾਈ ਹਮਲਾ ਕੀਤਾ। ਪਾਕਿਸਤਾਨੀ ਹਵਾਈ ਹਮਲੇ ਨਾਲ ਲਾਸ਼ਾਂ ਅਫਗਾਨਿਸਤਾਨ ਵਿੱਚ ਖਿੰਡ ਗਈਆਂ ਹਨ। ਪਾਕਿਸਤਾਨ ਨੇ ਕਾਬੁਲ ਦੇ ਇੱਕ ਹਸਪਤਾਲ 'ਤੇ ਬੰਬਾਰੀ ਕੀਤੀ ਹੈ। ਤਾਲਿਬਾਨ ਦੇ ਇੱਕ ਬੁਲਾਰੇ ਨੇ ਕਿਹਾ ਕਿ ਕਾਬੁਲ ਦੇ ਇੱਕ ਡਰੱਗ ਇਲਾਜ ਹਸਪਤਾਲ 'ਤੇ ਪਾਕਿਸਤਾਨੀ ਹਵਾਈ ਹਮਲੇ ਵਿੱਚ ਘੱਟੋ-ਘੱਟ 400 ਲੋਕ ਮਾਰੇ ਗਏ ਹਨ ਅਤੇ ਲਗਭਗ 250 ਜ਼ਖਮੀ ਹੋਏ ਹਨ। ਤਾਲਿਬਾਨ ਸਰਕਾਰ ਨੇ ਕਿਹਾ ਕਿ ਪਾਕਿਸਤਾਨੀ ਹਵਾਈ ਹਮਲੇ ਵਿੱਚ ਹਸਪਤਾਲ ਦਾ ਇੱਕ ਵੱਡਾ ਹਿੱਸਾ ਤਬਾਹ ਹੋ ਗਿਆ ਹੈ ਅਤੇ ਮ੍ਰਿਤਕਾਂ ਦੀ ਗਿਣਤੀ ਵੱਧ ਸਕਦੀ ਹੈ। ਹੁਣ ਤੱਕ 400 ਲੋਕਾਂ ਦੇ ਮਾਰੇ ਜਾਣ ਦੀ ਪੁਸ਼ਟੀ ਹੋ ? ?ਚੁੱਕੀ ਹੈ, ਅਤੇ ਸੈਂਕੜੇ ਜ਼ਖਮੀ ਹਨ। ਤਾਲਿਬਾਨ ਨੇ ਹਮਲੇ ਦੀ ਨਿੰਦਾ ਕੀਤੀ ਹੈ। ਇਸ ਦੌਰਾਨ, ਪਾਕਿਸਤਾਨ ਨੇ ਅਫਗਾਨ ਸਰਕਾਰ ਦੇ ਦੋਸ਼ਾਂ ਨੂੰ ਬੇਬੁਨਿਆਦ ਕਰਾਰ ਦਿੱਤਾ। ਪਾਕਿਸਤਾਨ ਨੇ ਕਿਹਾ ਕਿ ਕਾਬੁਲ ਵਿੱਚ ਕਿਸੇ ਵੀ ਹਸਪਤਾਲ ਨੂੰ ਨਿਸ਼ਾਨਾ ਨਹੀਂ ਬਣਾਇਆ ਗਿਆ ਸੀ। ਮਨੋਰੰਜਨ ਵੀਡੀਓ ਦਰਅਸਲ, ਇਹ ਕਥਿਤ ਹਮਲਾ ਅਫਗਾਨ ਅਧਿਕਾਰੀਆਂ ਦੇ ਬਿਆਨ ਤੋਂ ਕੁਝ ਘੰਟੇ ਬਾਅਦ ਹੋਇਆ ਜਦੋਂ ਦੋਵਾਂ ਧਿਰਾਂ ਨੇ ਆਪਣੀ ਸਾਂਝੀ ਸਰਹੱਦ 'ਤੇ ਗੋਲੀਬਾਰੀ ਕੀਤੀ। ਗੋਲੀਬਾਰੀ ਵਿੱਚ ਅਫਗਾਨਿਸਤਾਨ ਵਿੱਚ ਚਾਰ ਲੋਕ ਮਾਰੇ ਗਏ। ਇਹ ਘਟਨਾ ਗੁਆਂਢੀ ਦੇਸ਼ਾਂ ਵਿਚਕਾਰ ਸਾਲਾਂ ਵਿੱਚ ਸਭ ਤੋਂ ਭਿਆਨਕ ਲੜਾਈ ਦੇ ਤੀਜੇ ਹਫ਼ਤੇ ਸ਼ੁਰੂ ਹੋਣ ਦੇ ਨਾਲ ਵਾਪਰੀ। ਰਿਪੋਰਟਾਂ ਅਨੁਸਾਰ, ਪਾਕਿਸਤਾਨੀ ਫੌਜ ਨੇ ਹਾਲ ਹੀ ਵਿੱਚ ਕਾਬੁਲ ਦੇ 9ਵੇਂ ਪੁਲਿਸ ਜ਼ਿਲ੍ਹੇ ਵਿੱਚ ਇੱਕ ਡਰੱਗ ਪੁਨਰਵਾਸ ਕੇਂਦਰ 'ਤੇ ਹਮਲਾ ਕੀਤਾ ਸੀ, ਜਿਸ ਨਾਲ ਭਾਰੀ ਜਾਨੀ ਨੁਕਸਾਨ ਅਤੇ ਜਾਇਦਾਦ ਦਾ ਨੁਕਸਾਨ ਹੋਇਆ ਸੀ। ਇਸ ਦੌਰਾਨ, ਅਫਗਾਨਿਸਤਾਨ ਵਿੱਚ ਤਾਲਿਬਾਨ ਸਰਕਾਰ ਨੇ ਪਾਕਿਸਤਾਨ ਤੋਂ ਬਦਲਾ ਲੈਣ ਦੀ ਸਹੁੰ ਖਾਧੀ ਹੈ।

## 'ਈਰਾਨ ਨਾ ਤਾਂ ਝੁਕੇਗਾ ਅਤੇ ਨਾ ਹੀ ਸਮਰਪਣ ਕਰੇਗਾ', ਈਰਾਨੀ ਸਪੀਕਰ ਦੀ ਅਮਰੀਕਾ ਨੂੰ ਸਿੱਧੀ ਚੇਤਾਵਨੀ

**ਤਹਿਰਾਨ, 17 ਮਾਰਚ (ਆਵਾਜ਼ਿ ਕੌਮ ਬਿਊਰੋ)**-ਈਰਾਨ ਅਤੇ ਅਮਰੀਕਾ ਵਿਚਾਲੇ ਜੰਗਬੰਦੀ ਦੀਆਂ ਕੋਸ਼ਿਸ਼ਾਂ ਵਿਚਾਲੇ ਹਮਲੇ ਲਗਾਤਾਰ ਜਾਰੀ ਹਨ। ਇਸ ਦੌਰਾਨ ਈਰਾਨ ਦੀ ਸੰਸਦ ਦੇ ਸਪੀਕਰ ਮੁਹੰਮਦ ਬਾਕਰ ਕਾਲੀਬਾਫ ਨੇ ਚੇਤਾਵਨੀ ਦਿੱਤੀ ਹੈ ਕਿ ਅਮਰੀਕਾ ਫੌਜੀ ਕਾਰਵਾਈ ਰਾਹੀਂ ਈਰਾਨ ਦੇ ਹਥਿਆਰਾਂ ਦੇ ਟਿਕਾਣਿਆਂ ਨੂੰ ਤਬਾਹ ਨਹੀਂ ਕਰ ਸਕਦੀ, ਅਤੇ ਹੋਰਮੁਜ਼ ਜਲਡਮਰੂ ਵਿੱਚ ਵਧਦੇ ਤਣਾਅ ਦੇ ਵਿਚਕਾਰ ਇੱਕ ਨਵਾਂ ਖੇਤਰੀ ਸੁਰੱਖਿਆ ਸਮੀਕਰਨ ਉਭਰ ਸਕਦਾ ਹੈ। ਕਾਲੀਬਾਫ ਨੇ ਇੱਕ ਟੈਲੀਵਿਜ਼ਨ ਇੰਟਰਵਿਊ ਵਿੱਚ ਕਿਹਾ ਕਿ ਹੋਰਮੁਜ਼ ਜਲਡਮਰੂ, ਜੋ ਕਿ ਦੁਨੀਆ ਦੇ ਤੇਲ ਦੇ ਬਹੁਤ ਸਾਰੇ ਹਿੱਸੇ ਦੀ ਆਵਾਜਾਈ ਲਈ ਮਹੱਤਵਪੂਰਨ ਹੈ, ਹੁਣ ਪਹਿਲਾਂ ਵਰਗਾ ਨਹੀਂ ਰਹੇਗਾ, ਅਤੇ ਇਸਦੀ ਸੁਰੱਖਿਆ ਸਥਿਤੀ ਬਦਲ ਗਈ ਹੈ। ਉਸਨੇ ਇਸਦਾ ਕਾਰਨ ਇਸ ਖੇਤਰ ਵਿੱਚ ਅਮਰੀਕਾ ਅਤੇ ਇਜ਼ਰਾਈਲ ਦੀ ਮੌਜੂਦਗੀ ਨੂੰ ਦੱਸਿਆ। ਉਸਨੇ ਕਿਹਾ ਕਿ ਈਰਾਨ ਨੇ ਪਿਛਲੇ ਟਕਰਾਵਾਂ ਤੋਂ ਸਿੱਖਿਆ ਹੈ ਅਤੇ ਆਪਣੇ ਫੌਜੀ ਪ੍ਰਣਾਲੀਆਂ ਨੂੰ ਸੋਧਿਆ ਹੈ, ਜਿਸ ਨਾਲ ਹੁਣ ਰਵਾਇਤੀ ਹਵਾਈ ਹਮਲਿਆਂ ਨਾਲ ਉਸ ਦੇ ਟਿਕਾਣਿਆਂ ਨੂੰ ਨੁਕਸਾਨ ਪਹੁੰਚਾਉਣਾ ਸੌਖਾ ਨਹੀਂ ਹੈ। ਕਾਲੀਬਾਫ ਨੇ ਕਿਹਾ ਹੈ ਕਿ ਈਰਾਨ ਨਾ ਤਾਂ ਕਿਸੇ ਬਾਹਰੀ ਦਬਾਅ ਅੱਗੇ ਝੁਕੇਗਾ ਅਤੇ ਨਾ ਹੀ ਸਮਰਪਣ ਕਰੇਗਾ। ਉਸਨੇ ਦਾਅਵਾ ਕੀਤਾ ਕਿ ਜਦੋਂ ਇਹ ਟਕਰਾਅ ਖਤਮ ਹੋ ਜਾਵੇਗਾ, ਤਾਂ ਮੱਧ ਪੂਰਬ ਪ੍ਰਣਾਲੀ ਵਿੱਚ ਇੱਕ ਵੱਡਾ ਬਦਲਾਅ ਆਵੇਗਾ, ਜੋ ਅਮਰੀਕੀ ਹਿੱਤਾਂ ਦੇ ਹੱਕ ਵਿੱਚ ਨਹੀਂ ਹੋਵੇਗਾ, ਸਗੋਂ ਖੇਤਰ ਦੇ ਇਸਲਾਮੀ ਦੇਸ਼ ਆਪਣੇ ਸੁਰੱਖਿਆ ਪ੍ਰਣਾਲੀਆਂ ਸਥਾਪਤ ਕਰਨਗੇ। ਉਨ੍ਹਾਂ ਇਹ ਵੀ ਕਿਹਾ ਕਿ ਅਮਰੀਕਾ ਅਤੇ ਇਜ਼ਰਾਈਲ ਨੇ ਆਪਣੀਆਂ ਕਾਰਵਾਈਆਂ ਨੂੰ ਈਰਾਨ ਦੇ ਸਾਬਕਾ ਸੁਪਰੀਮ ਲੀਡਰ ਅਲੀ ਖਮੇਨੀ ਦੀ ਹੱਤਿਆ ਤੱਕ ਸੀਮਤ ਕਰ ਦਿੱਤਾ ਸੀ, ਪਰ ਇਸ ਦਾ ਦੇਸ਼ ਦੇ ਸਿਸਟਮ 'ਤੇ ਕੋਈ ਅਸਰ ਨਹੀਂ ਪਿਆ। ਇਸ ਦੌਰਾਨ, ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਨੇ "ਮੋਜ਼ੇਕ ਡਿਫੈਂਸ" ਰਣਨੀਤੀ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਇਹ ਸਿਸਟਮ ਦੇਸ਼ ਨੂੰ ਇਹ ਫੈਸਲਾ ਕਰਨ ਦੇ ਯੋਗ ਬਣਾਉਂਦਾ ਹੈ ਕਿ ਯੁੱਧ ਕਦੋਂ ਅਤੇ ਕਿਵੇਂ ਖਤਮ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਸ ਵਿਕੇਂਦਰੀਕ੍ਰਿਤ ਰੱਖਿਆ ਪ੍ਰਣਾਲੀ ਦਾ ਉਦੇਸ਼ ਕਿਸੇ ਵੀ ਸੰਭਾਵੀ ਹਮਲੇ ਦੇ ਬਾਵਜੂਦ ਫੌਜੀ ਅਤੇ ਲੀਡਰਸ਼ਿਪ ਢਾਂਚੇ ਦੀ ਨਿਰੰਤਰਤਾ ਨੂੰ ਬਣਾਈ ਰੱਖਣਾ ਹੈ।

## ਕਰੋੜਾਂ ਰੁਪਏ ਦਾ ਚੈਕ ਬਾਊਂਸ ਮਾਮਲਾ; AAP MLA ਅਨਮੋਲ ਗਗਨ ਮਾਨ ਦੇ ਪਤੀ ਸਮੇਤ ਤਿੰਨ ਨੂੰ 2-2 ਸਾਲ ਦੀ ਕੈਦ ਤੇ ਜੁਰਮਾਨੇ ਦੀ ਸਜ਼ਾ

**ਮੋਹਾਲੀ, 17 ਮਾਰਚ (ਆਵਾਜ਼ਿ ਕੌਮ ਬਿਊਰੋ)**-ਮੁਹਾਲੀ ਦੇ ਡੇਰਾਬੱਸੀ ਦੀ ਅਦਾਲਤ ਨੇ ਇੱਕ ਕਰੋੜਾਂ ਰੁਪਏ ਦੇ ਚੈਕ ਬਾਊਂਸ ਮਾਮਲੇ ਵਿੱਚ ਵੱਡਾ ਫੈਸਲਾ ਸੁਣਾਇਆ ਹੈ। ਅਦਾਲਤ ਨੇ ਆਮ ਆਦਮੀ ਪਾਰਟੀ ਦੀ ਖਰੜ ਤੋਂ ਵਿਧਾਇਕਾ ਅਨਮੋਲ ਗਗਨ ਮਾਨ ਦੇ ਪਤੀ ਸਮੇਤ ਤਿੰਨ ਵਿਅਕਤੀਆਂ ਨੂੰ ਦੋਸ਼ੀ ਕਰਾਰ ਦਿੰਦੇ ਹੋਏ 2-2 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਹੈ। ਜਾਣਕਾਰੀ ਅਨੁਸਾਰ, ਅਦਾਲਤ ਨੇ ਅਨਮੋਲ ਗਗਨ ਮਾਨ ਦੇ ਪਤੀ ਸ਼ਾਹਬਾਜ ਸਿੰਘ ਸੋਹੀ ਸਮੇਤ ਤਿੰਨ ਲੋਕਾਂ ਨੂੰ ਦੋਸ਼ੀ ਕਰਾਰ ਦਿੰਦਿਆਂ ਦੋ-ਦੋ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਹੈ। ਇਹ ਫੈਸਲਾ ਕਰੀਬ ਸੱਤ ਸਾਲ ਚੱਲੀ ਸੁਣਵਾਈ ਤੋਂ ਬਾਅਦ ਜੂਡੀਸ਼ੀਅਲ ਮੈਜਿਸਟ੍ਰੇਟ ਫਰਸਟ ਕਲਾਸ ਪਰਨੀਤ ਕੌਰ ਦੀ ਅਦਾਲਤ ਨੇ ਸੁਣਾਇਆ। ਅਦਾਲਤ ਨੇ ਤਿੰਨਾਂ ਮੁਲਜ਼ਮਾਂ ਨੂੰ ਦੋ ਸਾਲ ਦੀ ਕੈਦ ਦੇ ਨਾਲ-ਨਾਲ 10-10 ਹਜ਼ਾਰ ਰੁਪਏ ਜੁਰਮਾਨਾ ਵੀ ਲਗਾਇਆ ਹੈ। ਵੀਡੀਓ ਸਮੱਗਰੀ ਇਸ ਮਾਮਲੇ ਵਿੱਚ ਸ਼ਾਹਬਾਜ ਸਿੰਘ ਸੋਹੀ (ਮੌਜੂਦਾ ਨਿਵਾਸੀ ਚੰਡੀਗੜ੍ਹ, ਮੂਲ ਵਾਸੀ ਜੀਰਕਪੁਰ), ਜਤਿੰਦਰ ਸਿੰਘ ਨੋਨੀ ਅਤੇ ਨਛੱਤਰ ਸਿੰਘ ਨੂੰ ਦੋਸ਼ੀ ਠਹਿਰਾਇਆ ਗਿਆ ਹੈ। ਸਜ਼ਾ ਸੁਣਾਏ ਜਾਣ ਤੋਂ ਬਾਅਦ ਤਿੰਨਾਂ ਨੇ ਮੌਕੇ 'ਤੇ ਜਮਾਨਤ ਰਕਮ ਭਰ ਕੇ ਜਮਾਨਤ ਹਾਸਲ ਕਰ ਲਈ। ਮਾਮਲਾ 2018 ਵਿੱਚ ਜੀਰਕਪੁਰ ਦੇ ਰਹਿਣ ਵਾਲੇ ਅਤੇ ਸਾਬਕਾ ਸਰਪੰਚ ਜਸਪਾਲ ਸਿੰਘ ਦੇ ਭਰਾ ਕਮਲਜੀਤ ਸਿੰਘ ਕਾਮਾ ਵੱਲੋਂ ਦਰਜ ਕਰਵਾਇਆ ਗਿਆ ਸੀ। ਸ਼ਿਕਾਇਤ ਮੁਤਾਬਕ 'ਮੇਸਰਜ਼ ਪਲੇਟਿਨਮ ਸਮਾਰਟ ਬਿਲਡਕਾਨ' ਦੇ ਤਿੰਨਾਂ ਪਾਰਟਨਰਾਂ ਨੇ ਰਾਜਪੁਰਾ ਵਿੱਚ ਹਾਊਸਿੰਗ ਪ੍ਰੋਜੈਕਟ ਲਈ ਕਰੋੜਾਂ ਰੁਪਏ ਦੇ ਪਲਾਟਾਂ ਦਾ ਸੌਦਾ ਕੀਤਾ ਸੀ। ਪਰ ਸੌਦਾ ਪੂਰਾ ਨਾ ਹੋਣ 'ਤੇ ਦਿੱਤਾ ਗਿਆ ਸਾਢੇ ਤਿੰਨ ਕਰੋੜ ਰੁਪਏ ਦਾ ਚੈਕ ਬਾਊਂਸ ਹੋ ਗਿਆ। ਲੰਬੀ ਸੁਣਵਾਈ ਤੋਂ ਬਾਅਦ ਅਦਾਲਤ ਨੇ ਸ਼ਿਕਾਇਤਕਰਤਾ ਪੱਖ ਨੂੰ ਮਜ਼ਬੂਤ ਮੰਨਦਿਆਂ ਤਿੰਨਾਂ ਨੂੰ ਦੋਸ਼ੀ ਕਰਾਰ ਦਿੱਤਾ। ਸ਼ਿਕਾਇਤਕਰਤਾ ਪੱਖ ਦੇ ਵਕੀਲ ਭਾਰਤ ਜੋਸ਼ੀ ਨੇ ਦੱਸਿਆ ਕਿ ਲੰਬੀ ਕਾਨੂੰਨੀ ਲੜਾਈ ਤੋਂ ਬਾਅਦ ਇਹ ਫੈਸਲਾ ਆਇਆ ਹੈ। ਕਮਲਜੀਤ ਸਿੰਘ ਕਾਮਾ ਨੇ ਕਿਹਾ ਕਿ ਮੁਲਜ਼ਮਾਂ ਨੇ ਯੋਜਨਾਬੱਧ ਢੰਗ ਨਾਲ ਠੱਗੀ ਕੀਤੀ ਸੀ ਅਤੇ ਹੁਣ ਅਦਾਲਤ ਵੱਲੋਂ ਸਜ਼ਾ ਮਿਲਣ ਨਾਲ ਉਨ੍ਹਾਂ ਨੂੰ ਇਨਸਾਫ਼ ਮਿਲਿਆ ਹੈ।





## ਏ. ਆਈ. ਤਕਨੀਕ ਦੀ ਦੁਰਵਰਤੋਂ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਵੀਡੀਓ ਦਾ ਸ਼੍ਰੋਮਣੀ ਕਮੇਟੀ ਨੇ ਲਿਆ ਸਖ਼ਤ ਨੋਟਿਸ

**ਅੰਮ੍ਰਿਤਸਰ, 17 ਮਾਰਚ (ਆਵਾਜ਼ਿ ਕੌਮ ਬਿਊਰੋ)**-ਆਰਟੀਫੀਸ਼ਲ ਇੰਟੈਲੀਜੈਂਸ (ਏਆਈ) ਤਕਨੀਕ ਨਾਲ ਵੀਡੀਓ ਬਣਾ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਮਰਯਾਦਾ ਨੂੰ ਠੇਸ ਪਹੁੰਚਾਉਣ ਅਤੇ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨੂੰ ਸੱਟ ਮਾਰਨ ਵਾਲੀਆਂ ਘਟਨਾਵਾਂ ਦੇ ਲਗਾਤਾਰ ਵੱਧ ਰਹੇ ਰੁਝਾਨ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗਹਿਰੀ ਚਿੰਤਾ ਪ੍ਰਗਟਾਈ ਹੈ। ਵੱਖ-ਵੱਖ ਸ਼ੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਅਪਲੋਡ ਹੋਈਆਂ ਵੀਡੀਓ ਸਾਹਮਣੇ ਆਉਣ 'ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਨੂੰ ਗੰਭੀਰਤਾ ਨਾਲ ਲੈਂਦਿਆਂ ਸਬੰਧਤ ਖਾਤਿਆਂ ਅਤੇ ਵਿਅਕਤੀਆਂ ਵਿਰੁੱਧ ਕਾਰਵਾਈ ਦੇ ਨਿਰਦੇਸ਼ ਦਿੱਤੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਆਰਟੀਫੀਸ਼ਲ ਇੰਟੈਲੀਜੈਂਸ ਦੀ ਦੁਰਵਰਤੋਂ ਨਾਲ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਗਹਿਰੀ ਸੱਟ ਵੱਜ ਰਹੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਅਜਿਹੇ ਮਾਮਲਿਆਂ ਦੀ ਗੰਭੀਰਤਾ ਨੂੰ ਲੈ ਕੇ ਸੰਜੀਦਾ ਪਹੁੰਚ ਅਪਨਾ ਰਹੀ ਹੈ ਅਤੇ ਏਆਈ ਖੇਤਰ ਦੇ ਮਾਹਿਰਾਂ ਦੇ ਸਹਿਯੋਗ ਨਾਲ ਇਸ ਨੂੰ ਰੋਕਣ ਲਈ ਯਤਨਸ਼ੀਲ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਿੱਖਾਂ ਦਾ ਕੇਂਦਰੀ ਅਸਥਾਨ ਹੈ, ਜਿਥੋਂ ਸਮੁੱਚੀ ਮਨੁੱਖਤਾ ਨੂੰ ਸਰਬ ਸਾਂਝੀਵਾਲਤਾ ਦਾ ਉਪਦੇਸ਼ ਮਿਲਦਾ ਹੈ। ਕੁਝ ਲੋਕਾਂ ਵੱਲੋਂ ਇਸ ਪਾਵਨ ਅਸਥਾਨ ਦੀਆਂ ਗ.ਲਤ ਤਰੀਕੇ ਨਾਲ ਵੀਡੀਓ ਬਣਾ ਕੇ ਸਿੱਖਾਂ ਦੀਆਂ ਭਾਵਨਾਵਾਂ ਨੂੰ ਸੱਟ ਮਾਰੀ ਜਾ ਰਹੀ ਹੈ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਹ ਬੇਹੱਦ ਗੰਭੀਰ ਮਾਮਲਾ ਹੈ, ਜਿਸ ਪ੍ਰਤੀ ਸਰਕਾਰ ਨੂੰ ਵੀ ਸੰਜੀਦਾ ਪਹੁੰਚ ਅਪਨਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੋਸ਼ੀਆਂ 'ਤੇ ਸਖ਼ਤ ਕਾਰਵਾਈ ਯਕੀਨੀ ਬਣਾਏ, ਤਾਂ ਜੋ ਕੋਈ ਵੀ ਅਜਿਹੀ ਹਰਕਤ ਨਾ ਕਰੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੀ ਕਿਸੇ ਵੀ ਵੀਡੀਓ ਨੂੰ ਅੱਗੇ ਸੇਅਰ ਨਾ ਕਰਨ, ਜਿਸ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪੁੱਜਦੀ ਹੋਵੇ।



ਨਵੀਂ ਦਿੱਲੀ ਦਿੱਲੀ ਅਕਾਲੀ ਮੁਖੀ ਪਰਮਜੀਤ ਸਿੰਘ ਸਰਨਾ ਨੇ ਸਿੱਖ ਕੌਮ ਨੂੰ ਅਪੀਲ ਕੀਤੀ ਹੈ ਕਿ ਉਹ ਸ੍ਰੀ ਦਰਬਾਰ ਸਾਹਿਬ ਨੂੰ ਦਰਸਾਉਂਦੀਆਂ ਏਆਈ ਨਾਲ ਬਣੀਆਂ ਵੀਡੀਓਆਂ ਨੂੰ, ਭਾਵੇਂ ਅਣਜਾਣੇ ਵਿੱਚ ਹੀ, ਨਾ ਸਾਂਝਾ ਕਰਨ ਅਤੇ ਨਾ ਹੀ ਵਧਾਵਾ ਦੇਣ। ਉਨ੍ਹਾਂ ਕਿਹਾ ਕਿ ਹਰਮੀਤ ਸ਼ਾਹ ਸਿੰਘ ਨਾਲ ਗੱਲਬਾਤ ਤੋਂ ਬਾਅਦ, ਜੋ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਨਿਯੁਕਤ ਏਆਈ ਉਪ-ਕਮੇਟੀ ਦੇ ਮੈਂਬਰ ਹਨ ਅਤੇ ਕ੍ਰਿਤ੍ਰਿਮ ਬੁੱਧੀ ਦੇ ਪ੍ਰਭਾਵਾਂ ਦਾ ਗਹਿਰਾਈ ਨਾਲ ਅਧਿਐਨ ਕਰਦੇ ਹਨ, ਖਤਰੇ ਸਪਸ਼ਟ ਹਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਵੀਡੀਓ ਸਮੱਗਰੀ ਕੌਮ ਤੋਂ ਸੰਜਮ ਅਤੇ ਜ਼ਿੰਮੇਵਾਰੀ ਦੀ ਮੰਗ ਕਰਦੀ ਹੈ। ਸਰਨਾ ਨੇ ਜ਼ੋਰ ਦੇ ਕੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰਤਾ ਨੂੰ ਕਿਸੇ ਵੀ ਤਰ੍ਹਾਂ ਦੀ ਵਿਗਾੜ ਲਈ, ਚਾਹੇ ਉਹ ਸੁਖਮ ਹੋਵੇ ਜਾਂ ਅਣਇੱਛਤ, ਖੁੱਲ੍ਹਾ ਨਹੀਂ ਛੱਡਿਆ ਜਾ ਸਕਦਾ। ਪਰ ਤੇਜ਼ੀ ਨਾਲ ਬਦਲ ਰਹੇ ਡਿਜਿਟਲ ਮਾਹੌਲ ਵਿੱਚ, ਇਸ ਤਰ੍ਹਾ ਦੇ ਸਿੰਥੈਟਿਕ ਵਿਡੀਓਆਂ ਨੂੰ ਸਿੱਖਾਂ ਵੱਲੋਂ ਹੀ ਸਾਂਝਾ ਕਰਨਾ ਵੀ ਗਲਤ ਪੇਸ਼ਕਾਰੀ ਨੂੰ ਆਮ ਬਣਾਉਣ ਵਿੱਚ ਹਿੱਸਾ ਪਾ ਸਕਦਾ ਹੈ। ਉਨ੍ਹਾਂ ਹੋਰ ਕਿਹਾ ਕਿ ਕੌਮ ਨੂੰ ਨਵੀਆਂ ਤਕਨੀਕਾਂ ਵੱਲ ਹੋਰ ਸੋਚ-ਵਿਚਾਰ ਨਾਲ ਪੇਸ਼ ਆਉਣਾ ਹੋਵੇਗਾ, ਇਹ ਸਮਝਦੇ ਹੋਏ ਕਿ ਇਸਦੇ ਨਤੀਜੇ ਸਿਰਫ਼ ਕ੍ਰਿਤ੍ਰਿਮ ਵੀਡੀਓਆਂ ਤੱਕ ਸੀਮਿਤ ਨਹੀਂ।

## ਲੰਦਨ 'ਚ ਸਿੱਖ ਤੇ ਪਾਕਿਸਤਾਨੀਆਂ ਵਿਚਾਲੇ ਵਿਵਾਦ, ਪੰਜਾਬੀ ਹੋਟਲ ਮਾਲਕ 'ਤੇ 100 ਲੋਕਾਂ ਨੇ ਕੀਤਾ ਹਮਲਾ



**ਲੰਡਨ, 17 ਮਾਰਚ (ਆਵਾਜ਼ਿ ਕੌਮ ਬਿਊਰੋ)**-ਲੰਡਨ ਦੇ ਹਾਈ-ਪ੍ਰੋਫਾਈਲ ਹੈਮਰਸਮਿਥ ਇਲਾਕੇ ਵਿੱਚ ਇੱਕ ਪੰਜਾਬੀ ਰੈਸਟੋਰੈਂਟ ਮਾਲਕ ਅਤੇ ਪਾਕਿਸਤਾਨੀ ਮੁਸਲਮਾਨਾਂ ਵਿਚਕਾਰ ਹਲਾਲ ਮੀਟ ਨੂੰ ਲੈ ਕੇ ਝਗੜਾ ਹੋ ਗਿਆ। ਹਰਮਨ ਕਪੂਰ, ਜੋ 16 ਸਾਲਾਂ ਤੋਂ ਰੈਸਟੋਰੈਂਟ ਚਲਾ ਰਹੇ ਹਨ, ਨੇ ਕਿਹਾ ਕਿ 100 ਪਾਕਿਸਤਾਨੀਆਂ ਦੇ ਇੱਕ ਸਮੂਹ ਨੇ ਉਸ 'ਤੇ ਹਮਲਾ ਕਰ ਦਿੱਤਾ, ਜਦੋਂ ਉਸਨੇ ਹਲਾਲ ਮੀਟ ਵੇਚਣ ਤੋਂ ਇਨਕਾਰ ਕਰ ਦਿੱਤਾ। ਹਰਮਨ ਦੇ ਅਨੁਸਾਰ, ਵਿਵਾਦ ਉਦੋਂ ਸ਼ੁਰੂ ਹੋਇਆ, ਜਦੋਂ ਉਸਨੇ 14 ਮਾਰਚ ਨੂੰ ਆਪਣੇ ਰੈਸਟੋਰੈਂਟ ਵਿੱਚ ਇੱਕ ਬੋਰਡ ਲਗਾਇਆ, ਜਿਸ ਵਿੱਚ ਸਪੱਸ਼ਟ ਤੌਰ 'ਤੇ ਲਿਖਿਆ ਗਿਆ ਸੀ ਕਿ ਉਸਦੇ 'ਰੰਗਰੇਜ਼ ਰੈਸਟੋਰੈਂਟ ਵਿੱਚ ਹਲਾਲ ਮਾਸ' ਉਪਲਬਧ ਨਹੀਂ ਹੋਵੇਗਾ। ਉਸਨੇ ਕਿਹਾ, "ਮੈਨੂੰ ਹਲਾਲ ਮਾਸ ਵੇਚਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਮੈਨੂੰ ਆਪਣੇ ਕਾਰੋਬਾਰ ਨੂੰ ਬਚਾਉਣ ਲਈ ਦੁਨੀਆ ਭਰ ਦੇ ਸਿੱਖਾਂ ਤੋਂ ਮਦਦ ਮੰਗਣੀ ਪੈ ਰਹੀ ਹੈ।"



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਨਗਰ ਕੀਰਤਨ ਐਤਵਾਰ 29 ਮਾਰਚ ਨੂੰ

**ਨਗਰ ਕੀਰਤਨ ਦਾ ਸਮਾਂ : 12 ਵਜੇ ਅਰੰਭਤਾ ਅਤੇ 5 ਵਜੇ ਸਮਾਪਤੀ ਹੋਵੇਗੀ। ਹੋਲੇ ਮਹੱਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।**

**ਸ਼ਨਿੱਚਰਵਾਰ 28 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 29 ਮਾਰਚ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ।

ਢਾਡੀ ਜਥਾ, ਰਾਗੀ ਜਥਾ , ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਤਰਾਂ-ਤਰਾਂ ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾਂ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
ਦਮਦਮੀ ਟਕਸਾਲ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਅਧਿਆਪਕਾਂ ਦੇ ਸਨਮਾਨ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ "ਗਿਆਨ ਜੋਤਿ" ਸਮਾਰੋਹ ਆਯੋਜਿਤ

**ਤਲਵੰਡੀ ਸਾਬੋ, 17 ਮਾਰਚ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਵਿੱਦਿਆ ਤੇ ਕਲਾ ਦੇ ਪਸਾਰ ਲਈ ਯਤਨਸ਼ੀਲ ਸ਼ਖਸੀਅਤਾਂ,ਅਧਿਆਪਕਾਂ ਅਤੇ ਕਲਾਕਾਰਾਂ ਦੇ ਸਨਮਾਨ ਲਈ "ਗਿਆਨ ਜੋਤਿ" ਸਮਾਰੋਹ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਮੌਕੇ ਚਾਂਸਲਰ ਗੁਰਲਾਭ ਸਿੰਘ ਸਿੱਧੂ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ ਜਦਕਿ ਕਾਰਜਕਾਰੀ ਉਪ-ਕੁਲਪਤੀ ਪ੍ਰੋ.(ਡਾ.) ਜਗਤਾਰ ਸਿੰਘ ਧੀਮਾਨ ਅਤੇ ਸਿਵਿਲ ਸਰਵਿਸ ਪ੍ਰੀਖਿਆ 2026 ਵਿੱਚ 136ਵਾਂ ਸਥਾਨ ਹਾਸਿਲ ਕਰਨ ਵਾਲੀ ਬੀਬਾ ਮਨਪ੍ਰੀਤ ਕੌਰ ਨੇ ਸਨਮਾਨਿਤ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਰੋਹ ਵਿੱਚ ਪ੍ਰੋ.ਵਾਈਸ ਚਾਂਸਲਰ ਡਾ.ਪੀਯੂਸ਼ ਵਰਮਾ, ਡੀਨ ਅਕਾਦਮਿਕ ਡਾ. ਜਾਵੇਦ ਅਹਿਮਦ ਖਾਨ ਵੱਖ-ਵੱਖ ਵਿਭਾਗਾਂ ਦੇ ਡੀਨ, 50 ਤੋਂ ਵੱਧ ਸਕੂਲਾਂ ਦੇ ਪ੍ਰਬੰਧਕੀ ਮੈਬਰਾਂ, ਵੱਖ-ਵੱਖ ਵਿੱਦਿਅਕ ਸੰਸਥਾਵਾਂ ਦੇ ਪ੍ਰਿੰਸੀਪਲ ਅਤੇ ਲਗਭਗ 300 ਅਧਿਆਪਕਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਮੁੱਖ ਮਹਿਮਾਨ ਚਾਂਸਲਰ ਸਿੱਧੂ ਨੇ ਕਿਹਾ ਕਿ ਸਿੱਖਿਆ ਵਿੱਚ ਆ ਰਹੇ ਬਦਲਾਵਾਂ ਕਾਰਨ ਸਾਨੂੰ ਵਿਦਿਆਰਥੀਆਂ ਨੂੰ ਆਧੁਨਿਕ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖਿਆ ਪੱਧਤੀਆਂ ਨਾਲ ਜੋੜਨਾ ਪਵੇਗਾ ਤੇ ਉਹਨਾਂ ਨਾਲ ਸੰਵਾਦ ਸਥਾਪਿਤ ਕਰਨਾ ਹੋਵੇਗਾ, ਉਹਨਾਂ ਕਿਹਾ ਕਿ ਜੀ.ਕੇ.ਯੂ ਸਰਬੱਤ ਦੇ ਭਲੇ ਦੀ ਸੋਚ ਨੂੰ ਸਮਰਪਿਤ ਹੈ। ਇਥੇ 17 ਦੇਸ਼ਾਂ ਅਤੇ ਭਾਰਤ ਦੇ 22 ਰਾਜਾਂ ਦੇ ਵਿਦਿਆਰਥੀ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਦੁਨਿਆਵੀ ਸਿੱਖਿਆ "ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ" ਵੀ ਹਾਸਿਲ ਕਰ ਰਹੇ ਹਨ ਅਤੇ ਇਸ ਨੂੰ ਅਸਲ ਜ਼ਿੰਦਗੀ ਵਿੱਚ ਵੀ ਢਾਲ ਰਹੇ ਹਨ। ਉਹਨਾਂ ਮਾਨਸਾ ਦੀ ਧੀ ਮਨਪ੍ਰੀਤ ਕੌਰ ਜਿਸਨੇ ਸਿਵਲ ਸਰਵਿਸ ਵਿੱਚ ਕਾਮਯਾਬੀ ਪ੍ਰਾਪਤ ਕੀਤੀ ਹੈ, ਦੀ ਉਦਾਹਰਨ ਦਿੰਦਿਆਂ ਕਿਹਾ ਪ੍ਰਾਪਤੀਆਂ ਨਿੱਜ ਉਦੱਮ ਦੇ ਲੱਗਣ ਨਾਲ ਹੁੰਦੀਆਂ ਹਨ ਨਾ ਕਿ ਪਰਿਵਾਰਿਕ ਅਮੀਰੀ ਜਾਂ ਇਲਾਕੇ ਦੀ ਖੁਸ਼ਹਾਲੀ ਨਾਲ। ਵਾਈਸ ਚਾਂਸਲਰ ਡਾ.ਧੀਮਾਨ ਨੇ "ਗਿਆਨ ਜੋਤਿ" ਸਮਾਰੋਹ ਦੀ ਮਹੱਤਤਾ ਅਤੇ ਮਕਸਦ ਦੀ ਗੱਲ ਕਰਦਿਆਂ ਕਿਹਾ ਕਿ ਦੇਸ਼ ਅਤੇ ਨਿੱਗਰ ਸਮਾਜ ਦੇ ਨਿਰਮਾਣ ਵਿੱਚ ਅਧਿਆਪਕਾਂ ਦਾ ਵੱਡਾ ਯੋਗਦਾਨ ਹੁੰਦਾ ਹੈ, ਕਿਉਂਕਿ ਦੇਸ਼ ਦਾ ਭਵਿੱਖ ਨੌਜਵਾਨ ਵਰਗ ਇਹਨਾਂ ਤੋਂ ਸਿੱਖਿਆ ਹਾਸਿਲ ਕਰਦਾ ਹੈ। ਉਹਨਾਂ ਕਿਹਾ ਕਿ ਅਧਿਆਪਕ ਵਿਦਿਆਰਥੀਆਂ ਨੂੰ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਨੈਤਿਕ ਸਿੱਖਿਆ ਵੀ ਦਿੰਦੇ ਹਨ। ਉਹਨਾਂ ਵਰਸਿਟੀ ਵੱਲੋਂ ਹਰ ਖੇਤਰ ਵਿੱਚ ਕੀਤੀਆਂ ਪ੍ਰਾਪਤੀਆਂ ਬਾਰੇ ਵੀ ਚਾਨਣਾ ਪਾਇਆ। ਉਹਨਾਂ ਕਿਹਾ ਕਿ ਦੁਨੀਆਂ ਵਿੱਚ ਗਿਆਨ ਜੋਤ ਨੂੰ ਪ੍ਰਜਵਲਤ ਰੱਖਣ ਵਿੱਚ ਅਧਿਆਪਕਾਂ ਦਾ ਵਿਸ਼ੇਸ਼ ਯੋਗਦਾਨ ਹੁੰਦਾ ਹੈ। ਬੀਬਾ ਮਨਪ੍ਰੀਤ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਲਗਨ ਅਤੇ ਮਿਹਨਤ ਨਾਲ ਕੋਈ ਵੀ ਮੁਕਾਮ ਹਾਸਿਲ ਕੀਤਾ ਜਾ ਸਕਦਾ ਹੈ। ਇਸ ਮੌਕੇ ਆਯੋਜਕਾਂ ਵੱਲੋ ਮਨਪ੍ਰੀਤ ਕੌਰ ਅਤੇ ਉਹਨਾਂ ਦੇ ਮਾਪਿਆਂ ਦਾ ਵੀ ਵਿਸ਼ੇਸ਼ ਸਨਮਾਨ ਕੀਤਾ ਗਿਆ। ਡਾ. ਵਰਮਾ ਨੇ ਸਕਿਲ ਐਜੂਕੇਸ਼ਨ ਦੀ ਮਹੱਤਤਾ ਅਤੇ ਡਾ.ਅਹਿਮਦ ਨੇ ਯੂਨੀਵਰਸਿਟੀ ਦੇ ਆਕਦਮਿਕ ਕਾਰਜਾਂ ਅਤੇ ਵੱਖ-ਵੱਖ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ। ਸਮਾਰੋਹ ਵਿੱਚ ਡਾਇਰੈਕਟਰ ਦਾਖ਼ਲੇ ਡਾ. ਗੁਰਪ੍ਰੀਤ ਸਿੰਘ ਨੇ ਵਰਸਿਟੀ ਵਿਖੇ ਵਿਦਿਆਰਥੀਆਂ ਨੂੰ ਦਿੱਤੇ ਜਾਣ ਵਾਲੇ ਵਜ਼ੀਫਿਆਂ ਅਤੇ ਚੱਲ ਰਹੇ ਪ੍ਰੋਗਰਾਮਾਂ ਬਾਰੇ ਵਿਸਥਾਰ ਪੂਰਵਕ ਦੱਸਿਆ। ਇਸ ਮੌਕੇ ਡਾਇਰੈਕਟਰ ਯੁਵਾ ਅਤੇ ਸੱਭਿਆਚਾਰਕ ਮਾਮਲੇ ਡਾ.ਕੰਵਲਜੀਤ ਕੌਰ ਦੇ ਨਿਰਦੇਸ਼ਨ ਹੇਠ ਪੇਸ਼ ਕੀਤੇ ਰੰਗਾਂ-ਰੰਗ ਪ੍ਰੋਗਰਾਮ ਨੇ ਦਰਸ਼ਕਾਂ ਦੀ ਖ਼ੂਬ ਵਾਹ-ਵਾਹ ਖੱਟੀ। ਪ੍ਰੋਗਰਾਮ ਵਿੱਚ ਦੇਸ਼ ਦੇ ਸਮੁੱਚੇ ਪ੍ਰਦੇਸ਼ਾਂ ਦੀਆਂ ਸਭਿਆਚਾਰਕ ਵੰਨਗੀਆਂ ਪੇਸ਼ ਕੀਤੀਆਂ ਗਈਆਂ। ਵਿਸ਼ੇਸ਼ ਤੌਰ 'ਤੇ ਪੰਜਾਬੀ ਲੋਕ-ਨਾਚ ਭੰਗੜੇ ਦੇ ਕਲਾਕਾਰਾਂ ਨੇ ਹਾਜ਼ਰ ਲੋਕਾਂ ਨੂੰ ਤਾੜੀਆਂ ਮਾਰਨ ਲਈ ਮਜ਼ਬੂਰ ਕੀਤਾ। ਰੰਗਾਂ-ਰੰਗ ਪ੍ਰੋਗਰਾਮ ਵਰਸਿਟੀ ਦੇ ਮੰਚ ਤੇ ਅਨੇਕਤਾ ਵਿੱਚ ਏਕਤਾ ਦੀ ਮਿਸਾਲ ਪੇਸ਼ ਕਰ ਰਿਹਾ ਸੀ। ਆਯੋਜਕਾਂ ਵੱਲੋਂ ਸਿੱਖਿਆ ਅਦਾਰਿਆਂ ਦੇ ਪ੍ਰਬੰਧਕਾਂ, ਪ੍ਰਿੰਸੀਪਲਾਂ ਅਤੇ ਹਾਜ਼ਰ ਅਧਿਆਪਕਾਂ ਨੂੰ ਸਰਟੀਫਿਕੇਟ ਅਤੇ ਸਮ੍ਰਿਤੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ। ਮੰਚ ਸੰਚਾਲਨ ਦੀ ਭੂਮਿਕਾ ਡਿਪਟੀ ਡਾਇਰੈਕਟਰ ਲੋਕ-ਸੰਪਰਕ ਲਵਲੀਨ ਸਚਦੇਵਾ ਅਤੇ ਮੈਡਮ ਜੀਨੀਅਸ ਵਾਲੀਆ ਨੇ ਬਾਖ਼ੂਬੀ ਨਿਭਾਈ।










Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਹਠੂਰ 'ਚ 10ਵਾਂ ਵਿਰਸਾ ਸੰਭਾਲ ਗੱਤਕਾ ਮੁਕਾਬਲਾ 29 ਮਾਰਚ ਨੂੰ

# ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਪਤਿਤਪੁਣੇ ਤੋਂ ਬਚਾਉਣ ਲਈ ਉਪਰਾਲੇ -ਜਥੇਦਾਰ ਹਰਪ੍ਰੀਤ ਸਿੰਘ ਖਾਲਸਾ





ਹਠੂਰ/ਜਗਰਾਉਂ -(ਵਰਿਆਮ ਹਠੂਰ) ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਅਤੇ 20ਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਅਤੇ ਖਾਲਸੇ ਦੇ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ, ਇਤਿਹਾਸਕ ਕਸਬਾ ਹਠੂਰ ਦੀ ਭਾਗਾਂ ਭਰੀ ਧਰਤੀ ਤੇ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਵੱਲੋਂ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਐੱਨ ਆਰ ਆਈ ਵੀਰਾਂ, ਕੈਲੇਫੋਰਨੀਆਂ ਗੱਤਕਾ ਦਲ ਮਿਸਲ ਮੈਟੋਰੀਅਲ ਅਤੇ ਵੀਰ ਗੁਰਜਿੰਦਰ ਸਿੰਘ ਯੂ. ਐੱਸ. ਏ. ਦੇ ਸਹਿਯੋਗ ਸਦਕਾ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਪਤਿਤਪੁਣੇ ਤੋਂ ਬਚਾਉਣ ਲਈ 10ਵਾਂ ਵਿਰਸਾ ਸੰਭਾਲ ਗੱਤਕਾ ਮੁਕਾਬਲਾ 29 ਮਾਰਚ 2026 ਨੂੰ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਵਿਖੇ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਖਾਲਸਾ ਨੇ ਕਿਹਾ ਕਿ ਗੱਤਕੇ ਦੇ ਮੁਕਾਬਲੇ ਵਿੱਚ ਪੰਜਾਬ ਦੇ ਲੜਕੇ ਅਤੇ ਲੜਕੀਆਂ ਦੀਆਂ ਟੀਮਾਂ ਗੱਤਕੇ ਦੇ ਜੌਹਰ ਵਿਖਾਉਣਗੀਆਂ, ਜੱਜਮੈਂਟ ਉਪਰੰਤ ਮੁਕਾਬਲੇ ਵਿੱਚ ਜੇਤੂ ਟੀਮਾਂ ਨੂੰ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਜਾਵੇਗਾ, ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ ਨੇ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਅਤੇ ਪਤਿਤਪੁਣੇ ਤੋਂ ਬਚਾਉਣ ਲਈ ਅਜਿਹੇ ਉਪਰਾਲੇ ਸਾਡੇ ਵੱਲੋਂ ਲਗਾਤਾਰ ਕੀਤੇ ਜਾ ਰਹੇ ਹਨ। ਨੌਜਵਾਨਾਂ ਨੂੰ ਵਿਸ਼ੇਸ਼ ਤੌਰ ਤੇ ਗੱਤਕੇ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ। ਬੱਚਿਆਂ ਨੂੰ ਬਾਣੀ ਅਤੇ ਬਾਣੇ ਦੇ ਧਾਰਨੀ ਬਣਾਉਣ ਲਈ ਗੁਰਮਤਿ ਦੀਆਂ ਕਲਾਸਾਂ ਲਗਾਈਆਂ ਜਾਂਦੀਆਂ ਹਨ। ਬੱਚੇ ਜਿੱਥੇ ਕੀਰਤਨ ਦੀ ਸਿਖਲਾਈ ਲੈਂਦੇ ਹਨ ਉੱਥੇ ਗੁਰਬਾਣੀ ਕੰਠ ਅਤੇ ਲੰਬੇ ਕੇਸ ਰੱਖਣ ਵਿੱਚ ਵੀ ਰੁਚੀ ਰੱਖਦੇ ਹਨ। ਅੰਤ ਵਿੱਚ ਉਨ੍ਹਾਂ ਕਿਹਾ ਕਿ ਹੋ ਰਹੇ ਗੱਤਕਾ ਮੁਕਾਬਲੇ ਵਿੱਚ ਵੱਧ ਤੋਂ ਵੱਧ ਗੁਰਸੰਗਤਾਂ ਹਾਜ਼ਰੀਆਂ ਭਰਨ, ਤੇ ਗੱਤਕਾ ਮੁਕਾਬਲੇ ਵਿੱਚ ਗੱਤਕੇ ਦੇ ਜੌਹਰ ਵੇਖਣ।

# ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ, ਵੈਰੋ ਨੰਗਲ ਵਿੱਚ ਸ਼ਾਨਦਾਰ ਨਤੀਜਾ



**ਚੌਕ ਮਹਿਤਾ,,16 ਮਾਰਚ,( ਬਾਬਾ ਸੁਖਵੰਤ ਸਿੰਘ ਚੰਨਣਕੇ)**-ਵੈਰੋ ਨੰਗਲ: ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ, ਵੈਰੋ ਨੰਗਲ ਦੇ ਵਿਦਿਆਰਥੀਆਂ ਨੇ Divinity Satnam Sarab Kalyan Trust ਦੇ ਇਮਤਿਹਾਨ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ। ਇਸ ਨਤੀਜੇ ਨੇ ਸਕੂਲ ਦੇ ਅਧਿਆਪਕਾਂ, ਮਾਪਿਆਂ ਅਤੇ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਪੈਦਾ ਕਰ ਦਿੱਤੀ ਹੈ। ਸਕੂਲ ਦੇ ਹੋਨਹਾਰ ਵਿਦਿਆਰਥੀਆਂ ਨੇ ਉੱਚ ਅੰਕ ਹਾਸਲ ਕਰਕੇ ਆਪਣੀ ਮਿਹਨਤ ਅਤੇ ਲਗਨ ਦਾ ਸਬੂਤ ਦਿੱਤਾ। ਪ੍ਰਿੰਸੀਪਲ ਅਤੇ ਸਟਾਫ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਨਤੀਜੇ ਉਨ੍ਹਾਂ ਦੀ ਨਿਰੰਤਰ ਮਿਹਨਤ ਅਤੇ ਅਧਿਆਪਕਾਂ ਦੀ ਸਹੀ ਮਾਰਗਦਰਸ਼ਨ ਦਾ ਨਤੀਜਾ ਹਨ। ਇਸ ਮੌਕੇ 'ਤੇ ਸਕੂਲ ਪ੍ਰਬੰਧਕ ਕਮੇਟੀ ਨੇ ਵੀ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਭਵਿੱਖ ਵਿੱਚ ਹੋਰ ਉੱਚੇ ਲਕਸ਼ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਮਾਪਿਆਂ ਨੇ ਵੀ ਸਕੂਲ ਦੀ ਸਿੱਖਿਆ ਪ੍ਰਣਾਲੀ ਦੀ ਸਰਾਹਨਾ ਕੀਤੀ। ਇਹ ਨਤੀਜੇ ਸਾਬਤ ਕਰਦੇ ਹਨ ਕਿ ਸ਼੍ਰੀ ਗੁਰੂ ਹਰਿਗੋਬਿੰਦ ਪਬਲਿਕ ਸਕੂਲ, ਵੈਰੋ ਨੰਗਲ ਸਿੱਖਿਆ ਦੇ ਖੇਤਰ ਵਿੱਚ ਨਿੱਤ ਨਵੀਆਂ ਉਚਾਈਆਂ ਛੂਹ ਰਿਹਾ ਹੈ।

# ਮਾਨ ਸਰਕਾਰ ਵੱਲੋਂ ਪੂਰੇ ਕੀਤੇ ਵਾਅਦਿਆਂ ਕਾਰਨ ਵਿਰੋਧੀ ਧਿਰਾਂ 'ਚ ਬੁਖਲਾਹਟ : ਚੇਅਰਮੈਨ ਹਰਜਿੰਦਰ ਰੰਧਾਵਾ ਜਲਾਲ ਉਸਮਾ



**ਚੌਕ ਮਹਿਤਾ, 16 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਚੇਅਰਮੈਨ ਹਰਜਿੰਦਰ ਰੰਧਾਵਾ ਜਲਾਲ ਉਸ਼ਮਾ ਨੇ ਗੱਲਬਾਤ ਦੌਰਾਨ ਦੱਸਿਆ ਕਿ ਮਾਨ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਜਨਤਾ ਨਾਲ ਕੀਤੇ ਹੋਏ ਵਾਅਦੇ ਇੱਕ-ਇੱਕ ਕਰਕੇ ਪੂਰੇ ਕੀਤੇ ਜਾ ਰਹੇ ਹਨ। ਚੈਅਰਮੈਨ ਹਰਜਿੰਦਰ ਰੰਧਾਵਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਇੱਕ ਅਜਿਹੀ ਸਰਕਾਰ ਹੈ, ਜਿਸ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਹਰ ਘਰ ਵਿੱਚ 600 ਯੂਨਿਟ ਬਿਨਾਂ ਕਿਸੇ ਸ਼ਰਤ ਮੁਫਤ, ਪੂਰੇ ਪੰਜਾਬ ਵਿੱਚ ਵਿਛਾਏ ਸੜਕਾਂ ਦੇ ਜਾਲ, ਨਹਿਰੀ ਪਾਣੀ ਨੂੰ ਖੇਤਾਂ ਤੱਕ ਪਹੁੰਚਾਉਣਾ, ਤੀਰਥ ਯਾਤਰਾ, ਆਮ ਆਦਮੀ ਕਲੀਨਿਕ, ਸਿੱਖਿਆ ਤੇ ਉਦਯੋਗਿਕ, ਖੇਤਰ ਵਿੱਚ ਆਈ ਕ੍ਰਾਂਤੀ, ਔਰਤਾਂ ਨੂੰ ਪ੍ਰਤੀ ਮਹੀਨਾ 1000 ਤੇ 1500 ਰੁਪਏ ਤੇ ਇਸ ਦੇ ਨਾਲ ਹੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਦਾ ਸਿਹਤ ਬੀਮਾ ਜੋ ਕਿ ਪੰਜਾਬ ਦੇ ਹਰ ਨਾਗਰਿਕ ਨੂੰ ਬਿਲਕੁਲ ਮੁਫਤ ਦਿੱਤਾ ਗਿਆ ਹੈ ਉਨ੍ਹਾਂ ਕਿਹਾ ਕਿ ਸਾਰੇ ਹੀ ਵਾਅਦੇ ਪੂਰੇ ਹੋਣ ਉਪਰ ਵਿਰੋਧੀ ਧਿਰਾਂ ਵਿੱਚ ਬੁਖਲਾਹਟ ਪਾਈ ਜਾ ਰਹੀ ਹੈ। ਗੱਲਬਾਤ ਦੌਰਾਨ ਚੇਅਰਮੈਨ ਹਰਜਿੰਦਰ ਰੰਧਾਵਾ ਨੇ ਕਿਹਾ ਕਿ 2027 ਵਿੱਚ ਆਮ ਆਦਮੀ ਪਾਰਟੀ ਆਪਣੇ ਕੰਮਾਂ ਤੇ ਜਨਤਾ ਨਾਲ ਕੀਤੇ ਵਾਅਦਿਆਂ ਦੀ ਪੂਰਤੀ ਦੇ ਦਮ ਉਪਰ ਪੰਜਾਬ ਵਿੱਚ ਮੁੜ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਵੇਗੀ

# ਐਲਪੀਜੀ ਸਿਲੰਡਰਾਂ ਦੀ ਘਾਟ: ਸਦਰ ਬਾਜ਼ਾਰ ਵਿੱਚ ਮਜ਼ਦੂਰਾਂ ਨੂੰ ਕਰਨਾ ਪੈ ਰਿਹਾ ਹੈ ਭੋਜਨ ਸੰਕਟ ਦਾ ਸਾਹਮਣਾ: ਪੰਮਾ



**ਨਵੀਂ ਦਿੱਲੀ, 17 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:-ਸਦਰ ਬਾਜ਼ਾਰ ਬਾਰੀ ਮਾਰਕੀਟ ਵਪਾਰੀ ਐਸੋਸੀਏਸ਼ਨ ਦੇ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਸਦਰ ਬਾਜ਼ਾਰ ਖੇਤਰ ਵਿੱਚ ਐਲਪੀਜੀ ਸਿਲੰਡਰਾਂ ਦੀ ਘਾਟ ਨੇ ਮਜ਼ਦੂਰਾਂ ਲਈ ਇੱਕ ਗੰਭੀਰ ਭੋਜਨ ਸੰਕਟ ਪੈਦਾ ਕਰ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਇੱਕ ਪਾਸੇ, ਗੈਸ ਸਿਲੰਡਰਾਂ ਦੀ ਘਾਟ ਕਾਰਨ ਬਹੁਤ ਸਾਰੇ ਢਾਬੇ ਅਤੇ ਛੋਟੇ ਖਾਣ-ਪੀਣ ਵਾਲੇ ਸਥਾਨ ਬੰਦ ਹੋ ਰਹੇ ਹਨ, ਜਦੋਂ ਕਿ ਦੂਜੇ ਪਾਸੇ, ਜਿੱਥੇ ਭੋਜਨ ਉਪਲਬਧ ਹੈ, ਉਨ੍ਹਾਂ ਦੀਆਂ ਕੀਮਤਾਂ ਵਿੱਚ ਕਾਫ਼ੀ ਵਾਧਾ ਹੋਇਆ ਹੈ। ਨਤੀਜੇ ਵਜੋਂ, ਮਜ਼ਦੂਰਾਂ ਨੂੰ ਦੋ ਸਮੇਂ ਦਾ ਖਾਣਾ ਵੀ ਖਰੀਦਣਾ ਮੁਸ਼ਕਲ ਹੋ ਰਿਹਾ ਹੈ। ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਸਦਰ ਬਾਜ਼ਾਰ ਵਿੱਚ ਕੰਮ ਕਰਨ ਵਾਲੇ ਜ਼ਿਆਦਾਤਰ ਮਜ਼ਦੂਰ ਰੋਜ਼ਾਨਾ ਮਜ਼ਦੂਰ ਹਨ। ਕੰਮ ਦਾ ਬੋਝ ਘੱਟ ਹੋਣ ਕਾਰਨ, ਉਨ੍ਹਾਂ ਦੀਆਂ ਤਨਖਾਹਾਂ ਪਹਿਲਾਂ ਹੀ ਘੱਟ ਗਈਆਂ ਹਨ, ਜਿਸ ਨਾਲ ਉਨ੍ਹਾਂ ਲਈ ਮਹਿੰਗਾ ਭੋਜਨ ਖਰੀਦਣਾ ਹੋਰ ਵੀ ਮੁਸ਼ਕਲ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਸਥਿਤੀ ਇੰਨੀ ਮੁਸ਼ਕਲ ਹੋ ਗਈ ਹੈ ਕਿ ਬਹੁਤ ਸਾਰੇ ਮਜ਼ਦੂਰ ਆਪਣੇ ਪਿੰਡਾਂ ਨੂੰ ਵਾਪਸ ਜਾਣ ਲਈ ਮਜਬੂਰ ਹਨ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਜਲਦੀ ਤੋਂ ਜਲਦੀ ਐਲਪੀਜੀ ਗੈਸ ਸਿਲੰਡਰਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਏ ਤਾਂ ਜੋ ਢਾਬੇ ਅਤੇ ਖਾਣ-ਪੀਣ ਵਾਲੇ ਸਥਾਨ ਆਮ ਵਾਂਗ ਕੰਮ ਕਰ ਸਕਣ ਅਤੇ ਮਜ਼ਦੂਰਾਂ ਨੂੰ ਕਿਫਾਇਤੀ ਭੋਜਨ ਮਿਲ ਸਕੇ।

# ਸਰਨਾ ਵੱਲੋਂ ਏਆਈ ਨਾਲ ਬਣੀਆਂ ਦਰਬਾਰ ਸਾਹਿਬ ਦੀਆਂ ਵੀਡੀਓਆਂ ਸਾਂਝੀਆਂ ਕਰਨ 'ਤੇ ਤੁਰੰਤ ਰੋਕ ਦੀ ਅਪੀਲ



ਨਵੀਂ ਦਿੱਲੀ, 17 ਮਾਰਚ (ਮਨਪ੍ਰੀਤ ਸਿੰਘ ਖਾਲਸਾ):— ਦਿੱਲੀ ਅਕਾਲੀ ਮੁਖੀ ਪਰਮਜੀਤ ਸਿੰਘ ਸਰਨਾ ਨੇ ਸਿੱਖ ਕੌਮ ਨੂੰ ਅਪੀਲ ਕੀਤੀ ਹੈ ਕਿ ਉਹ ਸ੍ਰੀ ਦਰਬਾਰ ਸਾਹਿਬ ਨੂੰ ਦਰਸਾਉਂਦੀਆਂ ਏਆਈ ਨਾਲ ਬਣੀਆਂ ਵੀਡੀਓਆਂ ਨੂੰ, ਭਾਵੇਂ ਅਣਜਾਣੇ ਵਿੱਚ ਹੀ, ਨਾ ਸਾਂਝਾ ਕਰਨ ਅਤੇ ਨਾ ਹੀ ਵਧਾਵਾ ਦੇਣ। ਉਨ੍ਹਾਂ ਕਿਹਾ ਕਿ ਹਰਮੀਤ ਸ਼ਾਹ ਸਿੰਘ ਨਾਲ ਗੱਲਬਾਤ ਤੋਂ ਬਾਅਦ, ਜੋ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਨਿਯੁਕਤ ਏਆਈ ਉਪ-ਕਮੇਟੀ ਦੇ ਮੈਂਬਰ ਹਨ ਅਤੇ ਕ੍ਰਿਤ੍ਰਿਮ ਬੁੱਧੀ ਦੇ ਪ੍ਰਭਾਵਾਂ ਦਾ ਗਹਿਰਾਈ ਨਾਲ ਅਧਿਐਨ ਕਰਦੇ ਹਨ, ਖਤਰੇ ਸਪਸ਼ਟ ਹਨ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਵੀਡੀਓ ਸਮੱਗਰੀ ਕੌਮ ਤੋਂ ਸੰਜਮ ਅਤੇ ਜ਼ਿੰਮੇਵਾਰੀ ਦੀ ਮੰਗ ਕਰਦੀ ਹੈ। ਸਰਨਾ ਨੇ ਜ਼ੋਰ ਦੇ ਕੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰਤਾ ਨੂੰ ਕਿਸੇ ਵੀ ਤਰ੍ਹਾਂ ਦੀ ਵਿਗਾੜ ਲਈ, ਚਾਹੇ ਉਹ ਸੁਖਮ ਹੋਵੇ ਜਾਂ ਅਣਇੱਛਤ, ਖੁੱਲ੍ਹਾ ਨਹੀਂ ਛੱਡਿਆ ਜਾ ਸਕਦਾ। ਪਰ ਤੇਜ਼ੀ ਨਾਲ ਬਦਲ ਰਹੇ ਡਿਜਿਟਲ ਮਾਹੌਲ ਵਿੱਚ, ਇਸ ਤਰ੍ਹਾ ਦੇ ਸਿੰਥੈਟਿਕ ਵਿਡੀਓਆਂ ਨੂੰ ਸਿੱਖਾਂ ਵੱਲੋਂ ਹੀ ਸਾਂਝਾ ਕਰਨਾ ਵੀ ਗਲਤ ਪੇਸ਼ਕਾਰੀ ਨੂੰ ਆਮ ਬਣਾਉਣ ਵਿੱਚ ਹਿੱਸਾ ਪਾ ਸਕਦਾ ਹੈ। ਉਨ੍ਹਾਂ ਹੋਰ ਕਿਹਾ ਕਿ ਕੌਮ ਨੂੰ ਨਵੀਆਂ ਤਕਨੀਕਾਂ ਵੱਲ ਹੋਰ ਸੋਚ-ਵਿਚਾਰ ਨਾਲ ਪੇਸ਼ ਆਉਣਾ ਹੋਵੇਗਾ, ਇਹ ਸਮਝਦੇ ਹੋਏ ਕਿ ਇਸਦੇ ਨਤੀਜੇ ਸਿਰਫ਼ ਕ੍ਰਿਤ੍ਰਿਮ ਵੀਡੀਓਆਂ ਤੱਕ ਸੀਮਿਤ ਨਹੀਂ। ਹਰਮੀਤ ਸ਼ਾਹ ਸਿੰਘ ਦੇ ਅਧਿਅਨ ਨੇ ਸਪੱਸ਼ਟ ਕੀਤਾ ਹੈ ਕਿ ਏਆਈ ਦੇ ਮਦਰ ਇੰਜਣ ਜੋ ਕਿ ਬਹੁਤੇ ਸਿਲੀਕਾਨ ਵੈਲੀ ਵਿੱਚ ਹਨ ਸਿੱਖੀ ਔਰ ਗੁਰਬਾਣੀ ਤੇ ਟ੍ਰੇਨ ਨਹੀਂ। ਸ਼੍ਰੋਮਣੀ ਕਮੇਟੀ ਨੂੰ ਵੀ ਗੁਜ਼ਾਰਿਸ਼ ਹੈ ਕਿ ਉਹਨਾਂ ਕੰਪਨੀਆਂ ਜਿਵੇਂ ਕਿ ਓਪਨ ਏਆਈ, ਗੂਗਲ , ਗ੍ਰੋਕ , ਇਤਿਆਦਕ ਨਾਲ ਉਸਾਰੂ ਸਾਂਝ ਦਾ ਆਗਾਜ਼ ਹੋਵੇ।

### ਹਠੂਰ ਦਾ ਸ਼ਾਨਦਾਰ ਪੇਂਡੂ ਖੇਡ ਮੇਲਾ

# ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ











ਹਠੂਰ/ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਵਿਖੇ ਅਜ਼ਾਦ ਸਪੋਰਟਸ ਐਂਡ ਵੈਲਫੇਅਰ ਕਲੱਬ ਵੱਲੋਂ ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ, ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਸਦਕਾ ਕਰਵਾਇਆ ਗਿਆ ਤਿੰਨ ਰੋਜ਼ਾ 18ਵਾਂ ਸ਼ਾਨਦਾਰ ਪੇਂਡੂ ਖੇਡ ਮੇਲਾ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ, ਪੇਂਡੂ ਖੇਡ ਮੇਲੇ ਵਿੱਚ ਵੱਖ ਵੱਖ ਥਾਵਾਂ ਤੋਂ ਪੁੱਜੀਆਂ ਟੀਮਾਂ ਨੇ ਭਾਗ ਲਿਆ, ਅਤੇ ਵੱਖ ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖਸੀਅਤਾਂ ਸਮੇਤ ਖੇਡ ਪ੍ਰੇਮੀਆਂ ਨੇ ਪੇਂਡੂ ਖੇਡ ਮੇਲੇ ਵਿੱਚ ਸ਼ਮੂਲੀਅਤ ਕੀਤੀ, ਵਿਸ਼ੇਸ਼ ਤੌਰ ਤੇ ਐੱਨ ਆਰ ਆਈ ਮਾਣਮੱਤੀ ਸਖਸੀਅਤਾਂ ਨੇ ਵੀ ਖੇਡ ਮੇਲੇ ਦੀ ਰੌਣਕ ਨੂੰ ਵਧਾਇਆ, ਪਹਿਲੇ ਦਿਨ ਖੇਡ ਮੇਲੇ ਦੀ ਸ਼ੁਰੂਆਤ ਤਾੜੀਆਂ ਦੀ ਗੂੰਜ ਵਿੱਚ ਹੋਈ, ਸ਼ਾਨਦਾਰ ਪੇਂਡੂ ਖੇਡ ਮੇਲੇ ਵਿੱਚ ਹਾਕੀ, ਫੁੱਟਬਾਲ, ਬਾਲੀਵਾਲ, ਅਤੇ ਤਾਸ਼ ਸੀਪ ਦੇ ਮੁਕਾਬਲੇ ਕਰਵਾਏ ਗਏ, ਅੱਛੀਆਂ ਅੱਛੀਆਂ ਪੁੱਜੀਆਂ ਟੀਮਾਂ ਨੇ ਆਪਣਾ ਸ਼ਾਨਦਾਰ ਖੇਡ ਪ੍ਰਦਰਸ਼ਨ ਕੀਤਾ, ਹਾਕੀ ਵਿੱਚ ਇਤਿਹਾਸਕ ਕਸਬਾ ਹਠੂਰ ਦੀ ਅਜ਼ਾਦ ਸਪੋਰਟਸ ਕਲੱਬ ਨੇ ਪਹਿਲਾ ਸਥਾਨ ਹਾਸਲ ਕੀਤਾ, ਅਤੇ ਦੂਜੇ ਸਥਾਨ ਤੇ ਪਿੰਡ ਰਣੀਆਂ ਦੀ ਟੀਮ ਰਹੀ, ਇਸੇ ਤਰ੍ਹਾਂ ਫੁੱਟਬਾਲ ਵਿੱਚ ਪਿੰਡ ਕਮਾਲਪੁਰਾ ਦੀ ਟੀਮ ਨੇ ਪਹਿਲੇ ਸਥਾਨ ਤੇ ਕਬਜ਼ਾ ਕੀਤਾ, ਅਤੇ ਦੂਜੇ ਨੰਬਰ ਤੇ ਪਿੰਡ ਘੋਲੀਆ ਦੀ ਟੀਮ ਰਹੀ, ਇਸੇ ਤਰਾਂ ਕ੍ਰਮਵਾਰ ਜੇਤੂ ਟੀਮਾਂ ਨੂੰ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ, ਇਸੇ ਤਰ੍ਹਾਂ ਤਾਸ਼ ਸੀਪ ਵਿੱਚ ਪਹਿਲੇ ਨੰਬਰ ਤੇ ਪਿੰਡ ਹਠੂਰ, ਦੂਜੇ ਨੰਬਰ ਤੇ ਪਿੰਡ ਛੀਨੀਵਾਲ ਕਲਾਂ, ਦੀ ਟੀਮ ਰਹੀ, ਅਜ਼ਾਦ ਸਪੋਰਟਸ ਐਂਡ ਵੈਲਫੇਅਰ ਕਲੱਬ ਦੇ ਪ੍ਰਧਾਨ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਜੇਤੂ ਟੀਮਾਂ ਨੂੰ ਮੁਬਾਰਕਾਂ ਦਿੱਤੀਆਂ ਤੇ ਸਹਿਯੋਗ ਕਰਨ ਵਾਲੀਆਂ ਸਮੂਹ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ, ਤੇ ਪੇਂਡੂ ਖੇਡ ਮੇਲੇ ਵਿੱਚ ਸੇਵਾਵਾਂ ਨਿਭਾਉਣ ਵਾਲੇ ਸੇਵਾਦਾਰਾਂ ਅਤੇ ਨਵੇਂ ਉੱਭਰ ਰਹੇ ਖਿਡਾਰੀਆਂ ਨੂੰ ਵੀ ਅਜ਼ਾਦ ਸਪੋਰਟਸ ਕਲੱਬ ਵੱਲੋਂ ਸਨਮਾਨਿਤ ਕੀਤਾ ਗਿਆ, ਗੱਲਬਾਤ ਕਰਦਿਆਂ ਪ੍ਰਧਾਨ ਅਤੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਗ੍ਰਾਮ ਪੰਚਾਇਤ ਨਗਰ ਨਿਵਾਸੀਆਂ ਅਤੇ ਐੱਨ ਆਰ ਵੀਰਾਂ ਨੇ ਅਜ਼ਾਦ ਸਪੋਰਟਸ ਐਂਡ ਵੈਲਫੇਅਰ ਕਲੱਬ ਨੂੰ ਖੇਡ ਮੇਲਾ ਕਰਵਾਉਣ ਲਈ ਹੌਸਲਾ ਅਤੇ ਸਹਿਯੋਗ ਦਿੱਤਾ, ਅਸੀਂ ਕਲੱਬ ਵੱਲੋਂ ਨਗਰ ਨਿਵਾਸੀਆਂ ਅਤੇ ਸਮੂਹ ਐੱਨ ਆਰ ਵੀਰਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਹਾਂ, ਉਨ੍ਹਾਂ ਅੱਗੇ ਕਿਹਾ ਕਿ ਸਾਡਾ ਖੇਡ ਮੇਲਾ ਕਰਵਾਉਣਾ ਦਾ ਮਕਸਦ ਹੈ ਕਿ ਸਮਾਰਟ ਮੋਬਾਈਲ ਫੋਨਾਂ ਦੇ ਚੱਕਰਵਿਊ ਵਿੱਚ ਫਸਕੇ ਗਰਾਊਂਡਾਂ ਨਾਲੋਂ ਮੋਹ ਖਤਮ ਕਰਦੀ ਜਾ ਰਹੀ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਿਆ ਜਾਵੇ, ਖੇਡਾਂ ਖੇਡਣ ਨਾਲ ਜਿੱਥੇ ਖਿਡਾਰੀਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਵਿੱਚ ਵਾਧਾ ਹੁੰਦਾ ਹੈ। ਉੱਥੇ ਖਿਡਾਰੀ ਪੁਜੀਸ਼ਨਾਂ ਹਾਸਲ ਕਰਕੇ ਅਤੇ ਤਰੱਕੀਆਂ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ ਨਾਲ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕਰਦੇ ਹਨ। ਅੰਤ ਵਿੱਚ ਉਨ੍ਹਾਂ ਵਿਸ਼ੇਸ਼ ਤੌਰ ਨਗਰ ਹਠੂਰ ਲਈ ਐਂਬੂਲੈਂਸ ਦੀ ਸੇਵਾ ਕਰਨ ਵਾਲੇ ਸੁਖਚੈਨ ਸਿੰਘ ਯੂ ਐੱਸ ਏ, ਦੇ ਪਰਿਵਾਰ ਦਾ ਧੰਨਵਾਦ ਕੀਤਾ, ਇਸ ਮੌਕੇ ਕਾਂਗਰਸ ਦੇ ਸੀਨੀਅਰ ਆਗੂ ਸਤਿੰਦਰਪਾਲ ਸਿੰਘ ਕਾਕਾ ਗਰੇਵਾਲ, ਕਾਂਗਰਸੀ ਆਗੂ ਨਵਦੀਪ ਗਰੇਵਾਲ, ਦਰਸਨ ?ਸਿੰਘ ਕਨੇਡਾ ਰਾਮੇ ਵਾਲੇ, ਦੁੱਲਾ ਯੂ ਐੱਸ ਏ, ਤਰਸੇਮ ਸਿੰਘ ਕਨੇਡਾ, ਦੁਰਲੱਭ ਕਨੇਡਾ, ਪਾਲੀ ਕਨੇਡਾ, ਕਾਕਾ ਮੁੱਲਾਂਪੁਰੀਆ, ਹਾਕੀ ਕੋਚ ਪ੍ਰੀਤਮ ਸਿੰਘ, ਛਿੰਦਾ ਉੱਪਲ, ਅਮਨਾ ਵਾਸੀ, ਹਾਕੀ ਕੋਚ ਰੇਸ਼ਮ ਸਿੰਘ ਪਾਲ, ਗਿੱਲ ਕਮਲਜੀਤ ਸਿੰਘ, ਗੁਰਪ੍ਰੀਤ ਸਿੰਘ , ਭੁਪਿੰਦਰ ਸਿੰਘ ਹਠੂਰ, ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ, ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ ਵਾਲੇ, ਗੁਰਪ੍ਰੀਤ ਸਿੰਘ ਧਾਲੀਵਾਲ, ਲਾਡੀ ਹਠੂਰ, ਕਮਲਜੀਤ ਸਿੰਘ ਧਾਲੀਵਾਲ, ਡਾਕਟਰ ਅਤੁਲ ਭਿੰਡਰ, ਖਾਨ ਨੱਥੋਵਾਲ, ਸਮੇਤ ਹੋਰ ਸਹਿਯੋਗ ਕਰਨ ਵਾਲੀਆਂ ਸਾਰੀਆਂ ਸਤਿਕਾਰਯੋਗ ਸ਼ਖ਼ਸੀਅਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਅਨੇਕਾਂ ਖਿਡਾਰੀ ਅਤੇ ਖੇਡ ਦਰਸ਼ਕ ਹਾਜ਼ਰ ਸਨ।

**ਜੇਤੂ ਟੀਮਾਂ ਨੂੰ ਅਜ਼ਾਦ ਸਪੋਰਟਸ ਐਂਡ ਵੈਲਫੇਅਰ ਕਲੱਬ ਨੇ ਨਗਦ ਇਨਾਮ ਅਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਕੀਤਾ ਸਨਮਾਨਿਤ**

## ਸੁਖਬੀਰ ਸਿੰਘ ਬਾਦਲ ਦਾ ਮੁੱਖ ਮੰਤਰੀ ਬਣਨ ਦਾ ਸੁਪਨਾ ਕਦੇ ਵੀ ਸਾਕਾਰ ਨਹੀਂ ਹੋਵੇਗਾ : ਜਥੇਦਾਰ ਹਰਚੰਦ ਸਿੰਘ ਚਕਰ



ਲੁਧਿਆਣਾ (ਵਰਿਆਮ ਹਠੂਰ)-ਪੰਜਾਬ ਗੁਰੂਆਂ, ਪੀਰਾਂ, ਫ਼ਕੀਰਾਂ ਰਿਸ਼ੀਆਂ, ਮੁਨੀਆਂ, ਅਤੇ ਸੰਤਾਂ ਮਹਾਂਪੁਰਸ਼ਾਂ ਦੀ ਧਰਤੀ ਹੈ। ਜਿਸ ਭਾਗਾਂ ਭਰੀ ਧਰਤੀ ਦਾ ਸਾਨੂੰ ਵੀ ਨਿੱਘ ਮਾਨਣਾ ਨਸੀਬ ਹੋਇਆ ਹੈ। ਸੋਨੇ ਦੀ ਚਿੜੀ ਕਹਾਉਣ ਵਾਲੇ ਪੰਜਾਬ ਨੂੰ ਪਹਿਲਾਂ ਅਹਿਮਦ ਸ਼ਾਹ ਅਬਦਾਲੀ ਨੇ ਲੁੱਟਿਆ, ਫੇਰ ਅੰਗਰੇਜਾ ਨੇ ਲੁੱਟਿਆ, ਅਤੇ ਉਸ ਤੋਂ ਬਾਅਦ ਆਪਣਿਆਂ ਨੇ ਵੀ ਕਦੇ ਕਾਂਗਰਸ ਦੇ ਰੂਪ ਵਿੱਚ ਅਤੇ ਕਦੇ ਖੇਤਰੀ ਪਾਰਟੀ ਕਹਾਉਣ ਵਾਲੇ ਅਕਾਲੀ ਦਲ (ਬਾਦਲ) ਪਰਿਵਾਰ ਵੱਲੋਂ ਵੀ ਕੋਈ ਕਸਰ ਬਾਕੀ ਨਹੀਂ ਛੱਡੀ, ਮੌਜੂਦਾ ਪੰਜਾਬ ਸਤਾ ਤੇ ਕਾਬਜ ਆਮ ਆਦਮੀ ਪਾਰਟੀ ਜੋ ਆਪ ਧਰਨੇ-ਪ੍ਰਦਰਸ਼ਨਾ ਵਿੱਚੋਂ ਨਿਕਲੀ ਹੋਈ ਬਦਲਾਵ ਵਾਲੀ ਪਾਰਟੀ ਹੈ। ਉਹ ਸਭ ਦੇ ਸਾਹਮਣੇ ਹੀ ਹੈ ਕਿ ਕਿਸ ਤਰਾਂ ਪੰਜਾਬ ਨੂੰ ਦੋਹਾਂ ਹੱਥਾਂ ਨਾਲ ਲੁੱਟਣ ਲਈ ਦਿੱਲੀ ਤੋਂ ਨਿਕਾਰੇ ਹੋਇਆਂ ਦੇ ਹੱਥਾਂ ਵਿੱਚ ਰਿਮੋਟ ਕੰਟਰੋਲ ਦਿੱਤਾ ਹੋਇਆ ਹੈ। ਪੰਜਾਬ ਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਿੱਲੀ ਵਾਲਿਆਂ ਦਾ ਰਿਮੋਟ ਬਣ ਕੇ ਰਹਿ ਗਿਆ ਹੈ। ਤੇ ਦਿੱਲੀ ਵਾਲੇ ਆਪਣੀ ਮਰਜ਼ੀ ਨਾਲ ਇਸਤਮੇਲ ਕਰ ਰਹੇ ਹਨ। ਪਰ ਪੰਜਾਬ ਦੇ ਲੋਕ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਤੇ ਭਗਵੰਤ ਮਾਨ ਸਰਕਾਰ ਦਾ ਪੰਜਾਬ ਚੋਂ ਸਫਾਇਆ ਕਰ ਦੇਣਗੇ, ਇਹਨਾਂ ਸਬਦਾਂ ਦਾ ਪ੍ਰਗਟਾਵਾ ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਨੇ ਇੱਕ ਵਿਸ਼ੇਸ਼ ਗੱਲਬਾਤ ਕਰਦਿਆ ਕੀਤਾ ਉਹਨਾਂ ਕਿਹਾ ਕਿ ਪੰਜਾਬ ਵਿੱਚ ਧਰਮ ਯੁੱਧ ਮੋਰਚੇ ਤੋਂ ਬਾਅਦ ਪੰਜਾਬ ਵਿੱਚ ਸ੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਸਰਦਾਰ ਪ੍ਰਕਾਸ਼ ਸਿੰਘ ਬਾਦਲ ਪੰਜ ਵਾਰ ਮੁੱਖ ਮੰਤਰੀ ਬਣੇ ਜਿਸ ਵਿੱਚ ਕੁੱਝ ਸਮਾਂ ਸੁਖਬੀਰ ਸਿੰਘ ਬਾਦਲ ਵੀ ਡਿਪਟੀ ਮੁੱਖ ਮੰਤਰੀ ਰਹੇ ਅਤੇ ਬੀ.ਜੇ.ਪੀ.ਨਾਲ ਗਠਜੋੜ ਵੀ ਰਿਹਾ ਅਤੇ ਨੰਨੀ ਛਾਂ ਦੇ ਨਾਅਰੇ ਮਾਰਨ ਵਾਲੀ ਬੀਬਾ ਹਰਸਿਮਰਤ ਕੌਰ ਬਾਦਲ ਵੀ ਸੈਂਟਰ ਵਿੱਚ ਮੰਤਰੀ ਰਹੇ ਹਨ। ਇਸ ਸਮੇਂ ਦੌਰਾਨ ਪੰਜਾਬ ਨੂੰ ਕੁੱਟਿਆ ਅਤੇ ਲੁੱਟਿਆ ਗਿਆ ਅਤੇ ਖੂਬ ਚੰਮ ਦੀਆਂ ਚਲਾਈਆਂ ਬਾਦਲ ਕਿਆ ਦੇ ਰਾਜ ਵਿੱਚ ਹੀ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਪਵਿੱਤਰ ਸਰੂਪਾਂ ਦੀਆਂ ਬੇਅਦਬੀ ਹੋਣ ਦੀਆ ਘਟਨਾਵਾਂ ਹੋਈਆਂ ਹਨ ਉਸ ਦੇ ਰੋਸ ਵਿੱਚ ਬਰਗਾੜੀ ਅਤੇ ਕੋਟਕਪੂਰਾ ਸ਼ਹਿਰ ਵਿੱਚ ਸਤਿਗੁਰਾਂ ਦੀ ਇਲਾਹੀ ਬਾਣੀ ਦਾ ਜਾਪ ਕਰਦੀਆਂ ਸੰਗਤਾਂ ਉਪਰ ਲਾਠੀਚਾਰਜ ਕੀਤਾ ਗਿਆ ਜਿਸ ਦੌਰਾਨ ਦੋ ਨੌਜਵਾਨ ਸ਼ਹੀਦ ਹੋ ਗਏ ਸਨ। ਉਨ੍ਹਾਂ ਦੇ ਪਰਿਵਾਰਾਂ ਨੂੰ ਵੀ ਹਾਲੇ ਤੱਕ ਕੋਈ ਇਨਸਾਫ਼ ਨਹੀਂ ਮਿਲਿਆ, ਸਰਸੇ ਵਾਲੇ (ਸੌਦਾ ਸਾਧ) ਰਾਮ ਰਹੀਮ ਨੂੰ ਵੀ ਬਿਨ ਮੰਗਿਆ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮਾਫੀ ਦਿੱਤੀ ਗਈ ਜਿਸ ਨਾਲ ਤਖ਼ਤ ਸਾਹਿਬਾਨਾਂ ਦੀ ਮਾਣ ਮਰਿਆਦਾ ਦੀਆਂ ਧੱਜੀਆਂ ਉਡਾਈਆਂ ਗਈਆਂ ਜਿਸ ਨਾਲ ਪੂਰੀ ਸਿੱਖ ਕੌਮ ਵਿੱਚ ਨਰਾਜ਼ਗੀ ਪਾਈ ਗਈ ਜਿਸ ਦਾ ਨਤੀਜਾ 2022 ਦੀਆਂ ਇਲੈਕਸ਼ਨਾਂ ਵਿੱਚ ਸ੍ਰੋਮਣੀ ਅਕਾਲੀ ਦਲ ਬਾਦਲ ਨੂੰ ਭੁਗਤਣਾ ਪਿਆ, ਤੇ ਅਕਾਲੀ ਦਲ ਸਿਰਫ਼ ਤਿੰਨ ਸੀਟਾਂ ਤੱਕ ਸਿਮਟ ਕੇ ਰਹਿ ਗਿਆ ਹੁਣ ਆਉਣ ਵਾਲੀਆਂ ਇਲੈਕਸ਼ਨਾਂ ਲਈ ਨਾਅਰਾ ਦਿਤਾ ਗਿਆ "ਸੁਖਬੀਰ ਲਿਆਓ" ਪੰਜਾਬ ਬਚਾਓ ਜਦਕਿ ਸਟੇਜਾਂ ਤੇ ਕੋਈ ਮੁੱਛਾਂ ਨੂੰ ਵਟ ਦੇ ਰਿਹਾ ਅਤੇ ਕੋਈ ਸੁਖਬੀਰ ਬਾਦਲ ਦੇ ਨਾਮ ਦੇ ਗਾਣੇ ਲਾ ਕੇ ਭੰਗੜਾ ਪਾ ਰਿਹਾ, ਅਕਾਲੀ ਦਲ ਬਾਦਲ ਪਾਰਟੀ ਇਹ ਨਾਂ ਭੁੱਲੇ ਕਿ ਲੋਕਾਂ ਨੂੰ ਬੇਵਕੂਫ ਬਣਾ ਕੇ ਮੁੜ ਸੱਤਾ ਹਾਸਲ ਕਰ ਲਈ ਜਾਵੇਗੀ, ਹੁਣ ਪੰਜਾਬ ਦੇ ਸੂਝਵਾਨ ਲੋਕ ਬਾਦਲ ਪਰਿਵਾਰ ਨੂੰ ਆਪਣਾ ਕੀਮਤੀ ਵੋਟ ਨਹੀਂ ਪਾਉਣਗੇ, ਤੇ ਸੁਖਬੀਰ ਸਿੰਘ ਬਾਦਲ ਦਾ ਮੁੱਖ ਮੰਤਰੀ ਬਣਨ ਦਾ ਸੁਪਨਾ ਕਦੇ ਵੀ ਸਾਕਾਰ ਨਹੀਂ ਹੋਵੇਗਾ, ਆਉਣ ਵਾਲੀ 2027 ਦੀਆਂ ਚੋਣਾਂ ਵਿੱਚ ਮੁੱਖ ਮੰਤਰੀ ਸਰਕਾਰ-ਏ-ਖਾਲਸ਼ਾ ਦਾ ਹੋਵੇਗਾ। ਕਿਉਂਕਿ ਅਕਾਲੀ ਦਲ ਬਾਦਲ, ਕਾਂਗਰਸ, ਅਤੇ ਆਮ ਆਦਮੀ ਪਾਰਟੀ ਨੂੰ ਲੋਕ ਪੰਜਾਬ ਦੀ ਵਾਗਡੋਰ ਸੰਭਾਲ ਕੇ ਪਹਿਲਾਂ ਹੀ ਪਛਤਾ ਰਹੇ ਹਨ।

## ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬਸਤੀ ਟੈਂਕਾ ਵਾਲੀ ਦੀ ਕਮੇਟੀ ਦੇ ਪ੍ਰਧਾਨ ਦੀ ਹੋਈ ਚੋਣ



ਫ਼ਿਰੋਜ਼ਪੁਰ, 17 ਮਾਰਚ (ਮਨੋਹਰ ਲਾਲ) :— ਨਾਨਕ ਸ਼ਾਹੀ ਸੰਮਤ 558 ਚੇਤ ਮਹੀਨੇ ਦੀ ਸ਼ੁਭ ਸੰਗਰਾਂਦ ਦੇ ਦਿਹਾੜੇ ਨੂੰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬਸਤੀ ਟੈਂਕਾ ਵਾਲੀ ਫ਼ਿਰੋਜ਼ਪੁਰ ਦੇ ਪ੍ਰਧਾਨ ਦੀ ਚੋਣ ਕੀਤੀ ਗਈ, ਜਿਸ ਵਿੱਚ ਸ਼ਿਲੰਦਰ ਸਿੰਘ ਡਿੰਪਲ ਨੇ ਮੌਜੂਦਾ ਪ੍ਰਧਾਨ ਦੀਆਂ ਪਿਛਲੇ 18 ਸਾਲਾਂ ਦੀਆਂ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਰਣਜੀਤ ਸਿੰਘ ਬੱਬੂ ਦਾ ਨਾਮ ਪ੍ਰਧਾਨਗੀ ਲਈ ਤਜਵੀਜ਼ ਕੀਤਾ ਜਿਸ ਦੀ ਗੁਰਨਾਮ ਸਿੰਘ ਨੇ ਤਈਦ ਕੀਤੀ। ਇਸ ਮੌਕੇ ਸਮੂਹ ਸੰਗਤ ਨੇ ਜੈਕਾਰੇ ਲਾ ਕੇ ਰਣਜੀਤ ਸਿੰਘ ਬੱਬੂ ਨੂੰ ਸਰਬਸੰਮਤੀ ਨਾਲ ਪ੍ਰਧਾਨਗੀ ਲਈ ਪ੍ਰਵਾਨਗੀ ਦਿੱਤੀ। ਇਸ ਦੇ ਨਾਲ ਹੀ ਰਣਜੀਤ ਸਿੰਘ ਬੱਬੂ ਨੂੰ ਅਗਲੇ ਪੰਜ ਸਾਲਾ ਲਈ ਸਰਵਸੰਮਤੀ ਨਾਲ ਗੁਰੂਦੁਆਰਾ ਦੀ ਕਮੇਟੀ ਦਾ ਪ੍ਰਧਾਨ ਚੁਣ ਲਿਆ ਗਿਆ। ਇਸ ਮੌਕੇ ਸੰਤੋਖ ਸਿੰਘ, ਗੁਰਜੀਤ ਸਿੰਘ ਸ਼ੇਰੂ, ਹਰਜਿੰਦਰ ਸਿੰਘ, ਬਲਜੀਤ ਸਿੰਘ ਨਿੱਕਾ, ਹਰਜਿੰਦਰ ਸਿੰਘ, ਅਜੇਪਾਲ ਸਿੰਘ, ਹਰਪ੍ਰੀਤ ਸਿੰਘ ਸੋਢੀ, ਰਣਜੀਤ ਸਿੰਘ ਕੰਨੂੰ ਚਾਵਲਾ, ਭਜਨ ਸਿੰਘ, ਸੁਖਵਿੰਦਰ ਸਿੰਘ ਸੁੱਖੀ, ਅਵਤਾਰ ਸਿੰਘ ਅਤੇ ਇਲਾਕੇ ਦੀਆਂ ਸਮੂਹ ਇਸਤਰੀ ਸਤਿਸੰਗ ਸਭਾਵਾਂ ਤੇ ਸਮੂਹ ਸੰਗਤ ਹਾਜ਼ਿਰ ਸੀ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਈ ਨਿੱਝਰ ਦੇ ਕਤਲ ਵਿਚ ਸ਼ੱਕੀ ਭਾਰਤੀ ਰਾਜਦੂਤਾਂ ਦੇ

# ਬਿਲਬੋਰਡ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਦੇ ਮੇਨ ਗੇਟ ਉੱਪਰ ਲਗਾਏ ਗਏ




**ਨਵੀਂ ਦਿੱਲੀ 17 ਮਾਰਚ (ਮਨਪ੍ਰੀਤ ਸਿੰਘ ਖਾਲਸਾ):-** ਜਥੇਦਾਰ ਸ਼ਹੀਦ ਹਰਦੀਪ ਸਿੰਘ ਨਿੱਝਰ ਨੂੰ ਸ਼ਹੀਦ ਕਰਨ ਵਾਲੇ ਸ਼ਕੀ ਭਾਰਤੀ ਰਾਜਦੂਤ ਦੀਆਂ ਤਸਵੀਰਾਂ ਵਾਲੇ ਵੱਡੇ ਵੱਡੇ ਬਿੱਲ ਬੋਰਡ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਕਨੇਡਾ ਦੇ ਦੋਨੋਂ ਪਾਸੇ ਦੇ ਮੇਨ ਗੇਟ ਉੱਪਰ ਲਗਾ ਦਿੱਤੇ ਗਏ ਹਨ । ਇਸ ਬਾਰੇ ਗੱਲਬਾਤ ਕਰਦਿਆਂ ਗੁਰਦੁਆਰਾ ਸਾਹਿਬ ਦੇ ਵਾਈਸ ਪ੍ਰੈਸੀਡੈਂਟ ਭਾਈ ਗੁਰਮੀਤ ਸਿੰਘ ਗਿੱਲ, ਸਕੱਤਰ ਭਾਈ ਗੁਰਮੀਤ ਸਿੰਘ ਤੂਰ, ਮੈਂਬਰ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ ਕੈਨੇਡਾ ਦੀਆਂ ਵੱਖ ਵੱਖ ਅਖਬਾਰਾਂ ਵਿਚ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਵਿਚ ਭਾਰਤੀ ਕਰੰਦਿਆਂ ਦੇ ਹੱਥ ਹੋਣ ਦੀਆਂ ਲਗਾਤਾਰ ਖਬਰਾਂ ਚਲ ਰਹੀਆਂ ਹਨ ਤੇ ਕੈਨੇਡਾ ਦੇ ਸਾਬਕਾ ਪੀਐਮ ਜਸਟਿਨ ਟਰੂਡੋ ਨੇ ਵੀ ਸੰਸਦ ਅੰਦਰ ਇਸ ਬਾਰੇ ਪੁਖਤਾ ਸਬੂਤ ਹੋਣ ਦੀ ਗੱਲ ਕਹੀ ਸੀ। ਪਰ ਬੀਤੇ ਕੁਝ ਦਿਨ ਪਹਿਲਾਂ ਅਦਾਲਤ ਅੰਦਰ ਉਨ੍ਹਾਂ ਸਬੂਤਾਂ ਨੂੰ ਰੋਕੇ ਜਾਣ ਦੀ ਮੰਗ ਕੀਤੀ ਗਈ ਜਿਸ ਨਾਲ ਇਹ ਗੱਲ ਹੋਰ ਮਜਬੂਤ ਹੋ ਗਈ ਕਿ ਭਾਰਤ ਸਰਕਾਰ ਦੀ ਇਸ ਮਾਮਲੇ ਵਿਚ ਸ਼ਮੂਲੀਅਤ ਪੱਕੀ ਹੈ ਜਿਸ ਨੂੰ ਮੌਜੂਦਾ ਸਰਕਾਰ ਵਪਾਰ ਦੀ ਖਾਤਿਰ ਬਚਾਉਣ ਦੀ ਕੋਸ਼ਿਸ਼ਾਂ ਕਰ ਰਹੀ ਹੈ। ਸਾਡੀ ਅਦਾਲਤ ਨੂੰ ਪੁਰਜ਼ੋਰ ਅਪੀਲ ਹੈ ਕਿ ਭਾਈ ਨਿੱਝਰ ਕਤਲਕਾਂਡ ਦੇ ਸਬੂਤਾਂ ਨੂੰ ਜਾਰੀ ਕੀਤਾ ਜਾਏ ਜਿਸ ਨਾਲ ਭਾਰਤੀ ਸਰਕਾਰ ਦੀ ਦਹਿਸ਼ਤਗਰਦੀ ਦਾ ਚੇਹਰਾ ਸੰਸਾਰ ਅੰਦਰ ਉਜਾਗਰ ਹੋਏ ਅਤੇ ਇਸ ਮਾਮਲੇ ਵਿਚ ਅਖਬਾਰਾਂ ਅਤੇ ਕੈਨੇਡੀਅਨ ਏਜੰਸੀਆਂ ਰਾਹੀਂ ਜਾਰੀ ਹੋ ਰਹੇ ਸਬੂਤਾਂ ਅਧੀਨ ਸਮੂਹ ਭਾਰਤੀ ਰਾਜਦੂਤ ਅਤੇ ਉਨ੍ਹਾਂ ਦੇ ਮੁਲਜਮਾਂ ਨੂੰ ਕੈਨੇਡੀਅਨ ਕਾਨੂੰਨ ਹੇਠ ਲਿਆ ਕੇ ਕਾਨੂੰਨੀ ਪ੍ਰਕਿਰਿਆ ਹੇਠ ਮਾਮਲਾ ਚਲਾਇਆ ਜਾਏ । ਉਨ੍ਹਾਂ ਕਿਹਾ ਕਿ ਰੈਫਰੰਡਮ ਦੇ ਅਗਲੇ ਪੜਾਅ ਦੀਆਂ ਵੋਟਾਂ ਅਮਰੀਕਾ ਦੇ ਸਿਆਟਲ ਸ਼ਹਿਰ ਵਿਚ 22 ਮਾਰਚ ਨੂੰ ਹੋਣੀਆਂ ਹਨ ਜਿਸ ਲਈ ਇੰਨ੍ਹਾ ਵੋਟਾਂ ਵਿਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਣ ਦੀ ਅਪੀਲ ਕੀਤੀ ਜਾਂਦੀ ਹੈ ਅਤੇ 18 ਮਾਰਚ ਨੂੰ ਭਾਰਤੀ ਐਂਬੇਸੀ ਵੈਨਕੁਵਰ ਮੂਹਰੇ ਹੋਣ ਵਾਲਾ ਵਿਰੋਧ ਪ੍ਰਦਰਸ਼ਨ ਜੋ ਕਿ ਸਵੇਰੇ 9 ਵਜੇ ਤੋਂ ਸ਼ਾਮ ਦੇ 5 ਵਜੇ ਚਲਣਾ ਹੈ, ਵਿਚ ਵੀ ਭਰਵੀਂ ਹਾਜ਼ਿਰੀ ਭਰਣ ਦੀ ਅਪੀਲ ਕੀਤੀ । ਇਸ ਮੌਕੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਤੋਂ ਵਾਈਸ ਪ੍ਰੈਸੀਡੈਂਟ ਗੁਰਮੀਤ ਸਿੰਘ ਗਿੱਲ, ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਅਜੈਪਾਲ ਸਿੰਘ, ਭਾਈ ਦਲਜੀਤ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਰਜਿੰਦਰ ਸਿੰਘ, ਭਾਈ ਜੈਕ ਸਿੱਧੂ, ਭਾਈ ਰਜਿੰਦਰ ਸਿੰਘ ਨੱਤ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਭਾਈ ਹਰਬੰਸ ਸਿੰਘ ਔਜਲਾ ਸਮੇਤ ਵਡੀ ਗਿਣਤੀ ਵਿਚ ਸੰਗਤਾਂ ਹਾਜਿਰ ਸਨ।

# ਦੋ ਪੁਸਤਕਾਂ ਦਾ ਵਿਮੋਚਨ ਰਾਜ ਪੱਧਰੀ ਸਮਾਗਮ ਵਿਚ ਕੀਤਾ ਗਿਆ



**ਫ਼ਿਰੋਜ਼ਪੁਰ, 17 ਮਾਰਚ (ਮਨੋਹਰ ਲਾਲ):—** ਸ੍ਰੀ ਬ੍ਰਾਹਮਣ ਸਭਾ ਫ਼ਿਰੋਜ਼ਪੁਰ ਵੱਲੋਂ ਰਾਜ ਪੱਧਰੀ ਦੋ ਸਮਾਰਿਕਾ—2026 ਰਲੀਜ ਸਮਾਰੋਹ ਪ੍ਰਾਚੀਨ ਸ਼ਿਵਾ ਮੰਦਰ ਨੇੜੇ ਜ਼ੀਰਾ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਚ ਕਰਵਾਇਆ, ਜਿਸ ਵਿਚ ਮੁੱਖ ਮਹਿਮਾਨ 1008 ਸ੍ਰੀ ਕਮਲਪੁਰੀ ਜੀ ਵਿਸ਼ੇਸ਼ ਮਹਿਮਾਨ, ਮਹੰਤ ਬਲਦੇਵ ਗਿਰੀ ਅਤੇ ਸਵਾਮੀ ਵਿਦਿਆ ਨੰਦ ਜੀ ਮਹਾਰਾਜ ਅਤੇ ਸਮਪਾਦਕ ਦੋ ਸਮਾਰਿਕਾ ਦੇ ਸੰਪਾਦਕ ਦੇ ਡਾਕਟਰ ਨਿਮਲ ਕੌਸਕ ਪੁੱਜੇ। ਸਮਾਗਮ ਦਾ ਸ਼ੁਭ ਆਰੰਭ ਜ਼ੋਤ ਪ੍ਰਚੰਡ ਕਰਕੇ ਮੰਤਰਾਂ ਦੇ ਨਾਲ ਕੀਤਾ ਗਿਆ ਅਤੇ ਮੰਚ ਦਾ ਸੰਚਾਲਨ ਪੰ: ਕਰਨ ਤ੍ਰਿਪਾਠੀ ਦੁਆਰਾ ਕਰਦੇ ਹੋਏ। ਪੰਜਾਬ ਤੋਂ ਆਏ ਸਾਰੇ ਪੰਜਾਬ ਤੋਂ ਆਏ ਮਹਿਮਾਨ ਪੰਡਤਾਂ ਦਾ ਸਵਾਗਤ ਬ੍ਰਾਹਮਣ ਸਭਾ ਫ਼ਿਰੋਜ਼ਪੁਰ ਦੇ ਪ੍ਰਧਾਨ ਰਾਜੇਸ਼ ਦੱਤਾ ਵੱਲੋਂ ਕੀਤਾ ਗਿਆ। ਡਾ: ਪ੍ਰਵੀਨ ਗੋਇਲ ਵੱਲੋਂ ਪੰਡਿਤ ਕਰਮ ਚੰਦ ਸਾਸ਼ਤਰੀ ਦਾ 100ਵੀਂ ਵਰੇਗੰਢ ਤੇ ਆਪਣੇ ਬਹੁਮੁੱਲੇ ਵਿਚਾਰ ਨਾਲ ਕੀਤਾ ਗਿਆ। ਦੋਨਾਂ ਸਮਾਰੋਹ ਦੇ ਰਾਜੇਤਾ ਡਾ: ਨਿਰਮਲ ਕੌਸ਼ਿਕ ਵੱਲੋਂ 100 ਜਨਮ ਦਿਹਾੜਾ ਤੇ ਰੋਸ਼ਨੀ ਪਾਉਂਦੇ ਹੋਏ ਦੱਸਿਆ ਕਿ ਡਾ: ਨਿਰਮਲ ਕੌਸ਼ਿਕ ਜ਼ੋ ਪੰ: ਕਰਮ ਚੰਦ ਸਾਸ਼ਤਰੀ ਜੀ ਪਾਸੋਂ ਸਕੂਲੀ ਵਿਦਿਆ ਉਨ੍ਹਾਂ ਤੋਂ ਪ੍ਰਾਪਤ ਕਰਦੇ ਹੋਏ ਸੰਸਕ੍ਰਿਤ ਦਾ ਸਾਰਾ ਗਿਆਨ ਉਨ੍ਹਾਂ ਕੋਲ ਲਿਆ ਗਿਆ, ਉਨ੍ਹਾਂ ਦੇ ਪਦ ਚਿੰਨਾਂ ਤੇ ਚੱਲਦੇ ਹੋਏ ਰਾਸ਼ਟਰਪਤੀ ਐਵਾਰਡ ਵੀ ਪ੍ਰਾਪਤ ਕੀਤੇ। ਪੰਡਿਤ ਲਖਪਤ ਰਾਏ ਪ੍ਰਭਾਕਰ ਜਨਰਲ ਸਕੱਤਰ ਬ੍ਰਾਹਮਣ ਸਭਾ ਪੰਜਾਬ ਵੱਲੋਂ ਬ੍ਰਾਹਮਣ ਸਭਾ ਫ਼ਿਰੋਜ਼ਪੁਰ ਨੂੰ ਮੁਬਾਰਕਾਂ ਤੇ ਸ਼ੁਭ ਕਾਮਨਾਵਾਂ ਦਿੰਦੇ ਹੋਏ ਸਭਾ ਕਾਰਜਕਾਰਨੀ ਦੇ ਕੰਮ ਦੀ ਸ਼ਲਾਘਾ ਕੀਤੀ। ਇਹ ਜਾਣਕਾਰੀ ਦਿੰਦਿਆਂ ਪੰਡਿਤ ਹਰੀ ਰਾਮ ਖਿੰਦੜੀ ਨੇ ਦੱਸਿਆ ਕਿ ਪਿੰਡ ਰਕਾਸਨ ਬਗੂਵੰਸ਼ ਸਮਾਰਿਕਾ—2026 ਅਤੇ ਪੰ: ਕਰਮ ਚੰਦ ਸਾਸ਼ਤਰੀ ਸਤਕਰਮ ਜਨਮ ਦਿਹਾੜੇ ਸਮਾਰਿਕਾ—2026 ਦਾ ਵਿਮੋਚਨ ਸੰਤਾਂ ਵੱਲੋਂ ਅਤੇ ਪੰਜਾਬ ਦੇ ਵੱਖ—ਵੱਖ ਜਿਲ੍ਹਿਆਂ ਤੋਂ ਜ਼ਿਲ੍ਹਾ ਪ੍ਰਧਾਨ ਪ੍ਰਦੀਪ ਭਾਰਤੀ ਮੋਗਾ, ਪੰ: ਗੁਰਦਾਸ ਸ਼ਰਮਾ ਜ਼ੀਰਾ, ਪੰ: ਮੁਕੇਸ਼ ਫਰੀਦਕੋਟ, ਸ਼ੇਖਰ ਸ਼ੁਕਲਾ ਪੰਜਾਬ ਪ੍ਰਧਾਨ ਰੋਪੜ ਅਤੇ ਭਗਵਾਨ ਪਰਸ਼ੂਰਾਮ ਵੈਲਫੇਅਰ ਐਸੋਸੀਏਸ਼ਨ ਕਮੇਟੀ ਰਿਕਾਸਨ ਦੇ ਪ੍ਰਧਾਨ ਪੰ: ਪਵਨ ਕੁਮਾਰ ਛੀਬਾ, ਪੰ: ਪਰਮਜੀਤ, ਪੰਡਿਤ ਲਖਪਤ ਰਾਏ ਪ੍ਰਭਾਕਰ, ਪੰ: ਅਸ਼ਵਨੀ ਜ਼ੋਸ਼ੀ ਨਵਾਂ ਸ਼ਹਿਰ ਸੰਪਾਦਕ ਜੀਵਨ ਕ੍ਰਾਂਮੀ ਟਾਈਮਜ ਸਮੇਤ ਪਰਿਵਾਰ ਪਹੁੰਚੇ। ਇਸ ਮੌਕੇ ਫ਼ਿਰੋਜ਼ਪੁਰ ਦੇ ਨੌਜਵਾਨਾਂ ਵੱਲੋਂ ਸੰਤਾਂ, ਸੇਖਰ ਸਕਲਾਂ ਪੰਜਾਬ ਪ੍ਰਧਾਨ ਅਤੇ ਬ੍ਰਾਹਮਣ ਸਭਾ ਫ਼ਿਰੋਜ਼ਪੁਰ ਦੇ ਬ੍ਰਾਹਮਣ ਨੌਜਵਾਨਾਂ ਵੱਲੋਂ ਭਗਵਾਨ ਪਰਸ਼ੂ ਰਾਮ ਨੌਜਵਾਨ ਫ਼ਿਰੋਜ਼ਪੁਰ ਦਾ ਗਠਨ ਕੀਤਾ ਗਿਆ। ਜਿਸ ਸਭਾ ਲਈ ਚੇਅਰਮੈਨ ਅਕਸ਼ ਸ਼ਰਮਾ, ਪ੍ਰਧਾਨ ਗਗਨਦੀਪ ਸ਼ਰਮਾ, ਸੀਨੀਅਰ ਮੀਤ ਪ੍ਰਧਾਨ ਸ਼ਿਵਮ ਸ਼ਰਮਾ, ਮਹਾਂ ਮੰਤਰੀ ਅਦਿਤਿਆ ਸ਼ਰਮਾ, ਸਹਾਇਕ ਸਕੱਤਰ ਹਨੀ ਪ੍ਰਭਾਕਰ ਅਤੇ ਖਜਾਨਚੀ ਜਗਦੀਪ ਸ਼ਰਮਾ, ਬ੍ਰਾਹਮਣ ਸਭਾ ਫ਼ਿਰੋਜ਼ਪੁਰ ਵੱਲੋਂ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪੰਡਿਤ ਹਰੀ ਰਾਮ ਖਿੰਦੜੀ ਨੂੰ ਡਾਕਟਰ ਨਿਰਮਲ ਕੌਸ਼ਿਕ, ਕਰਮਸ਼ੀਲਾ ਸੰਸਕ੍ਰਿਤ ਵਿਨਾਸ ਮੰਚ ਅਤੇ ਸ਼ੇਖਰ ਸ਼ੁਕਲਾ ਐਡਵੋਕੇਟ ਪੰਜਾਬ ਪ੍ਰਧਾਨ ਵੱਲੋਂ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਭਾ ਵੱਲੋਂ ਦੋਵੇਂ ਕਿਤਾਬਾਂ ਹਾਜ਼ਰ ਸਾਰੇ ਮੈਂਬਰਾਂ ਨੂੰ ਵੰਡਣ ਤੋਂ ਬਾਅਦ ਹਰ ਜ਼ਿਲ੍ਹਾ ਪ੍ਰਧਾਨ ਨੂੰ 51—51 ਸਮਾਰਾਂ ਵੀ ਭੇਂਟ ਕੀਤੀਆਂ ਗਈਆਂ। ਬ੍ਰਾਹਮਣ ਸਭਾ ਫ਼ਿਰੋਜ਼ਪੁਰ ਵੱਲੋਂ ਪੰਜਾਬ ਸਰਕਾਰ ਤੋਂ ਮੰਗ ਕਰਦੇ ਹੋਏ ਕੁਝ ਮੰਗਾਂ ਦੇ ਮਤੇ ਰੱਖੇ ਗਏ। ਉਨ੍ਹਾਂ ਦੱਸਿਆ ਕਿ ਬ੍ਰਾਹਮਣ ਸਮਾਜ ਦੀਆਂ ਮੰਗਾਂ ਜਿਵੇਂ ਰਕਾਸ਼ਨ ਮਹਾਰਾਜ ਪਰਸ਼ੂਰਾਮ ਸਥਾਨ ਨੂੰ ਹੈਰੀਟੇਜਨ ਬਣਾਉਣਾ, ਸਾਰੇ ਮੰਦਰ ਦੇ ਪੁਜਾਰੀਆਂ ਨੂੰ ਚੰਗੀ ਤਨਖਾਹ ਦੇਣਾ, ਸੰਸ਼ਿਕ੍ਰਤੀ ਨੂੰ ਜ਼ਰੂਰੀ ਵਿਸ਼ਾ ਦਾ ਦਰਜਾ ਦੇਣਾ, ਪ੍ਰਾਈਵੇਟ ਸਕੂਲ ਅਤੇ ਸਰਕਾਰੀ ਸਕੂਲ ਦਾ ਸਿਲੇਬਸ ਅਤੇ ਕਿਤਾਬ ਇਕ ਕਰਨੀਆਂ, ਝਾਕੀਆਂ ਨੂੰ ਪੂਰਨ ਰੂਪ ਵਿਚ ਬੰਦ ਕਰਨਾ। ਗੱਲਬਾਤ ਕਰਦਿਆਂ ਪੰਡਿਤ ਹਰੀ ਰਾਮ ਖਿੰਦੜੀ ਜਨਰਲ ਸਕੱਤਰ ਬ੍ਰਾਹਮਣ ਸਭਾ ਫ਼ਿਰੋਜ਼ਪੁਰ ਅਤੇ ਪਰਯੋਜਨਾ ਆਧਿਕਸ ਨੇ ਦੱਸਿਆ ਕਿ ਸੰਤਾਂ ਅਤੇ ਵੱਖ—ਵੱਖ ਜ਼ਿਲ੍ਹਿਆਂ ਤੋਂ ਆਏ ਪ੍ਰਧਾਨ ਤੇ ਸਾਥੀਆਂ ਵੱਲੋਂ ਹੱਥ ਚੁੱਕ ਕੇ ਮਤੇ ਪਾਸ ਕੀਤੇ ਗਏ। ਪੰਡਿਤ ਪ੍ਰੇਮ ਰਾਜਨ ਜ਼ੋਸ਼ੀ ਉਪ ਪ੍ਰਧਾਨ ਵੱਲੋਂ ਵੱਖ—ਵੱਖ ਜ਼ਿਲ੍ਹਾ ਤੋਂ ਆਏ ਪ੍ਰਧਾਨ ਅਤੇ ਕਾਰਜਕਾਰੀ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ। ਸਭਾ ਵੱਲੋਂ ਤਿਲਕ ਰਾਜ ਏਰੀ, ਪੰ: ਭੂਸ਼ਨ, ਸੂਰਜ ਪ੍ਰਕਾਸ਼, ਰਾਕੇਸ਼ ਕੁਮਾਰ, ਅਮਿਤ ਕੁਮਾਰ, ਪੰ: ਪ੍ਰੇਮ ਕੁਮਾਰ, ਰਮੇਸ਼ ਕੁਮਾਰ, ਸੰਜੀਵ ਕੁਮਾਰ, ਡਾ: ਪ੍ਰਵੀਨ ਗੋਇਲ ਆਦਿ ਹਾਜ਼ਰ ਸਨ।

# ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਲਗਾਇਆ ਸ਼ੂਗਰ ਚੈਕਅਪ ਕੈਂਪ



**ਫ਼ਿਰੋਜ਼ਪੁਰ, 17 ਮਾਰਚ (ਮਨੋਹਰ ਲਾਲ) :—** ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਫ਼ਿਰੋਜ਼ਪੁਰ ਵੱਲੋਂ ਸਟੇਟ ਬੈਂਕ ਆਫ ਇੰਡੀਆ ਬਗਦਾਦੀ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਡਾਕਟਰ ਦੀਵਾਨ ਚੰਦ ਸੁਖੀਜਾ, ਨੰਦ ਲਾਲ ਧਵਨ, ਪਰਵੀਨ ਧਵਨ ਜਨਰਲ ਸਕੱਤਰ ਦੀ ਅਗਵਾਈ ਹੇਠ ਕੈਂਪ ਲਗਾਇਆ ਗਿਆ। ਇਸ ਮੌਕੇ 40 ਮਰੀਜਾਂ ਦਾ ਮੁਫਤ ਚੈਕਅਪ ਕੀਤਾ ਗਿਆ ਅਤੇ ਸ਼ੂਗਰ ਬਾਰੇ ਜਾਣਕਾਰੀ ਦਿੰਦਿਆਂ ਇਸ ਤੋਂ ਬਚਾਓ ਬਾਰੇ ਦੱਸਿਆ ਗਿਆ। ਇਸ ਮੌਕੇ ਭਾਟੀਆ ਸਾਹਿਬ, ਦੇਸ ਰਾਜ ਸ਼ਰਮਾ, ਰਾਮ ਕਿਸ਼ੋਰ, ਪ੍ਰੇਮ ਆਦਿ ਹਾਜ਼ਰ ਸਨ।

## ਸ੍ਰੀ ਹਰਿਮੰਦਰ ਸਾਹਿਬ ਦੀ ਏਆਈ ਨਾਲ ਵਰਤੋਂ ਕਰਕੇ ਸ਼ਰਾਰਤੀ ਤੱਤਾਂ ਵਲੋਂ ਕੀਤੀ ਗਈ ਬੇਅਦਬੀ ਨਾਸਹਿਣਯੋਗ: ਬੀਬੀ ਰਣਜੀਤ ਕੌਰ



ਨਵੀਂ ਦਿੱਲੀ 17 ਮਾਰਚ (ਮਨਪ੍ਰੀਤ ਸਿੰਘ ਖਾਲਸਾ): ਸ੍ਰੀ ਹਰਿਮੰਦਰ ਸਾਹਿਬ ਦੀ ਏਆਈ ਨਾਲ ਵਰਤੋਂ ਕਰਕੇ ਸ਼ਰਾਰਤੀ ਤੱਤਾਂ ਵਲੋਂ ਮੁੜ ਬੇਅਦਬੀ ਕੀਤੀ ਗਈ ਹੈ ਜਿਸ ਨਾਲ ਸਮੁੱਚੀ ਦੁਨੀਆਂ ਦੇ ਹਿਰਦੇ ਵਲੂੰਧਰੇ ਗਏ ਹਨ। ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਇੰਨ੍ਹਾ ਮਾਮਲਿਆਂ ਦੀ ਗਹਿਰੀ ਜਾਂਚ ਲਈ ਇਕ ਕਮੇਟੀ ਬਣਾਈ ਜਾਣੀ ਚਾਹੀਦੀ ਹੈ ਜੋ ਦੋਸ਼ੀਆਂ ਦੀ ਭਾਲ ਕਰਕੇ ਉਨ੍ਹਾਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਸਿਫਾਰਿਸ਼ ਕਰੇ। ਉਨ੍ਹਾਂ ਦਸਿਆ ਵਾਇਰਲ ਹੋ ਰਹੀ ਵੀਡੀਓ ਵਿਚ ਸ਼੍ਰੀ ਹਰਿ ਮੰਦਰ ਸਾਹਿਬ ਵਿੱਚ ਇੱਕ ਪਿੰਜਰ ਘੁੰਮਦਾ ਦਿਖਾਇਆ ਹੈ। ਇਹ ਪਿੰਜਰ ਪੱਗ ਅਤੇ ਜੁੱਤੀਆਂ ਪਹਿਨ ਕੇ ਸ਼੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਘੁੰਮ ਰਿਹਾ ਹੈ। ਪਿੰਜਰ ਨੂੰ ਜੁੱਤੀਆਂ ਪਹਿਨ ਕੇ ਲੰਗਰ ਵੀ ਛਕਦਾ ਦਿਖਾਇਆ ਗਿਆ ਹੈ ਉਨ੍ਹਾਂ ਕਿਹਾ ਇੰਨ੍ਹਾ ਸ਼ਰਾਰਤੀ ਤੱਤਾਂ ਕਰਕੇ ਦੇਸ਼ ਅਤੇ ਵੱਖ ਵੱਖ ਭਾਈਚਾਰਿਆ ਦਾ ਆਪਸੀ ਮਾਹੌਲ ਵਿਗੜਦਾ ਹੈ ਜਿਸ ਨੂੰ ਸਮੇਂ ਸਿਰ ਰੋਕਣਾ ਰਾਜ ਸਰਕਾਰ ਦਾ ਫਰਜ਼ ਬਣਦਾ ਹੈ ਪਰ ਪੰਜਾਬ ਸਰਕਾਰ ਆਪਣੇ ਫਰਜ਼ ਅਦਾ ਕਰਣ ਵਿਚ ਨਾਕਾਮਯਾਬ ਸਾਬਿਤ ਹੋ ਰਹੀ ਹੈ।

## ਏਆਈ ਤਕਨਾਲੋਜੀ ਦੀ ਵਰਤੋਂ ਰਾਹੀਂ ਸ੍ਰੀ ਹਰਿਮੰਦਰ ਸਾਹਿਬ ਦੀ ਬੇਅਦਬੀ ਕਰਣ ਦੀ ਅਤਿ ਘਿਨੌਣੀ ਸਾਜ਼ਿਸ਼, ਦੋਸ਼ੀਆਂ ਦੀ ਗ੍ਰਿਫਤਾਰੀ ਦੀ ਮੰਗ: ਪਰਮਜੀਤ ਸਿੰਘ ਵੀਰਜੀ



**ਨਵੀਂ ਦਿੱਲੀ 17 ਮਾਰਚ (ਮਨਪ੍ਰੀਤ ਸਿੰਘ ਖਾਲਸਾ):-**ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਕਰਦੇ ਹੋਏ, ਕੁਝ ਸ਼ਰਾਰਤੀ ਅਨਸਰਾਂ ਨੇ ਸ਼੍ਰੀ ਹਰਿਮੰਦਰ ਸਾਹਿਬ ਵਿੱਚ ਜੁਤੀਆਂ ਸਮੇਤ ਇੱਕ ਪਿੰਜਰ ਦਿਖਾਇਆ ਹੈ। ਇਹ ਪਿੰਜਰ ਪੱਗ ਅਤੇ ਜੁੱਤੀਆਂ ਪਹਿਨ ਕੇ ਸ਼੍ਰੀ ਹਰਿਮੰਦਰ ਸਾਹਿਬ ਕੰਪਲੈਕਸ ਵਿੱਚ ਘੁੰਮ ਰਿਹਾ ਹੈ। ਪਿੰਜਰ ਨੇ ਜੁੱਤੀਆਂ ਪਹਿਨ ਕੇ ਲੰਗਰ ਵੀ ਛਕਿਆ। ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਇੰਟਰਨੈੱਟ ਮੀਡੀਆ 'ਤੇ ਵਾਇਰਲ ਹੋਏ ਇੱਕ ਆਰਟੀਫੀਸ਼ੀਅਲ ਇੰਟੈਲੀਜੈਂਸ ਵੀਡੀਓ ਵਿੱਚ ਸ਼੍ਰੀ ਹਰਿਮੰਦਰ ਸਾਹਿਬ ਕੰਪਲੈਕਸ ਨਾਲ ਸਬੰਧਤ ਇਤਰਾਜ਼ਯੋਗ ਦ੍ਰਿਸ਼ ਦਿਖਾਏ ਜਾਣ ਤੋਂ ਬਾਅਦ ਨਾਨਕ ਨਾਮ ਲੇਵਾ ਸੰਗਤਾਂ ਦੇ ਹਿਰਦਿਆਂ ਨੂੰ ਭਾਰੀ ਸੱਟ ਵੱਜੀ ਹੈ ਜਿਸ ਨਾਲ ਇਹ ਵਿਵਾਦ ਹੋਰ ਵੀ ਡੂੰਘਾ ਹੋ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਅਜਿਹੇ ਵੀਡੀਓ ਧਾਰਮਿਕ ਨਿਯਮਾਂ ਦੀ ਉਲੰਘਣਾ ਕਰਦੇ ਹਨ ਅਤੇ ਸਮਾਜ ਨੂੰ ਨਕਾਰਾਤਮਕ ਸੰਦੇਸ਼ ਦਿੰਦੇ ਹਨ। ਉਨ੍ਹਾਂ ਨੇ ਸਬੰਧਤ ਸੋਸ਼ਲ ਮੀਡੀਆ ਖਾਤਿਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਦਸਿਆ ਇਹ ਵੀਡੀਓ ਆਰਟੀਫੀਸ਼ੀਅਲ ਇੰਟੈਲੀਜੈਂਸ ਤਕਨਾਲੋਜੀ ਦੀ ਵਰਤੋਂ ਕਰਕੇ ਜਾਣਬੁਝ ਕੇ ਸਿੱਖ ਪੰਥ ਨੂੰ ਬਦਨਾਮ ਕਰਣ ਦੀ ਅਤਿ ਘਿਨੌਣੀ ਸਾਜ਼ਿਸ਼ ਅਧੀਨ ਸ਼ਰਾਰਤੀ ਤੱਤ ਵਲੋਂ ਬਣਾਈ ਗਈ ਸੀ, ਜਿਸ ਵਿੱਚ ਹਰਿਮੰਦਰ ਸਾਹਿਬ ਕੰਪਲੈਕਸ ਦਿਖਾਉਣ ਲਈ ਵੱਖ-ਵੱਖ ਦ੍ਰਿਸ਼ਾਂ ਨੂੰ ਜਾਣਬੁਝ ਕੇ ਜੋੜਿਆ ਸੀ। ਉਨ੍ਹਾਂ ਕਿਹਾ ਕੰਪਲੈਕਸ ਵਿੱਚ ਜੁੱਤੀਆਂ ਪਾ ਕੇ ਦਾਖਲ ਹੋਣ ਅਤੇ ਲੰਗਰ ਹਾਲ ਵਿੱਚ ਬੈਠਣ ਦੇ ਦ੍ਰਿਸ਼ ਖਾਸ ਤੌਰ 'ਤੇ ਸਭ ਤੋਂ ਵੱਧ ਰੋਸ ਪੈਦਾ ਕਰ ਰਹੇ ਹਨ। ਉਨ੍ਹਾਂ ਇਸ ਘਟਨਾ ਨੂੰ ਭਾਰੀ ਬੇਅਦਬੀ ਕਰਾਰ ਦਿੰਦੇ ਹੋਏ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਪਵਿੱਤਰ ਸਥਾਨਾਂ ਵਿਰੁੱਧ ਅਜਿਹੀ ਸਮੱਗਰੀ ਬਣਾਉਣਾ ਅਤੇ ਪ੍ਰਸਾਰਿਤ ਕਰਨਾ ਅਸਵੀਕਾਰਨਯੋਗ ਹੈ। ਉਨ੍ਹਾਂ ਕੇਂਦਰ ਅਤੇ ਰਾਜ ਸਰਕਾਰ ਨੂੰ ਵੀਡੀਓ ਦੀ ਪ੍ਰਮਾਣਿਕਤਾ ਦੀ ਜਾਂਚ ਕਰਵਾ ਕੇ ਅਤੇ ਇਸਦੇ ਪਿੱਛੇ ਲੋਕਾਂ ਦੀ ਪਛਾਣ ਕਰਨ ਉਪਰੰਤ ਸਖ਼ਤ ਸਜ਼ਾ ਦਿੱਤੇ ਜਾਣ ਦੀ ਮੰਗ ਕੀਤੀ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਧੂਰੀ ਵਿਖੇ 21.65 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਸਬ-ਡਿਵੀਜ਼ਨਲ ਹਸਪਤਾਲ ਅਤੇ ਜੱਚਾ-ਬੱਚਾ ਸਿਹਤ ਸੰਭਾਲ ਕੇਂਦਰ ਨਾਲ

# ਨਵੇਂ ਹਸਪਤਾਲ ਨਾਲ ਧੂਰੀ ਸ਼ਹਿਰ ਅਤੇ 70 ਪਿੰਡਾਂ ਦੇ ਹਜ਼ਾਰਾਂ ਲੋਕਾਂ ਨੂੰ ਮਿਲਣਗੀਆਂ ਮਿਆਰੀ ਸਿਹਤ ਸਹੂਲਤਾਂ-ਭਗਵੰਤ ਸਿੰਘ ਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਧੂਰੀ ਵਿਖੇ 50 ਬਿਸਤਰਿਆਂ ਦੀ ਸਮਰੱਥਾ ਵਾਲਾ ਸਬ-ਡਿਵੀਜ਼ਨਲ ਹਸਪਤਾਲ ਅਤੇ 30 ਬਿਸਤਰਿਆਂ ਦੀ ਸਮਰੱਥਾ ਵਾਲਾ ਜੱਚਾ-ਬੱਚਾ ਬਲਾਕ ਲੋਕਾਂ ਨੂੰ ਸਮਰਪਿਤ ਕੀਤਾ। ਇਹ ਪ੍ਰਾਜੈਕਟ ਪੰਜਾਬ ਦੀ ਜਨਤਕ ਸਿਹਤ ਸੰਭਾਲ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਸੰਗਰੂਰ ਜ਼ਿਲ੍ਹੇ ਵਿੱਚ ਸਿਹਤ ਸੰਭਾਲ ਬੁਨਿਆਦੀ ਢਾਂਚੇ ਨੂੰ ਵੱਡਾ ਹੁਲਾਰਾ ਦੇਣ ਲਈ ਮੀਲ ਪੱਥਰ ਸਾਬਤ ਹੋਵੇਗਾ।

ਇਕੱਠ ਨੂੰ ਸੰਬੋਧਨ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਪ੍ਰਾਜੈਕਟ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਕੇ ਸਿਹਤ ਸੇਵਾਵਾਂ ਦਾ ਵਿਸਥਾਰ ਕਰਨ ਅਤੇ ਡਾਕਟਰਾਂ ਤੇ ਸਟਾਫ ਦੀ ਮੌਜੂਦਗੀ ਨੂੰ ਬਿਹਤਰ ਬਣਾ ਕੇ ਪਹੁੰਚਯੋਗ ਅਤੇ ਮਰੀਜ਼ ਅਧਾਰਿਤ ਸਿਹਤ ਸੰਭਾਲ ਵਿਵਸਥਾ ਲਾਗੂ ਕਰਨ ਪ੍ਰਤੀ ਸਾਡੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਹ ਸਹੂਲਤਾਂ ਨਾ ਸਿਰਫ਼ ਧੂਰੀ ਸ਼ਹਿਰ ਦੇ ਵਸਨੀਕਾਂ ਨੂੰ ਸਗੋਂ ਆਲੇ-ਦੁਆਲੇ ਦੇ ਲਗਭਗ 70 ਪਿੰਡਾਂ ਦੇ ਲੋਕਾਂ ਨੂੰ ਵੀ ਮਿਲਣਗੀਆਂ, ਜਿਸ ਨਾਲ ਹਜ਼ਾਰਾਂ ਵਸਨੀਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਆਧੁਨਿਕ ਸਿਹਤ ਸੇਵਾਵਾਂ ਮਿਲ ਸਕਣਗੀਆਂ।÷

ਉਨ੍ਹਾਂ ਅੱਗੇ ਕਿਹਾ, "21.65 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਇਸ ਕੰਪਲੈਕਸ ਵਿੱਚ ਲਗਭਗ 73,000 ਵਰਗ ਫੁੱਟ ਵਿੱਚ ਫੈਲੀ ਅਤਿ-ਆਧੁਨਿਕ ਇਮਾਰਤ ਹੈ ਜੋ ਇਸ ਖੇਤਰ ਲਈ ਵਰਦਾਨ ਸਾਬਤ ਹੋਵੇਗੀ। ਇਹ ਓ.ਪੀ.ਡੀ., ਇਨਡੋਰ ਇਲਾਜ, ਐਮਰਜੈਂਸੀ ਸੇਵਾਵਾਂ, ਜਾਂਚ ਸਹੂਲਤਾਂ ਅਤੇ ਵਿਸ਼ੇਸ਼ ਸੇਵਾਵਾਂ ਪ੍ਰਦਾਨ ਕਰਕੇ ਸੈਕੰਡਰੀ-ਪੱਧਰ ਦੀ ਸਿਹਤ ਸੰਭਾਲ ਵਿਵਸਥਾ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤ ਕਰੇਗਾ।"

ਸਿਹਤ ਸੇਵਾਵਾਂ ਲਈ ਦੂਹਰੀ-ਸਹੂਲਤ ਵਾਲੇ ਢਾਂਚੇ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "50 ਬਿਸਤਰਿਆਂ ਦੀ ਸਮਰੱਥਾ ਵਾਲਾ ਸਬ-ਡਿਵੀਜ਼ਨਲ ਹਸਪਤਾਲ ਵਿਆਪਕ ਪੱਧਰ 'ਤੇ ਸੈਕੰਡਰੀ-ਪੱਧਰੀ ਦੀਆਂ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਲਈ ਵਿਕਸਤ ਕੀਤਾ ਗਿਆ ਹੈ, ਜਦੋਂ ਕਿ 30 ਬਿਸਤਰਿਆਂ ਵਾਲਾ ਜੱਚਾ-ਬੱਚਾ ਸਿਹਤ ਸੰਭਾਲ ਬਲਾਕ ਮਾਵਾਂ, ਨਵਜੰਮੇ ਬੱਚੇ ਅਤੇ ਬਾਲ ਸਿਹਤ ਸੰਭਾਲ ਸੇਵਾਵਾਂ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤ ਕਰੇਗਾ, ਜਿਸ ਨਾਲ ਖੇਤਰ ਵਿੱਚ ਮਾਵਾਂ ਤੇ ਨਵਜੰਮੇ ਬੱਚਿਆਂ ਦੀ ਬਿਹਤਰ ਦੇਖਭਾਲ ਯਕੀਨੀ ਬਣਾਈ ਜਾਵੇਗੀ।"

ਹਸਪਤਾਲ ਦੇ ਪਿਛੋਕੜ ਬਾਰੇ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਹਸਪਤਾਲ ਸਾਲ 1978 ਵਿੱਚ 30 ਬਿਸਤਰਿਆਂ ਦੀ ਸਮਰੱਥਾ ਨਾਲ ਸਥਾਪਿਤ ਕੀਤਾ ਗਿਆ ਸੀ ਅਤੇ ਬਾਅਦ ਵਿੱਚ 50 ਬਿਸਤਰਿਆਂ ਤੱਕ ਅਪਗ੍ਰੇਡ ਕੀਤਾ ਗਿਆ, ਹੁਣ ਇਹ ਹਸਪਤਾਲ ਆਧੁਨਿਕ ਸਹੂਲਤਾਂ ਨਾਲ ਲੈਸ 80 ਬਿਸਤਰਿਆਂ ਸਮਰੱਥਾ ਵਾਲਾ ਬਣ ਗਿਆ ਹੈ ਜੋ ਕਿ ਜਨਤਕ ਸਿਹਤ ਸੰਭਾਲ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਸਾਡੀ ਸਰਕਾਰ ਦੇ ਨਿਰੰਤਰ ਯਤਨਾਂ ਨੂੰ ਦਰਸਾਉਂਦਾ ਹੈ।"

ਬੁਨਿਆਦੀ ਢਾਂਚੇ ਦੇ ਵੇਰਵੇ ਦਿੰਦੇ ਹੋਏ ਉਨ੍ਹਾਂ ਦੱਸਿਆ, "ਇਸ ਹਸਪਤਾਲ ਵਿੱਚ 13 ਓ.ਪੀ.ਡੀ. ਕਮਰੇ, ਐਮਰਜੈਂਸੀ ਬਲਾਕ, ਦੋ ਰਜਿਸਟ੍ਰੇਸ਼ਨ ਕਾਊਂਟਰ ਅਤੇ ਵੱਡੀਆਂ ਤੇ ਛੋਟੀਆਂ ਸਰਜਰੀਆਂ ਲਈ 7 ਆਪ੍ਰੇਸ਼ਨ ਥੀਏਟਰ ਸ਼ਾਮਲ ਹਨ। ਇਸ ਵਿੱਚ ਸਮੇਂ ਸਿਰ ਅਤੇ ਸਹੀ ਡਾਕਟਰੀ ਜਾਂਚ ਨੂੰ ਯਕੀਨੀ ਬਣਾਉਣ ਲਈ ਤਿੰਨ ਲੈਬਾਰਟਰੀਆਂ ਦੇ ਨਾਲ-ਨਾਲ ਈ.ਸੀ.ਜੀ., ਅਲਟਰਾਸਾਊਂਡ ਅਤੇ ਐਕਸ-ਰੇ ਰੂਮ ਵਰਗੀਆਂ ਆਧੁਨਿਕ ਜਾਂਚ ਸਹੂਲਤਾਂ ਹਨ।"

ਉਨ੍ਹਾਂ ਅੱਗੇ ਕਿਹਾ, "ਹਸਪਤਾਲ ਵਿੱਚ 12 ਨਿੱਜੀ ਕਮਰੇ, ਛੇ ਜਨਰਲ ਵਾਰਡ, ਇੱਕ ਪੂਰੀ ਤਰ੍ਹਾਂ ਕਾਰਜਸ਼ੀਲ ਡਰੱਗ ਸਟੋਰ, ਇੱਕ ਐਸਐਮਓ ਦਫ਼ਤਰ, 11 ਨਰਸ ਸਟੇਸ਼ਨ ਅਤੇ ਦੋ ਲਿਫਟਾਂ ਉਪਲੱਬਧ ਹਨ। ਇਹ ਸਾਰੀਆਂ ਸਹੂਲਤਾਂ ਮਰੀਜ਼ਾਂ ਦੀ ਦੇਖਭਾਲ ਅਤੇ ਕਾਰਜਸ਼ੀਲ ਕੁਸ਼ਲਤਾ ਨੂੰ ਬਿਹਤਰ ਬਣਾਉਣ ਲਈ ਤਿਆਰ ਕੀਤੀਆਂ ਗਈਆਂ ਹਨ।ਅੱਪਗ੍ਰੇਡ ਕੀਤਾ ਗਿਆ ਬੁਨਿਆਦੀ ਢਾਂਚਾ ਡਾਕਟਰਾਂ ਨੂੰ ਐਮਰਜੈਂਸੀ ਕੇਸਾਂ, ਦੁਰਘਟਨਾ ਪੀੜਤਾਂ ਅਤੇ ਗੰਭੀਰ ਰੂਪ ਵਿੱਚ ਬਿਮਾਰ ਮਰੀਜ਼ਾਂ ਨੂੰ ਵਧੇਰੇ ਕੁਸ਼ਲਤਾ ਨਾਲ ਸੰਭਾਲਣ ਦੇ ਯੋਗ ਬਣਾਏਗਾ।"

ਸੇਵਾਵਾਂ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ, "ਹਸਪਤਾਲ ਸਰਜੀਕਲ ਅਤੇ ਗੋਡੇ ਬਦਲਣ ਦੀਆਂ ਸੇਵਾਵਾਂ ਸਮੇਤ ਹੋਰ ਬਿਹਤਰ ਡਾਕਟਰੀ ਸੇਵਾਵਾਂ ਵੀ ਦੇਵੇਗਾ। ਮਾਹਿਰ ਡਾਕਟਰ, ਖਾਸ ਕਰਕੇ ਕੰਨ, ਨੱਕ ਅਤੇ ਗਲੇ ਦੇ ਖੇਤਰ ਵਿੱਚ ਚੰਗੀ ਦੇਖਭਾਲ ਪ੍ਰਦਾਨ ਕਰਨ ਲਈ ਉਪਲਬਧ ਹੋਣਗੇ।"

ਜੱਚਾ-ਬੱਚਾ ਸਿਹਤ ਸੰਭਾਲ 'ਤੇ ਧਿਆਨ ਕੇਂਦਰਿਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਮਰਪਿਤ ਜੱਚਾ-ਬੱਚਾ ਹਸਪਤਾਲ ਹੁਨਰਮੰਦ ਗਾਇਨੀਕੋਲੋਜਿਸਟਾਂ ਦੀ ਨਿਗਰਾਨੀ ਹੇਠ ਆਮ ਅਤੇ ਸਿਜੇਰੀਅਨ ਡਿਲੀਵਰੀ ਸੇਵਾਵਾਂ ਪ੍ਰਦਾਨ ਕਰੇਗਾ, ਜਿਸ ਨਾਲ ਮਾਵਾਂ ਅਤੇ ਨਵਜੰਮੇ ਬੱਚਿਆਂ ਦੀ ਬਿਹਤਰ ਦੇਖਭਾਲ ਯਕੀਨੀ ਬਣਾਈ ਜਾਵੇਗੀ।÷

ਇਸ ਮੌਕੇ ਹਰਪਾਲ ਸਿੰਘ ਚੀਮਾ ਕੈਬਨਿਟ ਮੰਤਰੀ , ਅਮਨ ਅਰੋੜਾ ਕੈਬਨਿਟ ਮੰਤਰੀ , ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਡਾਕਟਰ ਅਨਵਰ ਭਸੌੜ, ਜਸਵੀਰ ਸਿੰਘ ਜੱਸੀ ਸੇਖੋਂ, ਚੇਅਰਮੇਨ ਦਲਵੀਰ ਸਿੰਘ ਢਿੱਲੋ, ਹਰਜਿੰਦਰ ਸਿੰਘ ਕਾਂਝਲਾ, ਰਣਜੋਧ ਸਿੰਘ ਕਾਂਝਲਾ, ਅਮਰਦੀਪ ਸਿੰਘ ਧਾਦਰਾਂ, ਚੇਅਰਮੈਨ ਅਮਰੀਕ ਸਿੰਘ ਭੋਜੋਵਾਲੀ, ਪਰਮਜੀਤ ਸਿੰਘ ਕਾਂਝਲਾ, ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਰਾਜੂ ਬਰੜਵਾਲ, ਸਰਪੰਚ ਰਾਜੂ ਰੰਗੀਆ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਜੱਗਾ ਭੋਜੋਵਾਲੀ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਜਗਜੀਤ ਸਿੰਘ ਕੱਕੜਵਾਲ, ਸਰਪੰਚ ਦਵਿੰਦਰ ਸਿੰਘ ਧੂਰਾ, ਮਨਪ੍ਰੀਤ ਸਿੰਘ ਢਢੋਗਲ, ਜਗਸੀਰ ਸਿੰਘ, ਰਛਪਾਲ ਸਿੰਘ ਭੁੱਲਰ, ਸਰਪੰਚ ਕਰਮਜੀਤ ਸਿੰਘ, ਸਰਪੰਚ ਮਨਪ੍ਰੀਤ ਸਿੰਘ ਰਾਜੋਮਾਜਰਾ, ਸਰਪੰਚ ਮਨਪ੍ਰੀਤ ਸਿੰਘ ਬਬਨਪੁਰ, ਸਰਪੰਚ ਹਰਪ੍ਰੀਤ ਸਿੰਘ ਗਿੱਲ, ਕੁਲਦੀਪ ਸਿੰਘ ਪੇਧਨੀ, ਸੁਰਜੀਤ ਸਿੰਘ ਪੰਚ ਪੇਧਨੀ , ਸਰਪੰਚ ਮੱਖਣ ਸਿੰਘ ਪੇਧਨੀ, ਹਾਜ਼ਰ ਸਨ।

# ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਵਿੱਚ "ਜ਼ਿੰਦਗੀ ਨੂੰ ਹਾਂ, ਨਸ਼ੇ ਨੂੰ ਨਾ" ਵਿਸ਼ੇ 'ਤੇ ਡਿਬੇਟ ਮੁਕਾਬਲਾ ਆਯੋਜਿਤ

ਬਰਨਾਲਾ, 17 ਮਾਰਚ (ਆਵਾਜ਼ਿ ਕੌਮ ਬਿਊਰੋ)-ਡਿਪਟੀ ਕਮਿਸ਼ਨਰ ਬਰਨਾਲਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਪੈਦਾ ਕਰਨ ਲਈ ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਵਿੱਚ "ਜ਼ਿੰਦਗੀ ਨੂੰ ਹਾਂ, ਨਸ਼ੇ ਨੂੰ ਨਾ" ਵਿਸ਼ੇ 'ਤੇ ਇੱਕ ਪ੍ਰਭਾਵਸ਼ਾਲੀ ਡਿਬੇਟ ਮੁਕਾਬਲਾ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਸੰਸਥਾ ਪ੍ਰਧਾਨ ਸਰਦਾਰ ਭੋਲਾ ਸਿੰਘ ਵਿਰਕ ਜੀ ਦੀ ਰਹਿਨੁਮਾਈ ਹੇਠ ਅਤੇ ਕਾਲਜ ਦੇ ਪ੍ਰਿੰਸੀਪਲ ਡਾ. ਸਰਬਜੀਤ ਸਿੰਘ ਕੁਲਾਰ ਜੀ ਦੀ ਅਗਵਾਈ ਵਿੱਚ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਦੌਰਾਨ ਮੈਡਮ ਮਨਦੀਪ ਕੌਰ, ਵਾਈਸ ਪ੍ਰਿੰਸੀਪਲ ਕਾਲਜ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਕਿਹਾ। ਇਸ ਮੌਕੇ ਸ. ਰੁਪਿੰਦਰਜੀਤ ਸਿੰਘ, ਕੋਆਰਡੀਨੇਟਰ "ਜ਼ਿੰਦਗੀ ਜ਼ਿੰਦਾਬਾਦ ਮਿਸ਼ਨ", ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਦੇ ਨਾਲ ਸ. ਸੁਖਵਿੰਦਰ ਸਿੰਘ, ਸ. ਮਨਜੀਤ ਸਿੰਘ ਅਤੇ ਸ. ਗੁਰਪਾਲ ਸਿੰਘ ਜੀ ਵੀ ਸਮਾਗਮ ਵਿੱਚ ਸ਼ਾਮਲ ਹੋਏ ਅਤੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਸੁਚੇਤ ਰਹਿਣ ਲਈ ਪ੍ਰੇਰਿਤ ਕੀਤਾ। ਇਸ ਤੋਂ ਬਾਅਦ ਡਿਬੇਟ ਮੁਕਾਬਲੇ ਦੀ ਸ਼ੁਰੂਆਤ ਕੀਤੀ ਗਈ ਜਿਸ ਵਿੱਚ ਕਾਲਜ ਦੇ ਕਾਫੀ ਵਿਦਿਆਰਥੀਆਂ ਨੇ ਵੱਡੇ ਉਤਸ਼ਾਹ ਅਤੇ ਵਿਸ਼ਵਾਸ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਆਪਣੇ ਭਾਸ਼ਣਾਂ ਰਾਹੀਂ ਨਸ਼ਿਆਂ ਦੇ ਸਮਾਜ, ਪਰਿਵਾਰ ਅਤੇ ਵਿਅਕਤੀਗਤ ਜੀਵਨ 'ਤੇ ਪੈਣ ਵਾਲੇ ਨੁਕਸਾਨਾਂ ਬਾਰੇ ਗੰਭੀਰ ਚਰਚਾ ਕੀਤੀ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਅਤੇ ਸਫਲ ਜੀਵਨ ਜੀਊਣ ਲਈ ਪ੍ਰੇਰਿਤ ਕੀਤਾ। ਭਾਗੀਦਾਰਾਂ ਨੇ ਤਰਕਸੰਗਤ ਦਲੀਲਾਂ ਅਤੇ ਪ੍ਰਭਾਵਸ਼ਾਲੀ ਅੰਦਾਜ਼ ਨਾਲ ਆਪਣੇ ਵਿਚਾਰ ਪੇਸ਼ ਕਰਦੇ ਹੋਏ ਦਰਸ਼ਕਾਂ 'ਤੇ ਡੂੰਘਾ ਪ੍ਰਭਾਵ ਛੱਡਿਆ। ਮੁਕਾਬਲੇ ਦੌਰਾਨ ਜੱਜਮੈਂਟ ਦੀ ਮਹੱਤਵਪੂਰਨ ਭੂਮਿਕਾ ਮੈਡਮ ਹਰਦੀਪ ਕੌਰ ਅਤੇ ਮੈਡਮ ਸਨਪਿੰਦਰ ਕੌਰ ਨੇ ਨਿਭਾਈ। ਉਨ੍ਹਾਂ ਵੱਲੋਂ ਵਿਦਿਆਰਥੀਆਂ ਦੇ ਵਿਚਾਰਾਂ ਦੀ ਗਹਿਰਾਈ, ਪੇਸ਼ਕਾਰੀ ਦੇ ਅੰਦਾਜ਼ ਅਤੇ ਵਿਸ਼ੇ ਦੀ ਸਮਝ ਦੇ ਆਧਾਰ 'ਤੇ ਨਤੀਜੇ ਤਿਆਰ ਕੀਤੇ ਗਏ। ਅੰਤ ਵਿੱਚ ਬਿਹਤਰੀਨ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਪੁਜ਼ੀਸ਼ਨਾਂ ਦੇ ਨਾਲ ਸਨਮਾਨਿਤ ਕਰਦੇ ਹੋਏ ਇਨਾਮ ਵੰਡੇ ਗਏ। ਸਮਾਗਮ ਦੌਰਾਨ ਸਟੇਜ ਸੈਕਟਰੀ ਦੀ ਜ਼ਿੰਮੇਵਾਰੀ ਡਾ. ਗੁਰਪ੍ਰੀਤ ਕੌਰ ਰਾਣੂੰ ਨੇ ਬਾਖ਼ੂਬੀ ਨਿਭਾਈ ਅਤੇ ਪੂਰੇ ਪ੍ਰੋਗਰਾਮ ਨੂੰ ਸੁਚੱਜੇ ਢੰਗ ਨਾਲ ਚਲਾਇਆ ਅੰਤ ਵਿੱਚ ਡਾ. ਭੁਪਿੰਦਰ ਸਿੰਘ ਨੇ ਸਮਾਗਮ ਵਿੱਚ ਪਹੁੰਚੇ ਮਹਿਮਾਨਾਂ, ਜੱਜ ਸਾਹਿਬਾਨ, ਅਧਿਆਪਕ ਵਰਗ ਅਤੇ ਵਿਦਿਆਰਥੀਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਨੌਜਵਾਨਾਂ ਵਿੱਚ ਜਾਗਰੂਕਤਾ ਪੈਦਾ ਕਰਨ ਅਤੇ ਉਨ੍ਹਾਂ ਨੂੰ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵੱਲ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਤਖ਼ਤ ਪਟਨਾ ਸਾਹਿਬ ਵਿੱਚ ਬਿਹਾਰ ਸਰਕਾਰ ਵੱਲੋਂ ਸ਼ਰਧਾਲੂਆਂ ਲਈ ਮਲਟੀ ਲੈਵਲ ਪਾਰਕਿੰਗ ਦੀ ਸੌਗਾਤ

## ਕੰਗਨਘਾਟ ਗੁਰਦੁਆਰਾ ਦੇ ਸਾਹਮਣੇ 2 ਏਕੜ ਜ਼ਮੀਨ 'ਤੇ ਬਣੇਗੀ 6 ਮੰਜ਼ਿਲਾ ਮਲਟੀ ਲੈਵਲ ਪਾਰਕਿੰਗ



ਨਵੀਂ ਦਿੱਲੀ, 17 ਮਾਰਚ (ਮਨਪ੍ਰੀਤ ਸਿੰਘ ਖਾਲਸਾ): ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦੀ ਸਰਕਾਰ ਵੱਲੋਂ ਤਖ਼ਤ ਪਟਨਾ ਸਾਹਿਬ ਆਉਣ ਵਾਲੇ ਸ਼ਰਧਾਲੂਆਂ ਦੀ ਖੁੱਲ੍ਹੇ ਦਿਲ ਨਾਲ ਸੇਵਾ ਕੀਤੀ ਜਾਂਦੀ ਹੈ ਅਤੇ ਹਮੇਸ਼ਾਂ ਇਹ ਕੋਸ਼ਿਸ਼ ਰਹੀ ਹੈ ਕਿ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ। ਸ਼ਰਧਾਲੂਆਂ ਦੀ ਗਿਣਤੀ ਵਿੱਚ ਲਗਾਤਾਰ ਵਾਧੇ ਨੂੰ ਦੇਖਦੇ ਹੋਏ ਕੰਗਨਘਾਟ ਗੁਰਦੁਆਰਾ ਦੇ ਸਾਹਮਣੇ 2 ਏਕੜ ਜ਼ਮੀਨ 'ਤੇ 100 ਕਰੋੜ ਰੁਪਏ ਦੀ ਲਾਗਤ ਨਾਲ ਮਲਟੀ ਲੈਵਲ ਕਾਰ ਪਾਰਕਿੰਗ ਬਣਾਉਣ ਲਈ ਹਾਲ ਹੀ ਵਿੱਚ ਸਰਕਾਰ ਵੱਲੋਂ ਬਜਟ ਵਿੱਚ ਮਨਜ਼ੂਰੀ ਦਿੱਤੀ ਗਈ ਸੀ, ਜਿਸ ਦੇ ਨਿਰਮਾਣ ਦਾ ਅੱਜ ਸ਼ੁਭਾਰੰਭ ਕੀਤਾ ਗਿਆ। ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਬਲਦੇਵ ਸਿੰਘ ਅਤੇ ਪੰਜ ਸਿੰਘ ਸਾਹਿਬਾਨ ਵੱਲੋਂ ਅਰਦਾਸ ਕਰਨ ਤੋਂ ਬਾਅਦ ਨਿਰਮਾਣ ਕੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਕਾਰ ਸੇਵਾ ਭੂਰੀ ਵਾਲੇ ਬਾਬਾ ਗੁਰਵਿੰਦਰ ਸਿੰਘ ਅਤੇ ਕਾਰ ਸੇਵਾ ਦਿੱਲੀ ਵਾਲੇ ਬਾਬਾ ਗੁਰਨਾਮ ਸਿੰਘ ਵੀ ਮੌਜੂਦ ਸਨ। ਮਲਟੀ ਲੈਵਲ ਪਾਰਕਿੰਗ ਦਾ ਠੇਕਾ ਕਲਸੀ ਬਿਟਕਾਨ ਕੰਪਨੀ ਨੂੰ ਦਿੱਤਾ ਗਿਆ ਹੈ, ਜੋ ਇਸ ਪ੍ਰੋਜੈਕਟ ਨੂੰ 2 ਸਾਲਾਂ ਵਿੱਚ ਪੂਰਾ ਕਰੇਗੀ। ਇਸ ਮੌਕੇ ਤਖ਼ਤ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ, ਮਹਾਂ ਸਕੱਤਰ ਇੰਦਰਜੀਤ ਸਿੰਘ, ਸੀਨੀਅਰ ਉਪ ਪ੍ਰਧਾਨ ਲਖਵਿੰਦਰ ਸਿੰਘ, ਉਪ ਪ੍ਰਧਾਨ ਗੁਰਵਿੰਦਰ ਸਿੰਘ, ਸਕੱਤਰ ਹਰਬੰਸ ਸਿੰਘ, ਮੈਂਬਰ ਹਰਪਾਲ ਸਿੰਘ ਜੋਹਲ ਅਤੇ ਮੀਡੀਆ ਇੰਚਾਰਜ ਸੁਦੀਪ ਸਿੰਘ ਹਾਜ਼ਰ ਸਨ । ਤਖ਼ਤ ਸਾਹਿਬ ਕਮੇਟੀ ਦੇ ਪ੍ਰਧਾਨ ਜਗਜੋਤ ਸਿੰਘ ਸੋਹੀ ਨੇ ਕਿਹਾ ਕਿ ਇਹ ਸਾਡੀ ਕਮੇਟੀ ਲਈ ਖੁਸ਼ਿਕਸਮਤੀ ਦੀ ਗੱਲ ਹੈ ਕਿ ਸਾਡੇ ਕਾਰਜਕਾਲ ਵਿੱਚ ਇੱਕ ਹੋਰ ਨਵੇਂ ਪ੍ਰੋਜੈਕਟ ਦੀ ਸ਼ੁਰੂਆਤ ਹੋਈ ਹੈ। ਉਨ੍ਹਾਂ ਦੱਸਿਆ ਕਿ ਮਲਟੀ ਲੈਵਲ ਪਾਰਕਿੰਗ 6 ਮੰਜ਼ਿਲਾਂ ਵਿੱਚ ਬਣਾਈ ਜਾਵੇਗੀ। ਇਸ ਦੇ ਨਾਲ ਹੀ ਇਸ ਵਿੱਚ 2 ਮੰਜ਼ਿਲਾਂ 'ਤੇ ਸੰਗਤ ਦੀ ਰਹਾਇਸ਼ ਲਈ ਡਾਰਮਿਟਰੀ ਹਾਲ ਬਣਾਏ ਜਾਣਗੇ ਅਤੇ ਹੇਠਲੇ ਤਲ 'ਤੇ ਬਾਥਰੂਮ ਬਣਾਏ ਜਾਣਗੇ। ਇਸ ਪਾਰਕਿੰਗ ਵਿੱਚ ਲਗਭਗ 500 ਕਾਰਾਂ ਅਤੇ 40 ਤੋਂ 50 ਬੱਸਾਂ/ਟਰੱਕ ਆਦਿ ਖੜੇ ਕੀਤੇ ਜਾ ਸਕਣਗੇ। ਜੋ ਵੀ ਸ਼ਰਧਾਲੂ ਆਪਣੀ ਗੱਡੀ ਨਾਲ ਤਖ਼ਤ ਪਟਨਾ ਸਾਹਿਬ ਦਰਸ਼ਨਾਂ ਲਈ ਆਉਣਗੇ, ਉਹ ਮਰੀਨ ਡਰਾਈਵ ਰਾਹੀਂ ਸਿੱਧਾ ਪਾਰਕਿੰਗ ਤੱਕ ਪਹੁੰਚਣਗੇ ਅਤੇ ਉੱਥੋਂ ਬੈਟਰੀ ਰਿਕਸ਼ਾ ਰਾਹੀਂ ਉਨ੍ਹਾਂ ਨੂੰ ਤਖ਼ਤ ਸਾਹਿਬ ਲੈ ਜਾਣ ਅਤੇ ਵਾਪਸ ਲਿਆਂਦਣ ਦੀ ਸੁਵਿਧਾ ਦਿੱਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਹ ਪ੍ਰੋਜੈਕਟ ਕਲਸੀ ਬਿਟਕਾਨ ਕੰਪਨੀ ਦੇ ਸੁਮਿਤ ਸਿੰਘ ਕਲਸੀ ਨੂੰ ਸੌਂਪਿਆ ਗਿਆ ਹੈ, ਜੋ ਇਸਨੂੰ 2 ਸਾਲਾਂ ਵਿੱਚ ਤਿਆਰ ਕਰ ਦੇਣਗੇ। ਇਸ ਪਾਰਕਿੰਗ ਦੇ ਬਣਨ ਨਾਲ ਸੰਗਤ ਨੂੰ ਕਾਫ਼ੀ ਸੁਵਿਧਾ ਮਿਲੇਗੀ।

# ਲੁਧਿਆਣਾ 'ਚ ਵੱਡਾ ਰਾਜਨੀਤਿਕ ਝਟਕਾ: ਸਾਬਕਾ ਕਾਂਗਰਸੀ ਵਿਧਾਇਕ ਜੱਸੀ ਖੰਗੂੜਾ ਨੂੰ 2 ਸਾਲ ਦੀ ਸਖ਼ਤ ਕੈਦ !

**ਲੁਧਿਆਣਾ, 17 ਮਾਰਚ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਦੀ ਰਾਜਨੀਤੀ 'ਚ ਅੱਜ ਵੱਡੀ ਖ਼ਬਰ ਸਾਹਮਣੇ ਆਈ ਹੈ। ਲੁਧਿਆਣਾ ਦੀ ਸੈਸ਼ਨ ਅਦਾਲਤ ਨੇ ਸਾਬਕਾ ਕਾਂਗਰਸੀ ਵਿਧਾਇਕ ਅਤੇ ਪ੍ਰਸਿੱਧ ਹੋਟਲ ਪਾਰਕ ਪਲਾਜ਼ਾ ਦੇ ਮਾਲਕ ਜਸਬੀਰ ਸਿੰਘ ਉਰਫ਼ ਜੱਸੀ ਖੰਗੂੜਾ ਨੂੰ 2 ਸਾਲ ਦੀ ਸਖ਼ਤ ਕੈਦ ਦੀ ਸਜ਼ਾ ਸੁਣਾਈ ਹੈ। ਇਸੇ ਮਾਮਲੇ 'ਚ ਉਨ੍ਹਾਂ ਦੇ ਚਚੇਰੇ ਭਰਾ ਗੁਰਪ੍ਰੀਤ ਸਿੰਘ ਨੂੰ ਵੀ 2 ਸਾਲ ਦੀ ਕੈਦ ਅਤੇ ਦੋਵਾਂ ਨੂੰ 3,000-3,000 ਰੁਪਏ ਦਾ ਜੁਰਮਾਨਾ ਵੀ ਲੱਗਿਆ ਹੈ। ਹਾਲਾਂਕਿ ਅਦਾਲਤ ਨੇ ਦੋਵਾਂ ਨੂੰ ਜ਼ਮਾਨਤ ਦੇ ਦਿੱਤੀ ਹੈ, ਜਿਸ ਕਾਰਨ ਉਨ੍ਹਾਂ ਦੀ ਗ੍ਰਿਫ਼ਤਾਰੀ ਨਹੀਂ ਹੋਈ ਅਤੇ ਉਹ ਬਾਹਰ ਹਨ। ਇਹ ਫੈਸਲਾ ਵਧੀਕ ਸੈਸ਼ਨ ਜੱਜ ਬਰਿੰਦਰ ਸਿੰਘ ਰਮਾਣਾ ਵੱਲੋਂ ਸੁਣਾਇਆ ਗਿਆ।



**ਮਾਮਲਾ ਕੀ ਹੈ ?**

ਇਹ ਪੂਰਾ ਵਿਵਾਦ 2008 ਦੀਆਂ ਬਲਾਕ ਕਮੇਟੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਨਾਲ ਜੁੜਿਆ ਹੈ। ਡੇਹਲੋਂ ਖੇਤਰ ਵਿੱਚ ਵੋਟਿੰਗ ਦੌਰਾਨ ਜੱਸੀ ਖੰਗੂੜਾ ਪੋਲਿੰਗ ਸਟੇਸ਼ਨ 'ਤੇ ਪਹੁੰਚੇ ਸਨ। ਉੱਥੇ ਚੋਣ ਅਧਿਕਾਰੀਆਂ ਅਤੇ ਪੋਲਿੰਗ ਸਟਾਫ ਨਾਲ ਝੜਪ ਹੋ ਗਈ ਅਤੇ ਉਨ੍ਹਾਂ 'ਤੇ ਹਮਲਾ ਕਰਨ, ਸਰਕਾਰੀ ਕੰਮ ਵਿੱਚ ਰੁਕਾਵਟ ਪਾਉਣ ਅਤੇ ਹੋਰ ਗੰਭੀਰ ਧਾਰਾਵਾਂ ਅਧੀਨ ਕੇਸ ਦਰਜ ਹੋਇਆ ਸੀ।

**ਪਿਛੋਕੜ**-2017 ਵਿੱਚ ਹੇਠਲੀ ਅਦਾਲਤ ਨੇ ਜੱਸੀ ਖੰਗੂੜਾ ਸਮੇਤ ਸਾਰੇ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ ਸੀ, ਪਰ ਸ਼ਿਕਾਇਤਕਰਤਾ ਵੱਲੋਂ ਅਪੀਲ ਕਰਨ 'ਤੇ ਸੈਸ਼ਨ ਅਦਾਲਤ ਨੇ ਮਾਮਲੇ ਦੀ ਮੁੜ ਸੁਣਵਾਈ ਕੀਤੀ ਅਤੇ ਹੁਣ ਦੋਸ਼ੀ ਠਹਿਰਾਇਆ ਹੈ। ਇਹ ਫੈਸਲਾ ਪੰਜਾਬੀ ਮੀਡੀਆ 'ਚ ਬਹੁਤ ਚਰਚਾ ਵਿੱਚ ਹੈ ਅਤੇ ਰਾਜਨੀਤਿਕ ਹਲਕਿਆਂ ਵਿੱਚ ਹਲਚਲ ਮਚਾ ਦਿੱਤੀ ਹੈ। ਜੱਸੀ ਖੰਗੂੜਾ ਕਿਲਾ ਰਾਏਪੁਰ ਹਲਕੇ ਤੋਂ ਸਾਬਕਾ ਵਿਧਾਇਕ ਰਹਿ ਚੁੱਕੇ ਹਨ ਅਤੇ ਬਾਅਦ ਵਿੱਚ ਉਨ੍ਹਾਂ ਨੇ ਕਾਂਗਰਸ ਛੱਡ ਕੇ ਆਮ ਆਦਮੀ ਪਾਰਟੀ ਜੁਆਇਨ ਕੀਤੀ ਸੀ, ਪਰ ਬਾਅਦ ਵਿੱਚ ਉੱਥੋਂ ਵੀ ਅਸਤੀਫਾ ਦੇ ਦਿੱਤਾ ਸੀ। ਇਸ ਫੈਸਲੇ ਨਾਲ ਪੰਜਾਬ ਦੀ ਸਿਆਸਤ 'ਚ ਨਵੀਂ ਬਹਿਸ ਛਿੜ ਗਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਸਾਹਿਬ ਬਰਮਮਾਲਾ ਹੈਦਰਾਬਾਦ ਦੀ ਜਗ੍ਹਾ 'ਤੇ

# ਜਬਰੀ ਕਬਜ਼ਾ ਨਿੰਦਣਯੋਗ ਕਾਰਵਾਈ: ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ








**ਅੰਮ੍ਰਿਤਸਰ, 17 ਮਾਰਚ (ਆਵਾਜ਼ਿ ਕੌਮ ਬਿਊਰੋ)**-ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਹੈਦਰਾਬਾਦ ਵਿਖੇ ਗੁਰਦੁਆਰਾ ਸਾਹਿਬ ਬਰਮਬਾਲਾ ਦੀ ਜਗ੍ਹਾ 'ਤੇ ਸਥਾਨਕ ਪ੍ਰਸ਼ਾਸਨ

ਆਵਾਜ਼ਿ ਕੌਮ AWAZE QAUM International Newspaper & WEB TV

ਵੱਲੋਂ ਜਬਰੀ ਕਬਜ਼ਾ ਕਰਨ ਦੀ ਕੀਤੀ ਜਾ ਰਹੀ ਕਾਰਵਾਈ 'ਤੇ ਗੰਭੀਰ ਸਵਾਲ ਉਠਾਉਂਦਿਆਂ ਇਸ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਨਾਲ ਸੰਬੰਧਤ ਜਗ੍ਹਾ 'ਤੇ ਇਸ ਤਰ੍ਹਾਂ ਦੀ ਜਬਰਦਸਤੀ ਕਰਨੀ ਨਾ ਸਿਰਫ਼ ਦੁਖਦਾਈ ਹੈ, ਸਗੋਂ ਇਹ ਸਿੱਖ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਵੀ ਹੈ। ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ ਨੇ ਕਿਹਾ ਕਿ ਗੁਰਦੁਆਰਾ ਸਾਹਿਬ ਬਰਮਬਾਲਾ ਨੂੰ ਪੁਰਾਣੇ ਸਮੇਂ ਤੋਂ ਮਿਲੀ ਹੋਈ ਜਗ੍ਹਾ 'ਤੇ ਪ੍ਰਸਾਸ਼ਨ ਵੱਲੋਂ ਜਬਰਨ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨਾ ਕਾਨੂੰਨ ਅਤੇ ਨਿਆਂ ਦੇ ਮੂਲ ਸਿਧਾਂਤਾਂ ਦੇ ਖ਼ਿਲਾਫ਼ ਹੈ।

ਗੁਰਦੁਆਰਾ ਸਾਹਿਬ ਨਾਲ ਇਸ ਤਰ੍ਹਾਂ ਦੀ ਧੱਕੇਸ਼ਾਹੀ ਖਾਲਸਾ ਪੰਥ ਸਿੱਖ ਕੌਮ ਤੇ ਸਥਾਨਕ ਭਾਈਚਾਰਾ ਵੀ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਸਿੱਖ ਧਰਮ ਵਿਚ ਗੁਰਦੁਆਰਾ ਸਾਹਿਬਾਨ ਸੰਗਤ ਦੀ ਆਸਥਾ ਅਤੇ ਵਿਸ਼ਵਾਸ ਦਾ ਕੇਂਦਰ ਹਨ। ਜਿਥੇ ਹਰ ਧਰਮ ਦੇ ਲੋਕ ਨਤਮਸਤਕ ਹੁੰਦੇ ਹਨ ਤੇ ਲੋੜਵੰਦ ਲੰਗਰ ਪ੍ਰਸ਼ਾਦਾ ਵੀ ਛਕਦੇ ਹਨ। ਇਸ ਤਰਾਂ ਦੀ ਪ੍ਰਸ਼ਾਸਕੀ ਕਾਰਵਾਈ ਦੇ ਨਾਂ 'ਤੇ ਗੁਰਦੁਆਰਾ ਸਾਹਿਬ ਦੀ ਜਗ੍ਹਾ 'ਤੇ ਜਬਰੀ ਕਬਜ਼ਾ ਕਰਨ ਦੀ ਕੋਸ਼ਿਸ਼ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ 'ਤੇ ਹਮਲਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਇਸ ਧੱਕੇਸ਼ਾਹੀ ਵਾਲੀ ਕਾਰਵਾਈ ਤੋਂ ਤੁਰੰਤ ਪਿੱਛੇ ਹਟੇ। ਉਨ੍ਹਾਂ ਕੇਂਦਰ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਇਸ ਮਾਮਲੇ ਵਿਚ ਤੁਰੰਤ ਦਖ਼ਲ ਦੇ ਕੇ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਆਦਰ ਕੀਤਾ ਜਾਵੇ ਅਤੇ ਗੁਰਦੁਆਰਾ ਸਾਹਿਬ ਬਰਮਬਾਲਾ ਨਾਲ ਸਬੰਧਤ ਜਗ੍ਹਾ 'ਤੇ ਕਬਜ਼ਾ ਦੀ ਨੀਅਤ ਨਾਲ ਕੀਤੀ ਜਾ ਰਹੀ ਕਾਰਵਾਈ ਨੂੰ ਮੁਕੰਮਲ ਤੌਰ 'ਤੇ ਰੋਕਣ ਦਾ ਸਥਾਨਕ ਸੂਬੇ ਦੀ ਸਰਕਾਰ ਨੂੰ ਆਦੇਸ਼ ਜਾਰੀ ਕੀਤੇ ਜਾਣ। ਉਨ੍ਹਾਂ ਸਥਾਨਕ ਸੰਗਤਾਂ ਨੂੰ ਇਸ ਮਾਮਲੇ ਵਿਚ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਵੱਲੋਂ ਪੂਰਨ ਸਹਿਯੋਗ ਦੀ ਵਚਨਬੱਧਤਾ ਪ੍ਰਗਟਾਉਂਦਿਆਂ ਕਿਹਾ ਕਿ ਕਿਸੇ ਵੀ ਧੱਕੇਸ਼ਾਹੀ ਵਿਰੁੱਧ ਖਾਲਸਾ ਪੰਥ ਪੂਰੇ ਵਿਸ਼ਵ ਦੀਆਂ ਸੰਗਤਾਂ ਨਾਲ ਖੜ੍ਹਾ ਹੈ ਅਤੇ ਖੜ੍ਹਾ ਰਹੇਗਾ।

### ਨਸੇ ਪਾਨ ਬੀੜੀਆਂ ਤੇ ਮੀਟ ਮੱਛੀ ਦੀਆਂ ਸਾਰੀਆਂ ਦੁਕਾਨਾਂ ਪੱਕੇ ਤੌਰ ਬੰਦ ਕਰਾਉਣ ਲਈ

# 31 ਮਾਰਚ ਨੂੰ ਚੌਂਕ ਮਹਾਂ ਸਿੰਘ ਚ ਵਾਹਿਗੁਰੂ ਜੀ ਜਾਪ ਕਰਕੇ ਅਰਦਾਸ ਸਮਾਗਮ

**ਜੰਡਿਆਲਾ ਗੁਰੂ, 17 ਮਾਰਚ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਵੱਲੋਂ ਸ੍ਰੀ ਅੰਮਿਤਸਰ ਸਾਹਿਬ ਜੀ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਐਲਾਨ ਦੇਣ ਤੇ ਚੋਕ ਮਹਾ ਸਿੰਘ ਹਾਲ ਗੇਟ ਚ ਚੱਲ ਰਹੀਆਂ ਸਰਾਬ ਦੇ ਠੇਕੇ ਪਾਨ ਬੀੜੀਆਂ ਤੇ ਮੀਟ ਮੱਛੀ ਮੰਡੀ ਦੀਆਂ ਸਾਰੀਆਂ ਦੁਕਾਨਾਂ ਪੱਕੇ ਤੌਰ ਬੰਦ ਕਰਾਉਣ ਲਈ 31 ਮਾਰਚ ਨੂੰ ਚੋਕ ਮਹਾ ਸਿੰਘ ਚ ਵਾਹਿਗੁਰੂ ਜੀ ਜਾਪ ਕਰਕੇ ਅਰਦਾਸ ਸਮਾਗਮ ਭੋਮਾ ਬੀਬੀ ਚੰਡੀਗੜ੍ਹ ਪ੍ਰਧਾਨ ਰਣਜੀਤ ਸਿੰਘ ਭੋਮਾ ਸਮਾਜ ਸੁਧਾਰ ਸੰਸਥਾ ਪੰਜਾਬ ਬੀਬੀ ਕਮਲਜੀਤ ਕੋਰ ਚੰਡੀਗੜ੍ਹ ਬੀਬੀ ਸੁਰਿੰਦਰ ਕੌਰ ਵੇਰਕਾ ਨੇ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਅਸੀਂ 15 ਸਾਲਾਂ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਗੁਰੂ ਨਗਰੀ ਸਿਫਤੀ ਦੇ ਘਰ ਦੀ ਪਵਿੱਤਰਤਾ ਬਹਾਲ ਕਰਾਉਣ ਲਈ ਸਮਾਜ ਸੁਧਾਰ ਸੰਸਥਾ ਪੰਜਾਬ ਵੱਲੋਂ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਸ੍ਰੀ ਅੰਮ੍ਰਿਤਸਰ ਤੇ ਬਾਬਾ ਦੀਪ ਸਿੰਘ ਜੀ ਸ਼ਹੀਦ ਤੇ ਸ੍ਰੀ ਦੁਰਗਿਆਣਾ ਮੰਦਰ ਆਦਿ ਧਾਰਮਿਕ ਅਸਥਾਨਾਂ ਦੇ ਦਰਸ਼ਨ ਬੱਸ ਸਟੈਂਡ ਤੋਂ ਚੋਕ ਮਹਾ ਸਿੰਘ ਹਾਲ ਗੇਟ ਥਾਨਾ ਬੀ ਡਵੀਜ਼ਨ ਕਹੀਆਂ ਵਾਲਾ ਬਜਾਰਾਂ ਵਿੱਚ ਮੀਟ ਤੇ ਮੱਛੀ ਤੇ ਡੰਗਰਾਂ ਦੇ ਮੀਟ ਤੇ ਸਰਾਬ ਦੇ ਠੇਕੇ ਤੇ ਪਾਨ ਬੀੜੀਆਂ ਦੀਆਂ ਸਾਰੀਆਂ ਦੁਕਾਨਾਂ ਖੋਲਣ ਵਾਲੇ ਪਾਪੀ ਦੁਸ਼ਟ ਲੋਕਾਂ ਵੱਲੋਂ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਤੇ ਹੋਰ ਗੁਰਧਾਮਾਂ ਦੇ ਦਰਸ਼ਨ ਕਰਨ ਜਾਣ ਆਉਣ ਸਮੇਂ ਹਰੇਕ ਬਜਾਰਾਂ ਵਿੱਚ ਵਾਤਾਵਰਣ ਖਰਾਬ ਕੀਤਾ ਹੋਇਆ ਤੇ ਭੈੜੀ ਸਮੱਲ ਆਉਣ ਨਾਲ ਦਰਸ਼ਨ ਕਰਨ ਸਮੇਂ ਸੰਗਤਾਂ ਦੇ ਮਨਾਂ ਵਿੱਚ ਠੇਸ ਪਹੁੰਚਾ ਰਹੀਆਂ ਹਨ ਪਿਛਲੇ ਸਮੇਂ ਤੋਂ ਅਸੀਂ ਕਈ ਸਾਲਾਂ ਤੋਂ ਮੰਗ ਪੱਤਰ ਡਿਪਟੀ ਕਮਿਸਨਰ ਅੰਮ੍ਰਿਸਰ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਮ ਮੰਗ ਪੱਤਰ ਭੇਜਿਆ ਸੀ ਜਿਸ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਕੈਬਨਿਟ ਵਿੱਚ ਮਤਾ ਪਾਸ ਕਰਕੇ ਸ੍ਰੀ ਅੰਮ੍ਰਿਸਰ ਸਾਹਿਬ ਜੀ ਦੇ 12 ਗੇਟਾਂ ਵਿੱਚ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦਾ ਐਲਾਨ ਕਰਕੇ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ ਤੇ ਵਿਸ਼ਵ ਭਰ ਦੀਆਂ ਸੰਗਤਾਂ ਵਿੱਚ ਪਵਿੱਤਰਤਾ ਬਹਾਲੀ ਹੋਣ ਤੇ ਖੁਸ਼ੀ ਦੀ ਲਹਿਰ ਪਾਈ ਗਈ ਸੀ ਪਰ ਤਿੰਨ ਮਹੀਨੇ ਬੀਤ ਜਾਣ ਤੇ ਪਵਿੱਤਰਤਾ ਬਹਾਲੀ ਨਹੀਂ ਹੋਈ ਸਰੇਆਮ ਚੋਕ ਮਹਾ ਸਿੰਘ ਤੇ ਹਾਲ ਗੇਟ ਤੇ ਥਾਨਾ ਬੀ ਡਵੀਜ਼ਨ ਕਹੀਆਂ ਵਾਲਾ ਬਜਾਰਾਂ ਆਦਿ ਵਿੱਚ ਸਰੇਆਮ ਦੁਕਾਨਾਂ ਖੱਲ੍ਹਣ ਵਾਲਿਆਂ ਤੇ ਪ੍ਰਸਾਸਨ ਵੱਲੋਂ ਕੋਈ ਦੁਕਾਨਾਂ ਬੰਦ ਨਹੀਂ ਕਾਰਵਾਈ ਜੋ ਦੁੱਖਦਾਈ ਤੇ ਨਿੰਦਨਯੋਗ ਕਾਰਵਾਈ ਹੈਂ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਸ੍ਰੀ ਅੰਮ੍ਰਿਸਰ ਸਾਹਿਬ ਜੀ ਅਸਥਾਨ ਪੂਰੇ ਵਿਸ਼ਵ ਭਰ ਵਿੱਚ ਧਾਰਮਿਕ ਅਸਥਾਨ ਹੈ ਤੇ ਲੱਖਾਂ ਸੰਗਤਾਂ ਦੇਸ ਵਿਦੇਸ ਤੋ ਹਵਾਈ ਜਹਾਜ਼ਾਂ ਤੇ ਰੇਲ ਟਰੇਨਾਂ ਬੱਸਾਂ ਕਾਰਾ ਰਾਹੀਂ ਪ੍ਰਵਾਰਾ ਸਮੇਤ ਨਤਮਸਤਕ ਹੋ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਤੇ ਬਾਬਾ ਦੀਪ ਸਿੰਘ ਜੀ ਤੇ ਸ੍ਰੀ ਦੁਰਗਿਆਣਾ ਮੰਦਰ ਤੇ ਹੋਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਦੇ ਹਨ ਤੇ ਹਰੇਕ ਅਰਦਾਸਾਂ ਸੰਗਤਾਂ ਦੀਆਂ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਹਨ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੀਤੇ ਐਲਾਨ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੇ ਐਲਾਨ ਨੂੰ 31 ਮਾਰਚ ਤੋ ਪਹਿਲਾਂ ਸਰਾਬ ਦੇ ਠੇਕੇ ਮੀਟ ਪਾਨ ਬੀੜੀਆਂ ਮੱਛੀ ਦੀਆਂ ਸਾਰੀਆਂ ਦੁਕਾਨਾਂ ਪੱਕੇ ਤੌਰ ਤੇ ਬੰਦ ਕਰਕੇ ਚੋਕ ਮਹਾ ਸਿੰਘ ਵਿੱਚ ਸੁੰਦਰ ਸੁਨਿਹਰੀ ਗੇਟ ਬਣਾਇਆ ਜਾਵੇ ਤੇ ਨਾਲ ਠੰਡੇ ਜਲ ਦੀਆਂ ਛਬੀਲਾਂ ਲਗਾਈਆਂ ਜਾਣ ਤੇ ਗੁਰੂ ਨਗਰੀ ਬੱਸ ਸਟੈਂਡ ਅੰਮ੍ਰਿਸਰ ਨੂੰ ਸੁੰਦਰ ਬਣਾਇਆ ਜਾਵੇ ਤੇ ਦਰਸਨ ਕਰਨ ਵਾਲੀਆਂ ਸੜਕਾਂ ਸਾਰੀਆਂ ਵਧੀਆ ਪ੍ਰੀਮਕਸ ਪਾ ਕੇ ਬਣਾਈਆਂ ਜਾਣ ਰੋਜਾਨਾ ਸਫਾਈ ਤੇ ਗੰਦਗੀ ਦੇ ਢੇਰ ਚੁਕਾਏ ਜਾਣ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ 31 ਮਾਰਚ ਨੂੰ ਚੋਕ ਮਹਾ ਸਿੰਘ ਵਿਖੇ ਪੰਜਾਬ ਸਰਕਾਰ ਨੂੰ ਜਗਾਉਣ ਤੇ ਪਵਿੱਤਰ ਸ਼ਹਿਰ ਦਾ ਦਰਜਾ ਲਾਗੂ ਕਰਾਉਣ ਲਈ ਵਾਹਿਗੁਰੂ ਜੀ ਜਾਪ ਕਰਕੇ ਅਰਦਾਸ ਸਮਾਗਮ ਹੋਵੇਗਾ ਸੰਗਤਾਂ ਅਰਦਾਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਪਵਿੱਤਰਤਾ ਬਹਾਲ ਕਰਾਉਣ ਵਿੱਚ ਸ਼ਾਮਲ ਹੋਣ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਕਿਹਾ ਕਿ ਪਵਿੱਤਰਤਾ ਬਹਾਲੀ ਲਾਗੂ ਹੋਣ ਤੇ ਅੰਮ੍ਰਿਸਰ ਸਾਹਿਬ ਜੀ ਦੇ ਡਿਪਟੀ ਕਮਿਸਨਰ ਦਲਵਿੰਦਰਜੀਤ ਸਿੰਘ ਤੇ ਮੁੱਖ ਮੰਤਰੀ ਪੰਜਾਬ ਨੂੰ ਸੋਨੇ ਦੇ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ ਤੇ ਆਖਰੀ ਸਵਾਸਾਂ ਤੱਕ ਸੰਘਰਸ਼ ਜਾਰੀ ਰਹੇਗਾ ਜਿੰਨਾ ਚਿਰ ਤੱਕ ਪਵਿੱਤਰ ਸ਼ਹਿਰ ਦਾ ਦਰਜਾ ਪੂਰਾ ਲਾਗੂ ਨਹੀਂ ਹੁੰਦਾ ਰਣਜੀਤ ਸਿੰਘ ਭੋਮਾ ਪ੍ਰਧਾਨ ਸਮਾਜ ਸੁਧਾਰ ਸੰਸਥਾ ਪੰਜਾਬ 8264320308 9878089832 ਸਮੂਹ ਗਰੁੱਪਾਂ ਵਿੱਚ ਸੈਡ ਕਰਕੇ ਪ੍ਰਸਾਸਨ ਤੇ ਦੁਕਾਨਾਂ ਖੋਲਣ ਵਾਲਿਆਂ ਦੁਸ਼ਟਾ ਦੀਆਂ ਜਮੀਰਾ ਜਗਾਓ ਤੇ ਸੰਗਤਾਂ ਨੂੰ ਮੰਗਣ ਵਾਲੇ ਤੰਗ ਕਰਨ ਵਾਲਿਆਂ ਨੂੰ ਨੱਥ ਪਾਈ ਜਾਵੇ।



**ਪਵਿੱਤਰਤਾ ਬਹਾਲੀ ਲਾਗੂ ਹੋਣ ਤੇ ਅੰਮ੍ਰਿਸਰ ਸਾਹਿਬ ਜੀ ਦੇ ਡੀ ਸੀ ਦਲਵਿੰਦਰਜੀਤ ਸਿੰਘ ਤੇ ਮੁੱਖ ਮੰਤਰੀ ਪੰਜਾਬ ਨੂੰ ਸੋਨੇ ਦੇ ਮੈਡਲ ਨਾਲ ਕੀਤਾ ਜਾਵੇਗਾ ਸਨਮਾਨਿਤ-ਪ੍ਰਧਾਨ ਭੋਮਾ**

ਆਵਾਜ਼ਿ ਕੌਮ AWAZE QAUM International Newspaper & WEB TV

# ਅਧਿਆਪਕਾਂ ਦੀ ਸੇਵਾ ਸੁਰੱਖਿਆ ਦੀ ਬਜਾਏ ਪੁਲਸੀਆ ਤਸ਼ੱਦਦ ਵਿਰੁੱਧ ਪੰਜਾਬ ਸਰਕਾਰ ਦੀਆਂ ਅਰਥੀਆਂ ਫੂਕੀਆਂ



**ਤਲਵੰਡੀ ਸਾਬੋ, 17 ਮਾਰਚ (ਗੁਰਜੰਟ ਸਿੰਘ ਨਥੇਹਾ)**- ਅਧਿਆਪਕ ਜਥੇਬੰਦੀਆਂ ਦੇ ਆਗੂਆਂ ਗੁਰਮੇਲ ਸਿੰਘ ਮਲਕਾਣਾ ਜ਼ਿਲ੍ਹਾ ਜਨਰਲ ਸਕੱਤਰ ਡੀ.ਟੀ.ਐੱਫ, ਮੋਹਨ ਸਿੰਘ ਮਲਕਾਣਾ ਬਲਾਕ ਪ੍ਰਧਾਨ, ਭੋਲਾ ਰਾਮ ਬਲਾਕ ਪ੍ਰਧਾਨ ਦੀ ਅਗਵਾਈ ਵਿੱਚ ਤਹਿਸੀਲ ਕੰਪਲੈਕਸ ਦੇ ਮੇਨ ਉੱਤੇ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਸੁਪਰੀਮ ਕੋਰਟ ਰਾਹੀਂ ਟੈੱਟ (ਅਧਿਆਪਕ ਯੋਗਤਾ ਟੈਸਟ) ਦੀ ਬਿਲਕੁਲ ਬੇਲੋੜੀ, ਗੈਰਵਿਧਾਨਿਕ ਸ਼ਰਤ ਜਬਰੀ ਥੋਪਣ, ਪੰਜਾਬ ਸਰਕਾਰ ਵਲੋਂ ਬਜਟ ਸੈਸ਼ਨ ਦੌਰਾਨ ਅਧਿਆਪਕਾਂ ਦੀ ਸੇਵਾ ਸੁਰੱਖਿਆ ਲਈ ਬਿੱਲ ਨਾ ਲਿਆਉਣ, ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਾਖਲ ਨਾ ਕਰਨ, ਸਿੱਖਿਆ ਵਿਭਾਗ ਵਲੋਂ ਕੁਝ ਵਰਗਾਂ ਨੂੰ ਟੈੱਟ ਤੋਂ ਛੋਟ ਦੇਣ ਦਾ ਪੱਤਰ ਰੱਦ ਕਰਨ, ਸੰਘਰਸ਼ ਦੌਰਾਨ ਜਲ ਤੋਪਾਂ, ਲਾਠੀਚਾਰਜ ਅਤੇ ਅਥਰੂ ਗੈਸ ਦੇ ਗੋਲਿਆਂ ਦੀ ਅੰਨ੍ਹੇਵਾਹ ਵਰਤੋਂ ਕਰਕੇ ਅਧਿਆਪਕਾਂ ਨੂੰ ਜਖਮੀ ਕਰਕੇ ਰਾਸ਼ਟਰ ਨਿਰਮਾਤਾ ਅਧਿਆਪਕਾਂ ਦੇ ਮਾਨ ਸਨਮਾਨ ਨੂੰ ਸੱਟ ਮਾਰਨ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਵਿੱਚ ਅਧਿਆਪਕਾਂ ਦੀ ਕਿਸੇ ਵੀ ਸਮੱਸਿਆ ਦਾ ਹੱਲ ਕਰਨ ਦੀ ਬਜਾਏ ਮਸਲਿਆਂ ਦੇ ਹੱਲ ਲਈ ਸੰਘਰਸ਼ ਕਰ ਰਹੇ ਅਧਿਆਪਕਾਂ ਦੇ ਹਰ ਵਰਗ 'ਤੇ ਪੁਲਸੀਆ ਤਸ਼ੱਦਦ ਹੀ ਕੀਤਾ ਹੈ। ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਲੰਗੜਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਹੁਣ ਤੱਕ ਲਾਗੂ ਨਹੀਂ ਕੀਤੀ ਗਈ, ਤਨਖਾਹ ਦੁਹਰਾਈ ਦੇ ਬਕਾਏ, ਨਵੇਂ ਸਕੇਲ ਰੱਦ ਕਰਕੇ ਪੰਜਾਬ ਤਨਖ਼ਾਹ ਸਕੇਲਾਂ ਦੀ ਬਹਾਲੀ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਜਾਰੀ ਕੀਤੀਆਂ ਕਿਸ਼ਤਾਂ ਦੇ ਬਕਾਏ ਮਿੱਟੀ ਘੱਟੇ ਰਲਾ ਦਿੱਤੇ ਗਏ ਹਨ, ਸੋਧਣ ਦੇ ਨਾਂ 'ਤੇ ਬੰਦ ਕੀਤੇ ਸਮੁੱਚੇ ਭੱਤੇ ਬਹਾਲ ਨਹੀਂ ਕੀਤੇ ਜਾ ਰਹੇ, ਤਨਖਾਹ ਕਮਿਸ਼ਨ ਦੀ ਪੂਰੀ ਰਿਪੋਰਟ ਵੀ ਜਾਰੀ ਨਹੀਂ ਕੀਤੀ ਗਈ, ਸਕੂਲਾਂ ਵਿੱਚ ਅਧਿਆਪਕਾਂ ਦੀਆਂ ਅਤੇ ਸਕੂਲ ਮੁਖੀਆਂ ਦੀਆਂ ਹਜ਼ਾਰਾਂ ਪੋਸਟਾਂ ਖਾਲੀ ਹੋਣ ਦੇ ਬਾਵਜੂਦ ਬੇਰੁਜ਼ਗਾਰ ਅਧਿਆਪਕਾਂ ਨੂੰ ਰੁਜ਼ਗਾਰ ਨਹੀਂ ਦਿੱਤਾ ਜਾ ਰਿਹਾ ਅਤੇ ਨਾ ਹੀ ਬਣਦੀਆਂ ਤਰੱਕੀਆਂ ਨੇਪਰੇ ਚਾੜ੍ਹੀਆਂ ਹਨ। ਇੱਕ ਪਾਸੇ ਪੰਜਾਬ ਸਰਕਾਰ ਵਲੋਂ ਖਜਾਨਾ ਭਰੇ ਹੋਣ ਦੇ ਦਮਗਜੇ ਮਾਰੇ ਜਾ ਰਹੇ ਹਨ, ਪਰ ਅਧਿਆਪਕਾਂ ਦੇ ਵਿੱਤੀ ਮਸਲੇ ਹੱਲ ਨਹੀਂ ਕੀਤੇ ਜਾ ਰਹੇ, ਬਹੁਗਿਣਤੀ ਅਧਿਆਪਕ ਫਰਵਰੀ ਮਹੀਨੇ ਦੀ ਤਨਖਾਹ ਨੂੰ ਵੀ ਤਰਸ ਰਹੇ ਹਨ। ਇਹਨਾਂ ਸਮੱਸਿਆਵਾਂ ਦਾ ਹੱਲ ਕਰਨ ਦੀ ਬਜਾਏ ਸੇਵਾ ਨਿਭਾ ਰਹੇ ਅਧਿਆਪਕਾਂ ਦੇ ਸਿਰ ਤੇ ਛਾਂਟੀ ਦੀ ਤਲਵਾਰ ਲਟਕਾ ਦਿੱਤੀ ਗਈ ਹੈ। ਇਸ ਪ੍ਰਦਰਸ਼ਨ ਵਿੱਚ ਕੁਲਦੀਪ ਸਿੰਘ ਗੋਸਲ, ਜਸਵਿੰਦਰ ਸਿੰਘ ਸੰਦੋਹਾ, ਅਵਤਾਰ ਸਿੰਘ ਭਾਗੀਵਾਂਦਰ, ਵੀਰ ਸਿੰਘ ਲੈਕਚਰਾਰ,ਹਾਕਮ ਸਿੰਘ ਲੈਕਚਰਾਰ, ਹਰਸ਼ਰਨ ਸਿੰਘ, ਦਲ ਸਿੰਘ, ਬਲਕੌਰ ਸਿੰਘ, ਗੁਰਨਾਇਬ ਸਿੰਘ, ਸੁਰੇਸ਼ ਕੁਮਾਰ, ਵਿਜੈ ਕੁਮਾਰ, ਗਿਰਧਾਰੀ ਲਾਲ, ਗੁਰਪ੍ਰੀਤ ਸਿੰਘ, ਬਲਰਾਮ ਕੁਮਾਰ, ਗੁਰਸ਼ਰਨ ਸਿੰਘ, ਮੋਦਨ ਸਿੰਘ, ਜਗਜੀਤ ਸਿੰਘ, ਗਗਨਦੀਪ ਸਿੰਘ, ਰਜਿੰਦਰ ਸਿੰਘ ਆਦਿ ਵੱਡੀ ਗਿਣਤੀ ਅਧਿਆਪਕ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬਰਨਾਲਾ ਵਿਖੇ ਕਾਂਗਰਸ ਵੱਲੋਂ ਪੰਜਾਬ ਸਰਕਾਰ ਖਿਲਾਫ ਦਿੱਤਾ ਵਿਸ਼ਾਲ ਧਰਨਾ



**ਬਰਨਾਲਾ, 17 ਮਾਰਚ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਪਾਰਟੀ ਵੱਲੋਂ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਅਗਵਾਈ ਵਿੱਚ ਕਚਹਿਰੀ ਚੌਂਕ ਵਿਖੇ ਆਮ ਆਦਮੀ ਪਾਰਟੀ ਦੀ ਸਰਕਾਰ ਵਿਰੁੱਧ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ। ਜਿਸ ਵਿੱਚ ਸਰਕਾਰ ਵੱਲੋਂ ਔਰਤਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਨਾ ਕਰਨ ਤੇ ਤਿੱਖੇ ਹਮਲੇ ਕੀਤੇ ਗਏ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਔਰਤਾਂ ਨਾਲ ਕੀਤਾ ਵਾਅਦਾ ਚਾਰ ਸਾਲ ਬਾਅਦ ਯਾਦ ਆਇਆ ਸਰਕਾਰ ਨੂੰ ਪਿਛਲੇ ਚਾਰ ਸਾਲਾਂ ਦਾ ਬਕਾਇਆ ਵੀ ਦੇਣਾ ਚਾਹੀਦਾ ਹੈ ਜੋ ਕਿ ਇੱਕ ਔਰਤ ਦਾ 48 ਹਜਾਰ ਰੁਪਆ ਬਣਦਾ ਹੈ। ਓਹੋ ਤੁਰੰਤ ਔਰਤਾਂ ਦੇ ਖਾਤਿਆਂ ਵਿੱਚ ਪਾਇਆ ਜਾਵੇ। ਧਰਨੇ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋ ਨੇ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਅਨੇਕਾਂ ਪਾਰਟੀਆਂ ਨੇ ਰਾਜ ਕੀਤਾ ਪਰ ਅਸਲ ਵਿੱਚ ਉਹੀ ਪਾਰਟੀ ਸਫਲ ਮੰਨੀ ਜਾਂਦੀ ਹੈ ਜੋ ਚੋਣਾਂ ਸਮੇਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਨਿਸ਼ਚਿਤ ਸਮੇਂ ਤੇ ਪੂਰਾ ਕਰਦੀ ਹੈ ਉਹਨਾਂ ਦੋਸ ਲਾਇਆ ਕਿ ਚਾਰ ਸਾਲ ਪਹਿਲਾਂ ਆਪ ਸਰਕਾਰ ਨੇ ਭੋਲੀ ਭਾਲੀ ਜਨਤਾ ਨੂੰ ਗੁਮਰਾਹਕੁੰਨ ਪ੍ਰਚਾਰ ਰਾਹੀਂ ਸਤਾ ਹਾਸਲ ਕੀਤੀ ਸੱਤਾ ਵਿੱਚ ਆਉਂਦੇ ਹੀ ਸਰਕਾਰ ਨੇ ਧੋਖੇਬਾਜੀ ਦੇ ਸਾਰੇ ਰਿਕਾਰਡ ਤੋੜ ਦਿੱਤੇ। ਹਰ ਕੰਮ ਦੇ ਐਲਾਨ ਲਈ ਕਰੋੜਾਂ ਰੁਪਏ ਦੇ ਇਸ਼ਿਤਹਾਰਬਾਜ਼ੀ ਕੀਤੀ ਜਾਂਦੀ ਹੈ ਥੋੜੇ ਸਮੇਂ ਬਾਅਦ ਉਹ ਐਲਾਨ ਠੱਪ ਹੋ ਜਾਂਦੇ ਹਨ। 63 ਹਜਾਰ ਨੌਕਰੀਆਂ ਦਾ ਦਾਅਵਾ ਕਰਨ ਵਾਲੀ ਸਰਕਾਰ ਨੇ ਸਰਕਾਰੀ ਨੌਕਰੀਆਂ ਸਿਰਫ ਪੰਜ ਸ ਹੀ ਦਿੱਤੇ ਹਨ ਬਾਕੀ ਸਭ ਪ੍ਰਾਈਵੇਟ ਅਦਾਰਿਆਂ ਦੀਆਂ ਦਿੱਤੀਆਂ ਨੌਕਰੀਆਂ ਵੀ ਆਪਣੇ ਖਾਤੇ ਵਿੱਚ ਪਾ ਰਹੇ ਹਨ। ਕਿਉਂਕਿ ਹਰ ਪ੍ਰਾਈਵੇਟ ਫੈਕਟਰੀ ਰੋਜ਼ਗਾਰ ਦਫਤਰ ਰਾਹੀਂ ਹੀ ਮੁਲਾਜ਼ਮ ਰੱਖ ਸਕਦੀ ਹੈ। ਉਨਾ ਕਿਹਾ ਕਿ ਅਗਰ ਸਰਕਾਰ ਵਾਅਦਾ ਪੂਰਾ ਕਰਨਾ ਚਾਹੁੰਦੀ ਹੈ ਤਾਂ ਪਹਿਲਾਂ 48 ਹਜਾਰ ਰੁਪਏ ਹਰ ਔਰਤ ਦੇ ਖਾਤੇ ਦੇ ਵਿੱਚ ਪਾਵੇ। ਕਚਹਿਰੀ ਚੌਂਕ ਤੋਂ ਬਾਅਦ ਕਾਂਗਰਸੀ ਵਰਕਰਾਂ ਦਾ ਕਾਫਲਾ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਦੀ ਰਿਹਾਇਸ਼ ਅੱਗੇ ਪਹੁੰਚਿਆ ਉਥੇ ਵੀ ਜੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਸ਼ਹਿਰੀ ਬਲਾਕ ਪ੍ਰਧਾਨ ਮਹੇਸ਼ ਲੋਟਾ, ਸਾਬਕਾ ਚੇਅਰਮੈਨ ਮੱਖਣ ਸ਼ਰਮਾ,ਪ੍ਰਧਾਨ ਸਤਿਨਾਮ ਸਿੰਘ ਪੱਤੀ ਸੇਖਵਾਂ, ਕਾਂਗਰਸ ਕਿਸਾਨ ਸੈੱਲ ਦੇ ਸੂਬਾ ਮੀਤ ਪ੍ਰਧਾਨ ਧੰਨਾ ਸਿੰਘ ਗਰੇਵਾਲ, ਜਸਮੇਲ ਸਿੰਘ ਡੈਰੀਵਾਲਾ, ਵਰੁਣ ਬੱਤਾ, ਲੱਕੀ ਕੰਡਾ ਹਲਕਾ ਯੂਥ ਪ੍ਰਧਾਨ, ਗੁਰਮੇਲ ਸਿੰਘ ਮੌੜ ਭੁਪਿੰਦਰ ਸਿੰਘ ਜਲੂਰ, ਜਗਤਾਰ ਸਿੰਘ ਪੱਖੋਕੇ, ਬਿੱਟੂ ਸ਼ਰਮਾ ਪੀ ਏ, ਬਾਜ ਸਿੰਘ ਰਟੌਲ, ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸ ਆਗੂ ਅਤੇ ਵਰਕਰ ਸ਼ਾਮਿਲ ਸਨ ਵਿਧਾਇਕ ਢਿੱਲੋਂ ਨੇ ਕਿਹਾ ਕਿ ਹੁਣ ਜਨਤਾ ਇਹਨਾਂ ਦੇ ਗੱਪਾਂ ਵਿੱਚ ਨਹੀਂ ਆਵੇਗੀ ਆਉਣ ਵਾਲੀਆਂ ਚੋਣਾਂ ਵਿੱਚ ਮੂੰਹ ਤੋੜ ਜਵਾਬ ਦੇਵੇਗੀ। 2027 ਵਿੱਚ ਲੋਕ ਕਾਂਗਰਸ ਪਾਰਟੀ ਨੂੰ ਸੱਤਾ ਵਿੱਚ ਲਿਆਉਣ ਲਈ ਉਤਾਵਲੇ ਹਨ।

## ਜੇਕਰ ਭਗਤ ਸਿੰਘ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਹੁੰਦੇ ਤਾਂ ਦੇਸ਼ ਦਾ ਨਕਸ਼ਾ ਕੁਝ ਹੋਰ ਹੁੰਦਾ-ਭਗਵੰਤ ਸਿੰਘ ਮਾਨ

# ਅਕਾਲੀ-ਭਾਜਪਾ ਅਤੇ ਕਾਂਗਰਸ ਨੇ ਵਾਰੋ-ਵਾਰੀ ਪੰਜਾਬ ਨੂੰ ਲੁੱਟਿਆ, ਹੁਣ ਇਨ੍ਹਾਂ ਪਾਰਟੀਆਂ ਨੂੰ ਲੋਕ ਕਦੇ ਮੌਕਾ ਨਹੀਂ ਦੇਣਗੇ





**ਧੂਰੀ ( ਰਣਜੀਤ ਸਿੰਘ ਪੇਧਨੀ )** -ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਜੇਕਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਹੁੰਦੇ ਤਾਂ ਅੱਜ ਦੇਸ਼ ਦਾ ਨਕਸ਼ਾ ਬਿਲਕੁਲ ਵੱਖਰਾ ਹੁੰਦਾ। ਉਨ੍ਹਾਂ ਨੇ ਸਵਾਲ ਕਰਦਿਆਂ ਕਿਹਾ ਕਿ ਆਜ਼ਾਦੀ ਦੇ ਦਹਾਕਿਆਂ ਬਾਅਦ ਵੀ ਦੇਸ਼ ਵੇਲਾ ਵਿਹਾਅ ਚੁੱਕੇ ਸਿਸਟਮ ਦੇ ਜਾਲ ਵਿੱਚ ਕਿਉਂ ਉਲਝਿਆ ਹੋਇਆ ਹੈ ਜਦਕਿ ਇਸੇ ਸਿਸਟਮ ਤੋਂ ਨਿਜਾਤ ਪਾਉਣ ਲਈ ਭਗਤ ਸਿੰਘ ਅਤੇ ਕਰਤਾਰ ਸਿੰਘ ਸਰਾਭਾ ਵਰਗੇ ਇਨਕਲਾਬੀਆਂ ਨੇ ਆਪਣੀਆਂ ਜਾਨਾਂ ਨਿਛਾਵਰ ਕੀਤੀਆਂ ਸਨ। ਉਨ੍ਹਾਂ ਕਿਹਾ ਕਿ ਇਹ ਕੰਧ 'ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ ਕਿ ਸਾਲ 2027 ਵਿੱਚ ਵੀ ਆਮ ਆਦਮੀ ਪਾਰਟੀ ਹੀ ਸੱਤਾ ਵਿੱਚ ਆਵੇਗੀ ਕਿਉਂਕਿ ਚਾਰ ਸਾਲਾਂ ਵਿੱਚ ਸਾਰੀਆਂ ਗਾਰੰਟੀਆਂ ਪੂਰੀਆਂ ਕਰ ਦਿੱਤੀਆਂ ਹਨ ਅਤੇ ਵਿਰੋਧੀਆਂ ਕੋਲ ਲੋਕਾਂ ਅੱਗੇ ਜਾਣ ਲਈ ਕੋਈ ਮੁੱਦਾ ਨਹੀਂ ਬਚਿਆ।

ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਪਾਰਟੀਆਂ ਵਾਰੋ-ਵਾਰੀ ਪੰਜਾਬ ਨੂੰ ਲੁੱਟਣ ਤੋਂ ਬਾਅਦ ਹੁਣ ਫੇਰ ਸੱਤਾ ਵਿੱਚ ਆਉਣ ਲਈ ਆਪਸ ਵਿੱਚ ਕਾਟੋ-ਕਲੇਸ਼ ਕਰ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਕਾਲੇ ਤਿੰਨ ਖੇਤੀ ਕਾਨੂੰਨਾਂ ਖਿਲਾਫ਼ ਅੰਦੋਲਨ ਦੌਰਾਨ ਸ਼ਹੀਦ ਹੋਏ 750 ਕਿਸਾਨਾਂ ਨੂੰ ਪੰਜਾਬ ਅਜੇ ਭੁੱਲਿਆ ਨਹੀਂ ਹੈ।

ਅੱਜ ਨਵੇਂ ਬਣੇ ਸਬ-ਡਿਵੀਜ਼ਨਲ ਹਸਪਤਾਲ ਨੂੰ ਸਮਰਪਿਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਕੰਧ 'ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ ਕਿ ਲੋਕ-ਪੱਖੀ ਫੈਸਲਿਆਂ ਕਾਰਨ 'ਆਪ' ਸੂਬੇ ਵਿੱਚ ਦੁਬਾਰਾ ਸਰਕਾਰ ਬਣਾਏਗੀ।" ਉਨ੍ਹਾਂ ਅੱਗੇ ਕਿਹਾ, "ਪੰਜਾਬ ਦੇ ਲੋਕ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ 'ਆਪ' ਸਰਕਾਰ ਬਣਾਉਣ ਲਈ ਉਤਾਵਲੇ ਹਨ। ਸਾਲ 2022 ਵਿੱਚ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜੱਦੀ ਪਿੰਡ ਤੋਂ ਸੱਤਾ ਸੰਭਾਲਣ ਤੋਂ ਬਾਅਦ ਸਾਡੀ ਸਰਕਾਰ ਨੇ ਕਈ ਲੋਕ-ਪੱਖੀ ਫੈਸਲੇ ਲਏ। ਅਸੀਂ ਚਾਰ ਸਾਲਾਂ ਵਿੱਚ ਆਪਣੇ ਸਾਰੇ ਵਾਅਦੇ ਪਹਿਲਾਂ ਹੀ ਪੂਰੇ ਕਰ ਲਏ ਹਨ ਅਤੇ ਆਉਣ ਵਾਲੇ ਇੱਕ ਸਾਲ ਵਿੱਚ ਅਸੀਂ ਸੂਬੇ ਨੂੰ ਨਵੇਂ ਸਿਖਰ 'ਤੇ ਲੈ ਜਾਵਾਂਗੇ।"

ਸ਼ਾਸਨ ਵਿਵਸਥਾ ਵਿੱਚ ਨਵੀਆਂ ਪਿਰਤਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਸੀਂ ਚਾਰ ਸਾਲਾਂ ਵਿੱਚ ਸਾਰੇ ਵਾਅਦੇ ਪੂਰੇ ਕਰਕੇ ਰਾਜਨੀਤੀ ਵਿੱਚ ਨਵੀਂ ਕਵਾਇਦ ਸ਼ੁਰੂ ਕੀਤੀ ਹੈ, ਜਦੋਂ ਕਿ ਦੂਜੀਆਂ ਪਾਰਟੀਆਂ ਪੰਜ ਸਾਲਾਂ ਵਿੱਚ ਅਜਿਹਾ ਕਰਨ ਦੇ ਕਾਬਲ ਨਹੀਂ ਹਨ। ਪਹਿਲੇ ਦਿਨ ਤੋਂ ਹੀ ਸਾਡੀ ਸਰਕਾਰ ਪਿਛਲੀਆਂ ਸਰਕਾਰਾਂ ਦੇ ਘਟੀਆ ਸਿਸਟਮ ਨੂੰ ਸੁਧਾਰ ਰਹੀ ਹੈ ਅਤੇ ਅਸੀਂ ਆਮ ਆਦਮੀ ਦੀ ਭਲਾਈ ਲਈ ਦਲੇਰਾਨਾ ਫੈਸਲੇ ਲੈਣ ਤੋਂ ਝਿਜਕਦੇ ਨਹੀਂ ਹਾਂ।" ਉਨ੍ਹਾਂ ਅੱਗੇ ਕਿਹਾ, "ਹੁਣ ਫਿਰ ਕਾਂਗਰਸ ਅਤੇ ਬਾਦਲ ਸੂਬੇ ਨੂੰ ਲੁੱਟਣ ਦਾ ਇੱਕ ਹੋਰ ਮੌਕਾ ਲੱਭ ਰਹੇ ਹਨ ਜਦੋਂ ਕਿ ਸੂਬੇ ਨੇ ਪਹਿਲਾਂ ਹੀ ਇਨ੍ਹਾਂ ਦੀ ਸੱਤਾ ਦੌਰਾਨ ਵਿੱਚ ਬਹੁਤ ਕੁਝ ਝੱਲਿਆ ਹੈ।"

ਲੋਕਾਂ ਦੀਆਂ ਭਾਵਨਾਵਾਂ ਦਾ ਜ਼ਿਕਰ ਹੋਏ ਉਨ੍ਹਾਂ ਕਿਹਾ, "ਸੂਬੇ ਦੇ ਸੂਝਵਾਨ ਲੋਕ ਇਨ੍ਹਾਂ ਨੂੰ ਕਦੇ ਵੀ ਇੱਕ ਹੋਰ ਮੌਕਾ ਨਹੀਂ ਦੇਣਗੇ ਅਤੇ ਚੋਣਾਂ ਤੋਂ ਬਾਅਦ ਉਨ੍ਹਾਂ ਨੂੰ ਸਿਆਸੀ ਗੁਮਨਾਮੀ ਵਿੱਚ ਭੇਜ ਦਿੱਤਾ ਜਾਵੇਗਾ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, "ਜਿਨ੍ਹਾਂ ਆਗੂਆਂ ਨੇ ਨਸ਼ਿਆਂ ਦੇ ਕਾਰੋਬਾਰ ਨੂੰ ਸਰਪ੍ਰਸਤੀ ਦਿੱਤੀ ਸੀ, ਉਨ੍ਹਾਂ ਨੂੰ ਸਲਾਖਾਂ ਪਿੱਛੇ ਸੁੱਟਿਆ ਗਿਆ। ਇਨ੍ਹਾਂ ਆਗੂਆਂ ਨੇ ਨਾ ਸਿਰਫ਼ ਸੂਬੇ ਵਿੱਚ ਨਸ਼ਿਆਂ ਦੇ ਕਾਰੋਬਾਰ ਦੀ ਪੁਸ਼ਤਪਨਾਹੀ ਕੀਤੀ, ਸਗੋਂ ਆਪਣੀਆਂ ਸਰਕਾਰੀ ਗੱਡੀਆਂ ਵਿੱਚ ਨਸ਼ੇ ਵੇਚੇ ਤੇ ਸਪਲਾਈ ਵੀ ਕੀਤੇ। ਪਹਿਲਾਂ ਕਿਸੇ ਨੇ ਵੀ ਇਨ੍ਹਾਂ ਰਸੂਖਵਾਨ ਆਗੂਆਂ ਨੂੰ ਹੱਥ ਪਾਉਣ ਦੀ ਹਿੰਮਤ ਨਹੀਂ ਕੀਤੀ ਸੀ, ਪਰ ਸਾਡੀ ਸਰਕਾਰ ਨੇ ਅਜਿਹਾ ਕੀਤਾ ਹੈ ਅਤੇ ਹੁਣ ਉਹ ਆਪਣੇ ਪਾਪਾਂ ਦੀ ਕੀਮਤ ਚੁਕਾ ਰਹੇ ਹਨ।"

ਇਨ੍ਹਾਂ ਲੀਡਰਾਂ ਦੀ ਆਪਸੀ ਮਿਲੀਭੁਗਤ ਦਾ ਜ਼ਿਕਰ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਨ੍ਹਾਂ ਸਿਆਸੀ ਪਾਰਟੀਆਂ ਵਿਚਕਾਰ ਨਾਪਾਕ ਗਠਜੋੜ ਬਣਿਆ ਹੋਇਆ ਸੀ ਕਿਉਂਕਿ ਉਹ ਸੂਬੇ ਦਾ ਖਜ਼ਾਨਾ ਲੁੱਟਣ ਲਈ ਇਕ-ਦੂਜੇ ਨਾਲ ਹੱਥ ਮਿਲਾ ਲੈਂਦੇ ਸਨ। ਜਦੋਂ ਸੱਤਾ ਵਿੱਚ ਸਨ ਤਾਂ ਇਹ ਪਾਰਟੀਆਂ ਇਕ-ਦੂਜੇ ਦੇ ਗੁਨਾਹਾਂ ਨੂੰ ਲੁਕਾਉਣ ਲਈ ਜਾਣਬੁੱਝ ਕੇ ਅੱਖਾਂ ਫੇਰ ਲੈਂਦੀਆਂ ਸਨ ਅਤੇ ਬਚਾਅ ਕਰ ਲੈਂਦੀਆਂ ਹਨ। ਹਾਲਾਂਕਿ, 'ਆਪ' ਸਰਕਾਰ ਨੇ ਇਹ ਯਕੀਨੀ ਬਣਾਇਆ ਕਿ ਇਸ ਘਿਨਾਉਣੇ ਅਪਰਾਧ ਦੇ ਦੋਸ਼ੀਆਂ ਨੂੰ ਸਲਾਖਾਂ ਪਿੱਛੇ ਡੱਕਿਆ ਜਾਵੇ।÷

ਵਿਰੋਧੀ ਆਗੂਆਂ 'ਤੇ ਨਿਸ਼ਾਨਾ ਸਾਧਦੇ ਹੋਏ, ਉਨ੍ਹਾਂ ਕਿਹਾ, "ਅੱਜ ਵੀ ਉਹ ਇਕਮਿਕ ਹਨ। ਚਰਨਜੀਤ ਸਿੰਘ ਚੰਨੀ, ਅਮਰਿੰਦਰ ਸਿੰਘ ਰਾਜਾ ਵੜਿੰਗ, ਸੁਖਜਿੰਦਰ ਸਿੰਘ ਰੰਧਾਵਾ, ਕੈਪਟਨ ਅਮਰਿੰਦਰ ਸਿੰਘ, ਸੁਖਬੀਰ ਸਿੰਘ ਬਾਦਲ ਅਤੇ ਹੋਰ ਲੀਡਰ ਮੈਨੂੰ ਨਿਸ਼ਾਨਾ ਬਣਾਉਣ ਵਾਲੀ ਜੁੰਡਲੀ ਵਿੱਚ ਸ਼ਾਮਲ ਹਨ। ਪਹਿਲਾਂ ਇਹ ਆਗੂ ਮੈਨੂੰ ਮਨੋਰੰਜਨ ਕਰਨ ਵਾਲਾ ਦੱਸ ਕੇ ਮੇਰਾ ਮਜ਼ਾਕ ਉਡਾਉਂਦੇ ਸਨ, ਪਰ ਹੁਣ ਉਹ ਡਰ ਦੇ ਮਾਰੇ ਦਿਨ-ਰਾਤ ਮੇਰਾ ਨਾਮ ਜਪਦੇ ਹਨ।" ਉਨ੍ਹਾਂ ਅੱਗੇ ਕਿਹਾ, "2017 ਵਿੱਚ, ਜਦੋਂ 'ਆਪ' ਨੂੰ ਕਈ ਸੀਟਾਂ ਮਿਲੀਆਂ ਅਤੇ ਉਹ ਵਿਰੋਧੀ ਧਿਰ ਬਣ ਗਈ, ਉਨ੍ਹਾਂ ਨੇ ਕਿਹਾ ਕਿ ਕੁਝ ਨਹੀਂ ਹੋਣ ਵਾਲਾ। ਸਾਲ 2022 ਵਿੱਚ ਉਨ੍ਹਾਂ ਕਿਹਾ ਕਿ ਕੁਝ ਨਹੀਂ ਹੋਵੇਗਾ, ਪਰ ਸਾਡੀ ਸਰਕਾਰ ਨੇ ਲੋਕਾਂ ਦੇ ਹਿੱਤ ਵਿੱਚ ਕਈ ਪਹਿਲਕਦਮੀਆਂ ਕੀਤੀਆਂ। ਹੁਣ ਫਿਰ ਉਹ ਕਹਿੰਦੇ ਹਨ ਕਿ ਸਾਲ 2027 ਵਿੱਚ ਕੁਝ ਨਹੀਂ ਹੋਵੇਗਾ, ਪਰ 'ਆਪ' ਭਾਰੀ ਬਹੁਮਤ ਨਾਲ ਦੁਬਾਰਾ ਸਰਕਾਰ ਬਣਾਏਗੀ।"

ਵਿਰੋਧੀ ਧਿਰ ਦੀ ਨਖਿੱਧ ਕਾਰਗੁਜ਼ਾਰੀ 'ਤੇ ਵਰ੍ਹਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੂਰੀ ਵਿਰੋਧੀ ਧਿਰ ਨੇ ਵਿਧਾਨ ਸਭਾ ਦੇ ਅੰਦਰ ਤੇ ਬਾਹਰ ਲੋਕਾਂ ਦਾ ਇੱਕ ਵੀ ਮੁੱਦਾ ਨਹੀਂ ਚੁੱਕਿਆ। ਇਸ ਤੋਂ ਪਤਾ ਲਗਦਾ ਹੈ ਕਿ ਉਹ ਸਿਰਫ ਆਪਣੇ ਅਹੁਦਿਆਂ ਨੂੰ ਲੈ ਕੇ ਚਿੰਤਤ ਹਨ ਕਿਉਂਕਿ ਉਹ ਸਿਰਫ ਸੱਤਾ ਦੇ ਭੁੱਖੇ ਹਨ।" ਉਨ੍ਹਾਂ ਅੱਗੇ ਕਿਹਾ, "ਸੱਤਾ ਪ੍ਰਾਪਤ ਕਰਨ ਲਈ ਤਰਲੋਮੱਛੀ ਹੋਇਆ ਅਕਾਲੀ ਦਲ ਲੋਕਾਂ ਨੂੰ ਗੁੰਮਰਾਹ ਕਰਨ ਲਈ ਸੋਸ਼ਲ ਮੀਡੀਆ 'ਤੇ ਮੇਰੇ ਬਾਰੇ ਏ.ਆਈ. ਰਾਹੀਂ ਤਿਆਰ ਕੀਤੇ ਵੀਡੀਓ ਪੋਸਟ ਕਰ ਰਿਹਾ ਹੈ। ਇਹ ਦਰਸਾਉਂਦਾ ਹੈ ਕਿ ਮੇਰੇ ਵਿਰੁੱਧ ਕਿਸੇ ਵੀ ਮੁੱਦੇ ਦੀ ਘਾਟ ਵਿੱਚ ਉਹ ਹੈਰਾਨ-ਪ੍ਰੇਸ਼ਾਨ ਹਨ ਅਤੇ ਨਿਰਾਸ਼ ਹੋ ਕੇ ਸੱਤਾ ਦੀ ਖਾਤਰ ਅੱਕੀ ਪਲਾਹੀ ਹੱਥ ਮਾਰ ਰਹੇ ਹਨ।"

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਰਵਾਇਤੀ ਰਾਜਨੀਤਿਕ ਪਾਰਟੀਆਂ ਮੇਰੇ ਨਾਲ ਸਾੜਾ ਕਰਦੀਆਂ ਹਨ ਕਿਉਂਕਿ ਉਹ ਇਹ ਹਜ਼ਮ ਨਹੀਂ ਕਰ ਪਾ ਰਹੀਆਂ ਕਿ ਸਧਾਰਨ ਘਰ ਦਾ ਪੁੱਤਰ ਸੂਬੇ ਦੀ ਸੱਤਾ ਚੰਗੇ ਢੰਗ ਨਾਲ ਕਿਉਂ ਚਲਾ ਰਿਹਾ ਹੈ। ਇਨ੍ਹਾਂ ਪਾਰਟੀਆਂ ਨੇ ਆਪਣੇ ਲੋਕ ਵਿਰੋਧੀ ਤੇ ਪੰਜਾਬ ਵਿਰੋਧੀ ਰੁਖ਼ ਕਾਰਨ ਵਿਸ਼ਵਾਸ ਗੁਆ ਲਿਆ ਜਿਸ ਕਰਕੇ ਉਨ੍ਹਾਂ ਨੂੰ 2022 ਵਿੱਚ ਸੱਤਾ ਤੋਂ ਉਖੇੜ ਕੇ ਘਰ ਬਿਠਾ ਦਿੱਤਾ ਗਿਆ।"

ਉਨ੍ਹਾਂ ਕਿਹਾ ਕਿ ਇਹ ਪਾਰਟੀਆਂ ਲੋਕਾਂ ਨੂੰ ਗੁੰਮਰਾਹ ਕਰਨ ਲਈ ਘਟੀਆ ਚਾਲਾਂ ਦਾ ਸਹਾਰਾ ਲੈ ਰਹੀਆਂ ਹਨ। ਮੁੱਖ ਮੰਤਰੀ ਨੇ ਤਨਜ਼ ਕੱਸਦਿਆਂ ਕਿਹਾ, "ਪਹਿਲਾਂ ਇਨ੍ਹਾਂ ਲੀਡਰਾਂ ਦਾ ਸਵਾਗਤ ਹਾਰਾਂ ਨਾਲ ਕੀਤਾ ਜਾਂਦਾ ਸੀ ਪਰ ਹੁਣ ਉਹ ਜਿੱਥੇ ਵੀ ਜਾਂਦੇ ਹਨ, ਲੋਕ ਉਨ੍ਹਾਂ ਨੂੰ ਹਰਾ ਕੇ ਸਵਾਗਤ ਕਰਦੇ ਹਨ। ਲੋਕਾਂ ਨੇ ਆਮ ਘਰਾਂ ਦੇ ਧੀਆਂ-ਪੁੱਤਰਾਂ ਨੂੰ ਚੁਣਿਆ ਜੋ ਆਪਣੇ ਫਰਜ਼ ਪੂਰੇ ਜੋਸ਼ ਨਾਲ ਨਿਭਾ ਰਹੇ ਹਨ, ਜਦੋਂ ਕਿ ਇਹ ਰਵਾਇਤੀ ਪਾਰਟੀਆਂ ਸੱਤਾ ਵਿੱਚ ਹੋਣ 'ਤੇ ਬੁਰੀ ਤਰ੍ਹਾਂ ਅਸਫਲ ਰਹੀਆਂ।"

ਪਿਛਲੀ ਸਰਕਾਰ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਨ੍ਹਾਂ ਆਗੂਆਂ ਨੇ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਸੂਬੇ ਦੇ ਸਰੋਤਾਂ ਨੂੰ ਅੰਨ੍ਹੇਵਾਹ ਲੁੱਟਿਆ। ਜਦੋਂ ਪੰਜਾਬ ਬੇਰੁਜ਼ਗਾਰੀ, ਨੌਜਵਾਨਾਂ ਦੇ ਵਿਦੇਸ਼ ਜਾਣ ਦੇ ਰੁਝਾਨ ਅਤੇ ਭ੍ਰਿਸ਼ਟਾਚਾਰ ਦਾ ਸਾਹਮਣਾ ਕਰ ਰਿਹਾ ਸੀ, ਇਹ ਆਗੂ ਗੈ.ਰ-ਕਾਨੂੰਨੀ ਢੰਗ ਨਾਲ ਪੈਸਾ ਕਮਾਉਣ ਵਿੱਚ ਰੁੱਝੇ ਹੋਏ ਸਨ। ਉਨ੍ਹਾਂ ਨੇ ਲੋਕਾਂ ਅਤੇ ਸੂਬੇ ਦੀ ਕੀਮਤ 'ਤੇ ਮਹਿਲ ਅਤੇ ਵਪਾਰਕ ਸਾਮਰਾਜ ਉਸਾਰੇ।" ਉਨ੍ਹਾਂ ਅੱਗੇ ਕਿਹਾ, "ਇਨ੍ਹਾਂ ਨੇ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਨੂੰ ਲੀਹਾਂ ਤੋਂ ਉਤਾਰ ਕੇ ਪੰਜਾਬ ਅਤੇ ਇਸ ਦੀਆਂ ਨੌਜਵਾਨ ਪੀੜ੍ਹੀਆਂ ਲਈ ਕੰਡੇ ਬੀਜੇ ਹਨ। ਉਨ੍ਹਾਂ ਦੇ ਹੱਥ ਇਸ ਅਪਰਾਧ ਵਿੱਚ ਰੰਗੇ ਹੋਏ ਹਨ ਅਤੇ ਇਤਿਹਾਸ ਉਨ੍ਹਾਂ ਨੂੰ ਪੰਜਾਬ ਦੀ ਪਿੱਠ ਵਿੱਚ ਛੁਰਾ ਮਾਰਨ ਲਈ ਕਦੇ ਮੁਆਫ਼ ਨਹੀਂ ਕਰੇਗਾ।"

ਉਨ੍ਹਾਂ ਅੱਗੇ ਕਿਹਾ, "ਇਹ ਆਗੂ ਬੌਖਲਾ ਚੁੱਕੇ ਹਨ ਕਿਉਂਕਿ ਅਸੀਂ ਲੋਕਾਂ ਸਾਹਮਣੇ ਉਨ੍ਹਾਂ ਦੇ ਘਟੀਆ ਕਿਰਦਾਰ ਨੂੰ ਨੰਗਾ ਕਰ ਦਿੱਤਾ ਹੈ ਅਤੇ ਇਹ ਉਨ੍ਹਾਂ ਦੀ ਸੱਤਾ ਲਈ ਖ਼ਤਰਾ ਬਣ ਗਿਆ ਹੈ। ਉਹ ਇਹ ਹਜ਼ਮ ਨਹੀਂ ਕਰ ਸਕਦੇ ਕਿ ਆਮ ਲੋਕਾਂ ਨੂੰ ਹੁਣ ਅਹੁਦੇ ਮਿਲ ਰਹੇ ਹਨ।" ਬਾਦਲਾਂ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਉਨ੍ਹਾਂ ਨੇ ਲੋਕਾਂ ਨੂੰ ਝੂਠੇ ਵਾਅਦਿਆਂ ਨਾਲ ਭਰਮਾ ਕੇ ਕਾਰੋਬਾਰ ਬਰਬਾਦ ਕਰ ਦਿੱਤੇ। ਕਿਹਾ ਜਾਂਦਾ ਹੈ ਕਿ ਜੇ ਤੁਸੀਂ ਦਰੱਖਤ 'ਤੇ 'ਬਾਦਲ' ਲਿਖੋਗੇ ਤਾਂ ਉਹ ਦਰਖੱਤ ਸੁੱਕ ਜਾਵੇਗਾ।"

ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਭਗਤ ਸਿੰਘ ਦਾ ਜਨਮ 28 ਸਤੰਬਰ, 1907 ਨੂੰ ਹੋਇਆ ਸੀ ਅਤੇ ਉਹ 23 ਮਾਰਚ 1931 ਨੂੰ ਸਿਰਫ਼ ਸਾਢੇ 23 ਸਾਲ ਦੀ ਉਮਰ ਵਿੱਚ ਸ਼ਹੀਦ ਹੋ ਗਏ ਸਨ। ਉਨ੍ਹਾਂ ਨੇ ਦੇਸ਼ ਦੀ ਆਜ਼ਾਦੀ ਅਤੇ ਅੰਗਰੇਜ਼ਾਂ ਨੂੰ ਦੇਸ਼ ਵਿੱਚੋਂ ਭਜਾਉਣ ਲਈ ਜੰਗ ਲੜੀ। ਉਨ੍ਹਾਂ ਦਾ ਤਰੀਕਾ ਵੱਖਰਾ ਸੀ ਕਿਉਂਕਿ ਉਹ ਜਵਾਨ ਅਤੇ ਗਰਮਜੋਸ਼ੀ ਵਾਲੇ ਸਨ ਜਦੋਂ ਕਿ ਜਵਾਹਰ ਲਾਲ ਨਹਿਰੂ ਅਤੇ ਮਹਾਤਮਾ ਗਾਂਧੀ ਵਰਗੇ ਹੋਰਨਾਂ ਦੇ ਆਪਣੇ ਤਰੀਕੇ ਸਨ। ਪਰ ਬਾਅਦ ਵਿੱਚ, ਅਸੀਂ ਉਨ੍ਹਾਂ ਦੀ ਵਿਰਾਸਤ ਨੂੰ ਸਾਲ ਵਿੱਚ ਇੱਕ ਵਾਰ 23 ਮਾਰਚ ਨੂੰ ਸਿਰਫ਼ ਫੁੱਲ ਚੜ੍ਹਾਉਣ ਤੱਕ ਸੀਮਿਤ ਕਰ ਦਿੱਤਾ।"

ਉਨ੍ਹਾਂ ਅੱਗੇ ਕਿਹਾ, "ਜੇ ਭਗਤ ਸਿੰਘ ਜਿਉਂਦੇ ਹੁੰਦੇ ਜਾਂ ਆਜ਼ਾਦੀ ਤੋਂ ਬਾਅਦ ਉਨ੍ਹਾਂ ਨੂੰ ਅਗਵਾਈ ਕਰਨ ਦਾ ਮੌਕਾ ਦਿੱਤਾ ਜਾਂਦਾ ਤਾਂ ਦੇਸ਼ ਦੀ ਦਿੱਖ ਪੂਰੀ ਤਰ੍ਹਾਂ ਵੱਖਰੀ ਹੁੰਦੀ। ਉਨ੍ਹਾਂ ਨੇ ਬਹੁਤ ਕੁਝ ਲਿਖਿਆ ਸੀ। ਉਨ੍ਹਾਂ ਦੇ ਜੇਲ੍ਹ ਦੇ ਪੱਤਰ ਅਤੇ ਲਿਖਤਾਂ ਇੱਕ ਮੈਨੀਫੈਸਟੋ ਵਾਂਗ ਸਨ। ਉਨ੍ਹਾਂ ਕਿਹਾ ਸੀ ਕਿ ਉਹ ਇਸ ਗੱਲ ਦੀ ਚਿੰਤਾ ਨਹੀਂ ਕਰਦੇ ਸਨ ਕਿ ਆਜ਼ਾਦੀ ਆਵੇਗੀ ਜਾਂ ਨਹੀਂ ਕਿਉਂਕਿ ਉਹ ਜਾਣਦੇ ਸਨ ਕਿ ਆਜ਼ਾਦੀ ਜ਼ਰੂਰ ਆਵੇਗੀ ਪਰ ਉਹ ਇਸ ਗੱਲ ਦੀ ਚਿੰਤਾ ਕਰਦੇ ਸਨ ਕਿ ਆਜ਼ਾਦੀ ਤੋਂ ਬਾਅਦ ਦੇਸ਼ 'ਤੇ ਰਾਜ ਕੌਣ ਕਰੇਗਾ।÷

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਉਨ੍ਹਾਂ ਦੀ ਸ਼ਹਾਦਤ ਤੋਂ ਸੋਲਾਂ ਸਾਲ ਬਾਅਦ, ਦੇਸ਼ ਆਜ਼ਾਦ ਹੋਇਆ। 1952 ਤੱਕ ਜਦੋਂ ਪਹਿਲੀਆਂ ਚੋਣਾਂ ਹੋਈਆਂ ਭਗਤ ਸਿੰਘ ਦੀ ਉਮਰ ਲਗਭਗ 45 ਸਾਲ ਸੀ। ਉਨ੍ਹਾਂ ਨੂੰ ਦੇਸ਼ ਦਾ ਪਹਿਲਾ ਪ੍ਰਧਾਨ ਮੰਤਰੀ ਹੋਣਾ ਚਾਹੀਦਾ ਸੀ। ਜੇਕਰ ਭਗਤ ਸਿੰਘ ਨੇ ਭਾਰਤ ਦੀ ਅਗਵਾਈ ਕੀਤੀ ਹੁੰਦੀ ਤਾਂ ਦੇਸ਼ ਦਾ ਪੂਰਾ ਨਕਸ਼ਾ ਅਤੇ ਕਿਸਮਤ ਵੱਖਰੀ ਹੁੰਦੀ।"

ਉਨ੍ਹਾਂ ਅੱਗੇ ਕਿਹਾ, "ਉਨ੍ਹਾਂ ਨੇ ਪਹਿਲਾਂ ਹੀ ਕਹਿ ਦਿੱਤਾ ਸੀ ਕਿ ਆਜ਼ਾਦੀ ਤੋਂ ਬਾਅਦ ਸੱਤਾ ਗਲਤ ਹੱਥਾਂ ਵਿੱਚ ਨਹੀਂ ਜਾਣੀ ਚਾਹੀਦੀ। ਬਦਕਿਸਮਤੀ ਨਾਲ, ਉਹੀ ਹੋਇਆ। 80 ਸਾਲਾਂ ਬਾਅਦ ਵੀ, ਅਸੀਂ ਅਜੇ ਵੀ ਉਸੇ ਪੁਰਾਣੇ ਸਿਸਟਮ, ਉਸੇ ਪਟਵਾਰੀ-ਤਹਿਸੀਲ ਢਾਂਚੇ ਵਿੱਚ ਫਸੇ ਹੋਏ ਹਾਂ ਅਤੇ ਲੋਕ ਅਜੇ ਵੀ ਨੌਕਰੀਆਂ ਅਤੇ ਸੇਵਾਵਾਂ ਵਰਗੀਆਂ ਬੁਨਿਆਦੀ ਜ਼ਰੂਰਤਾਂ ਲਈ ਸੰਘਰਸ਼ ਕਰ ਰਹੇ ਹਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜਿਵੇਂ ਮਹਾਤਮਾ ਗਾਂਧੀ ਨੂੰ ਬਾਪੂ ਕਿਹਾ ਜਾਂਦਾ ਹੈ, ਜਵਾਹਰ ਲਾਲ ਨਹਿਰੂ ਨੂੰ ਚਾਚਾ ਅਤੇ ਚੌਧਰੀ ਦੇਵੀ ਲਾਲ ਨੂੰ ਤਾਊ ਕਿਹਾ ਜਾਂਦਾ ਹੈ ਉਸੇ ਤਰ੍ਹਾਂ ਮੈਂ ਆਪਣੇ ਆਪ ਨੂੰ ਲੋਕਾਂ ਦਾ ਪੁੱਤਰ ਅਤੇ ਭਰਾ ਸਮਝਦਾ ਹਾਂ।" ਉਨ੍ਹਾਂ ਅੱਗੇ ਕਿਹਾ ਕਿ ਰਵਾਇਤੀ ਸਿਆਸੀ ਪਾਰਟੀਆਂ ਨੇ ਦੇਸ਼ ਦਾ ਬਹੁਤ ਨੁਕਸਾਨ ਕੀਤਾ ਹੈ। ਕਾਂਗਰਸ ਨੇ ਆਪਣੇ ਮੁਫ਼ਾਦਾਂ ਲਈ ਸੌੜੀ ਰਾਜਨੀਤੀ ਕੀਤੀ ਜਦਕਿ ਹੋਰਨਾਂ ਨੇ ਵੋਟਾਂ ਮੰਗਣ ਲਈ ਧਰਮ ਦਾ ਸਹਾਰਾ ਲਿਆ ਅਤੇ ਉਨ੍ਹਾਂ 'ਤੇ ਭਰੋਸਾ ਕਰਕੇ ਨੁਕਸਾਨ ਆਮ ਲੋਕਾਂ ਨੂੰ ਝੱਲਣਾ ਪਿਆ।

ਨਸ਼ਿਆਂ ਬਾਰੇ ਉਨ੍ਹਾਂ ਕਿਹਾ, "ਇਨ੍ਹਾਂ ਪਾਰਟੀਆਂ ਨੇ ਨੌਜਵਾਨਾਂ ਦੀਆਂ ਨਸਾਂ ਵਿੱਚ ਨਸ਼ੇ ਭਰ ਕੇ ਪੰਜਾਬ ਦੀਆਂ ਪੀੜ੍ਹੀਆਂ ਨੂੰ ਤਬਾਹ ਕਰ ਦਿੱਤਾ। ਪੰਜਾਬ ਦੀ ਨੌਜਵਾਨੀ ਦਾ ਘਾਣ ਕਰਨ ਵਾਲੇ ਹੁਣ ਲੋਕਾਂ ਨੂੰ ਗੁੰਮਰਾਹ ਕਰਨ ਲਈ ਖੋਖਲੇ ਦਾਅਵੇ ਕਰ ਰਹੇ ਹਨ, ਪਰ ਪੰਜਾਬੀ ਉਨ੍ਹਾਂ ਨੂੰ ਕਦੇ ਵੀ ਮੁਆਫ਼ ਨਹੀਂ ਕਰਨਗੇ।" ਉਨ੍ਹਾਂ ਅੱਗੇ ਕਿਹਾ ਕਿ ਇਹ ਪੈਸਾ ਨਹੀਂ ਸਗੋਂ ਸਾਡੇ ਕੀਤੇ ਕੰਮ ਬੋਲ ਰਹੇ ਹਨ, ਜਿੰਨ੍ਹਾਂ ਸਦਕਾ ਅਸੀਂ ਲੋਕਾਂ ਦੇ ਦਿਲਾਂ ਵਿੱਚ ਥਾਂ ਬਣਾਈ ਹੈ।

'ਆਪ' ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਪ ਸਰਕਾਰ ਨੇ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਹੈ ਜਿਸ ਤਹਿਤ ਜਨਰਲ ਵਰਗ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਅਤੇ ਅਨੁਸੂਚਿਤ ਜਾਤੀ ਸ਼੍ਰੇਣੀ ਦੀਆਂ ਔਰਤਾਂ ਨੂੰ 1500 ਰੁਪਏ ਦਿੱਤੇ ਜਾਣਗੇ। ਇਹ ਮਾਵਾਂ ਅਤੇ ਧੀਆਂ ਪ੍ਰਤੀ ਸਾਡੇ ਸੁਹਿਰਦ ਸਤਿਕਾਰ ਦਾ ਪ੍ਰਤੀਕ ਹੈ ਅਤੇ ਉਨ੍ਹਾਂ ਦੇ ਚਿਹਰਿਆਂ 'ਤੇ ਆਈ ਮੁਸਕਰਾਹਟ ਨੇ ਮੈਨੂੰ ਬਹੁਤ ਸਕੂਨ ਦਿੱਤਾ ਹੈ।"

ਰੋਜ਼ਗਾਰ ਬਾਰੇ ਬੋਲਦਿਆਂ ਉਨ੍ਹਾਂ ਕਿਹਾ, "ਅਸੀਂ ਨੌਜਵਾਨਾਂ ਦੇ ਹੱਥਾਂ ਵਿੱਚ ਟਿਫਿਨ ਦੇਣਾ ਚਾਹੁੰਦੇ ਹਾਂ ਤਾਂ ਜੋ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਆਪਣਾ ਭਵਿੱਖ ਸੰਵਾਰ ਸਕਣ। ਮਸ਼ਹੂਰ ਕਥਨ ਹੈ ਕਿ ਵਿਹਲਾ ਮਨ ਸ਼ੈਤਾਨ ਦਾ ਘਰ ਹੁੰਦਾ ਹੈ, ਇਸ ਲਈ ਅਸੀਂ ਵੱਧ ਤੋਂ ਵੱਧ ਰੁਜ਼ਗਾਰ ਯਕੀਨੀ ਬਣਾ ਰਹੇ ਹਾਂ। ਹੁਣ ਤੱਕ 65000 ਤੋਂ ਵੱਧ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ।"

ਬੁਨਿਆਦੀ ਢਾਂਚੇ ਅਤੇ ਖੇਤੀਬਾੜੀ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਰੇ ਖੇਤਰਾਂ ਵਿੱਚ ਬਿਜਲੀ ਦਰਾਂ ਘਟਾ ਦਿੱਤੀਆਂ ਗਈਆਂ ਹਨ। ਨਹਿਰੀ ਪਾਣੀ ਦੀ ਵਰਤੋਂ 21 ਫੀਸਦੀ ਤੋਂ ਵੱਧ ਕੇ 68 ਫੀਸਦੀ ਹੋ ਗਈ ਹੈ ਅਤੇ ਝੋਨੇ ਦੇ ਅਗਲੇ ਸੀਜ਼ਨ ਤੱਕ 85 ਫੀਸਦੀ ਤੱਕ ਪਹੁੰਚ ਜਾਵੇਗੀ। 6900 ਕਿਲੋਮੀਟਰ ਤੱਕ ਫੈਲੇ ਲਗਭਗ 18,349 ਖਾਲਿਆਂ ਨੂੰ ਮੁੜ ਬਹਾਲ ਕੀਤਾ ਗਿਆ ਹੈ ਅਤੇ ਨਹਿਰੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ 6500 ਕਰੋੜ ਰੁਪਏ ਖਰਚ ਕੀਤੇ ਗਏ ਹਨ।"

ਉਨ੍ਹਾਂ ਅੱਗੇ ਕਿਹਾ, "ਪਹਿਲੀ ਵਾਰ 1365 ਪਿੰਡਾਂ ਨੂੰ ਨਹਿਰੀ ਪਾਣੀ ਮਿਲ ਰਿਹਾ ਹੈ। 16209 ਕਰੋੜ ਰੁਪਏ ਦੀ ਲਾਗਤ ਨਾਲ 49000 ਕਿਲੋਮੀਟਰ ਤੋਂ ਵੱਧ ਪੇਂਡੂ ਸੜਕਾਂ 'ਤੇ ਕੰਮ ਚੱਲ ਰਿਹਾ ਹੈ।" ਸਿੱਖਿਆ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਆਧੁਨਿਕ ਬੁਨਿਆਦੀ ਢਾਂਚੇ, ਸਮਾਰਟ ਕਲਾਸਰੂਮਾਂ ਅਤੇ ਲੈਬਾਂ ਨਾਲ ਉੱਤਮ ਸਕੂਲ ਸਥਾਪਿਤ ਕੀਤੇ ਗਏ ਹਨ। ਅਧਿਆਪਕਾਂ ਅਤੇ ਪ੍ਰਿੰਸੀਪਲਾਂ ਨੂੰ ਸਿਖਲਾਈ ਲਈ ਵਿਦੇਸ਼ ਭੇਜਿਆ ਜਾ ਰਿਹਾ ਹੈ। ਪੰਜਾਬ ਨੇ ਨੈਸ਼ਨਲ ਅਚੀਵਮੈਂਟ ਸਰਵੇ ਵਿੱਚ ਕੇਰਲਾ ਨੂੰ ਪਛਾੜ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।" ਉਨ੍ਹਾਂ ਅੱਗੇ ਕਿਹਾ ਕਿ ਸਰਕਾਰੀ ਸਕੂਲਾਂ ਦੇ ਪੜ੍ਹੇ ਬਹੁਤ ਵਿਦਿਆਰਥੀ ਜੇਈਈ, ਨੀਟ, ਸੀਐਲਏਟੀ ਅਤੇ ਐਨ.ਆਈ.ਐਫ.ਟੀ. ਵਰਗੀਆਂ ਮੁਕਾਬਲਾ ਪ੍ਰੀਖਿਆਵਾਂ ਲਈ ਕੋਚਿੰਗ ਪ੍ਰਾਪਤ ਕਰ ਰਹੇ ਹਨ ਅਤੇ ਸਫ਼ਲ ਹੋ ਰਹੇ ਹਨ। ਸਿਹਤ ਸੰਭਾਲ ਬਾਰੇ ਉਨ੍ਹਾਂ ਕਿਹਾ, "ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਾਰੇ 65 ਲੱਖ ਪਰਿਵਾਰ 10 ਲੱਖ ਰੁਪਏ ਤੱਕ ਦੇ ਨਕਦ ਰਹਿਤ ਇਲਾਜ ਲਈ ਯੋਗ ਹਨ। ਪੰਜਾਬ ਸਾਰੇ ਨਾਗਰਿਕਾਂ ਨੂੰ ਮੁਫਤ ਸਿਹਤ ਸੰਭਾਲ ਪ੍ਰਦਾਨ ਕਰਨ ਵਾਲਾ ਪਹਿਲਾ ਸੂਬਾ ਬਣ ਗਿਆ ਹੈ, ਜਿਸ ਵਿੱਚ 881 ਆਮ ਆਦਮੀ ਕਲੀਨਿਕ ਰੋਜ਼ਾਨਾ ਇਲਾਜ ਪ੍ਰਦਾਨ ਕਰਦੇ ਹਨ।"

ਉਨ੍ਹਾਂ ਅੱਗੇ ਕਿਹਾ ਕਿ ਲਗਭਗ 90 ਫੀਸਦੀ ਘਰਾਂ ਨੂੰ ਮੁਫਤ ਬਿਜਲੀ ਮਿਲ ਰਹੀ ਹੈ। ਕਿਸਾਨਾਂ ਨੂੰ ਝੋਨੇ ਦੇ ਸੀਜ਼ਨ ਦੌਰਾਨ ਅੱਠ ਘੰਟੇ ਤੋਂ ਵੱਧ ਨਿਰਵਿਘਨ ਦਿਨ ਵੇਲੇ ਬਿਜਲੀ ਮਿਲ ਰਹੀ ਹੈ। ਟੈਰਿਫ 70 ਪੈਸੇ ਤੋਂ 1.50 ਰੁਪਏ ਪ੍ਰਤੀ ਯੂਨਿਟ ਤੱਕ ਘਟਾ ਦਿੱਤੇ ਗਏ ਹਨ ਅਤੇ ਸਰਕਾਰ ਨੇ ਇੱਕ ਨਿੱਜੀ ਥਰਮਲ ਪਲਾਂਟ ਵੀ ਖਰੀਦਿਆ ਹੈ ਅਤੇ ਜਿਸਦਾ ਨਾਮ ਸ਼੍ਰੀ ਗੁਰੂ ਅਮਰਦਾਸ ਜੀ ਦੇ ਨਾਮ ਤੇ ਰੱਖਿਆ ਗਿਆ ਹੈ।" ਸਮਾਪਤੀ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੇਰਾ ਇੱਕੋ ਇੱਕ ਏਜੰਡਾ ਪੰਜਾਬ ਦੀ ਤਰੱਕੀ ਅਤੇ ਇਸਦੇ ਲੋਕਾਂ ਦੀ ਖੁਸ਼ਹਾਲੀ ਹੈ। ਮੈਂ ਧੂਰੀ ਦੇ ਲੋਕਾਂ ਦਾ ਰਿਣੀ ਹਾਂ ਅਤੇ ਇਸ ਖੇਤਰ ਦੇ ਸਰਵਪੱਖੀ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡਾਂਗਾ।"

ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ, ਹਰਪਾਲ ਸਿੰਘ ਚੀਮਾ, ਬਲਬੀਰ ਸਿੰਘ ਅਤੇ ਬਰਿੰਦਰ ਗੋਇਲ ਡਾ.ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਡਾਕਟਰ ਅਨਵਰ ਭਸੌੜ, ਜਸਵੀਰ ਸਿੰਘ ਜੱਸੀ ਸੇਖੋਂ, ਚੇਅਰਮੇਨ ਦਲਵੀਰ ਸਿੰਘ ਢਿੱਲੋ, ਹਰਜਿੰਦਰ ਸਿੰਘ ਕਾਂਝਲਾ, ਰਣਜੋਧ ਸਿੰਘ ਕਾਂਝਲਾ, ਅਮਰਦੀਪ ਸਿੰਘ ਧਾਦਰਾਂ, ਚੇਅਰਮੈਨ ਅਮਰੀਕ ਸਿੰਘ ਭੋਜੋਵਾਲੀ, ਪਰਮਜੀਤ ਸਿੰਘ ਕਾਂਝਲਾ, ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਸੁਖਚੈਨ ਸਿੰਘ ਮੂਲੋਂਵਾਲ, ਸਰਪੰਚ ਰਾਜੂ ਬਰੜਵਾਲ, ਸਰਪੰਚ ਰਾਜੂ ਰੰਗੀਆ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਜੱਗਾ ਭੋਜੋਵਾਲੀ, ਸਰਪੰਚ ਲਾਲੀ ਬੰਗਾਵਾਲੀ, ਸਰਪੰਚ ਜਗਜੀਤ ਸਿੰਘ ਕੱਕੜਵਾਲ, ਸਰਪੰਚ ਦਵਿੰਦਰ ਸਿੰਘ ਧੁਰਾ, ਮਨਪ੍ਰੀਤ ਸਿੰਘ ਵਢੇਗਲ, ਜਗਸੀਰ ਸਿੰਘ, ਰਛਪਾਲ ਸਿੰਘ ਭੁੱਲਰ, ਸਰਪੰਚ ਕਰਮਜੀਤ ਸਿੰਘ, ਸਰਪੰਚ ਮਨਪ੍ਰੀਤ ਸਿੰਘ ਰਾਜੋਮਾਜਰਾ, ਸਰਪੰਚ ਮਨਪ੍ਰੀਤ ਸਿੰਘ ਬਬਨਪੁਰ, ਸਰਪੰਚ ਹਰਪ੍ਰੀਤ ਸਿੰਘ ਗਿੱਲ, ਕੁਲਦੀਪ ਸਿੰਘ ਪੇਧਨੀ, ਸੁਰਜੀਤ ਸਿੰਘ ਪੰਚ ਪੇਧਨੀ, ਸਰਪੰਚ ਮੱਖਣ ਸਿੰਘ ਪੇਧਨੀ, ਹਾਜ਼ਰ ਸਨ।

ਮੁੱਖ ਦਫ਼ਤਰ
**ਸ਼੍ਰੋਮਣੀ ਅਕਾਲੀ ਦਲ**

**ਪੁਨਰ ਸੁਰਜੀਤ**

Head Office
**Shiromani Akali Dal**

ਮਿਤੀ 17/03/2026

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਆਦੇਸ਼ਾਂ ਅਨੁਸਾਰ ਪਾਰਟੀ ਨੂੰ ਮਜ਼ਬੂਤ ਕਰਨ ਲਈ ਹੇਠ ਲਿਖੇ ਅਹੁਦੇਦਾਰ ਸਾਹਿਬਾਨ ਦੀਆਂ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ।

**ਸੀਨੀਅਰ ਮੀਤ ਪ੍ਰਧਾਨ**
ਸ. ਗੁਰਬਚਨ ਸਿੰਘ ਬੱਚੀ
ਸ. ਤੇਜਾ ਸਿੰਘ ਕਮਾਲਪੁਰ
ਸ. ਸੁਖਵੰਤ ਸਿੰਘ ਸਰਾਓ
ਸ. ਜਗਜੀਤ ਸਿੰਘ ਗਾਬਾ

**ਜਨਰਲ ਸਕੱਤਰ**
ਸ. ਹਰਬੰਸ ਸਿੰਘ ਮੰਝਪੁਰ
ਸ. ਹਰਬੰਸ ਸਿੰਘ ਕੰਦੋਲਾ
ਸ. ਦਵਿੰਦਰ ਸਿੰਘ ਸੋਢੀ
ਸ. ਹਰਦੇਵ ਸਿੰਘ ਰੋਗਲਾ
ਸ. ਮਲਕੀਤ ਸਿੰਘ ਚੰਗਾਲ
ਸ. ਅਵਤਾਰ ਸਿੰਘ ਜੌਹਲ
ਸ. ਕਰਨ ਸਿੰਘ ਡੀ.ਟੀ.ਓ
ਸ. ਜਸਵਿੰਦਰ ਸਿੰਘ ਵਰਿਆਣਾ
ਸ. ਜਸਜੀਤ ਸਿੰਘ ਸਨੀ
ਸ. ਜਗਰੂਪ ਸਿੰਘ ਚੋਹਲਾ ਸਾਹਿਬ
ਸ. ਮਲਕੀਤ ਸਿੰਘ ਦੌਲਤਪੁਰ
ਸ. ਗੁਰਮੁਖ ਸਿੰਘ ਕਵੀਸ਼ਰ M.A
ਸ. ਅਮਰੀਕ ਸਿੰਘ ਸ਼ਾਹਪੁਰ
ਸ. ਹਰਦੇਵ ਸਿੰਘ ਧਨੌਲਾ
ਸ. ਮਨਜੀਤ ਸਿੰਘ ਮੁੱਧੋ
ਸ. ਰਣਬੀਰ ਸਿੰਘ ਪੂਨੀਆ

**ਚੀਫ਼ ਸਪੋਕਸਪਰਸਨ (ਨੈਸ਼ਨਲ ਮੀਡੀਆ)**
ਸ. ਹਰਿੰਦਰਪਾਲ ਸਿੰਘ ਚੰਦੂਮਾਜਰਾ
ਸ. ਗੁਰਜੀਤ ਸਿੰਘ ਤਲਵੰਡੀ
ਸ. ਬਰਜਿੰਦਰ ਸਿੰਘ ਮੱਖਣ ਬਰਾੜ
ਸ. ਕਰਨੈਲ ਸਿੰਘ ਪੀਰਮੁਹੰਮਦ
ਸ. ਜਗਜੀਤ ਸਿੰਘ ਕੋਹਲੀ (ਮੁੱਖ ਦਫ਼ਤਰ )

**ਮੁੱਖ ਬੁਲਾਰੇ -ਸਿਆਸੀ ਖੇਤਰ**
ਸ. ਮਹਿੰਦਰਪਾਲ ਸਿੰਘ ਬਿਨਾਕਾ
ਸ. ਹਰਿੰਦਰਪਾਲ ਸਿੰਘ ਟੌਹੜਾ
ਸ. ਭੁਪਿੰਦਰ ਸਿੰਘ ਸੇਖੂਪੁਰ
ਸ. ਦਵਿੰਦਰ ਸਿੰਘ ਸੋਢੀ
ਸ. ਭੋਲਾ ਸਿੰਘ ਗਿੱਲਪੱਤੀ
ਸ. ਇਕਬਾਲ ਸਿੰਘ ਮੋਹਾਲੀ
ਸ. ਸੁਖਦੇਵ ਸਿੰਘ ਫਗਵਾੜਾ
ਸ. ਸਤਪਾਲ ਸਿੰਘ ਸਿੱਧੂ
ਸ੍ਰੀ. ਵਰੁਣ ਕਾਂਸਲ

**ਮੁੱਖ ਬੁਲਾਰੇ -ਧਾਰਮਿਕ ਖੇਤਰ**
ਸ. ਮਿੱਠੂ ਸਿੰਘ ਕਾਹਨਕੇ
ਬੀਬੀ ਕਿਰਨਜੋਤ ਕੌਰ
ਬੀਬੀ ਪਰਮਜੀਤ ਕੌਰ ਲਾਂਡਰਾ
ਸ. ਜਸਵੰਤ ਸਿੰਘ ਪੁੜੈਣ
ਸ. ਸਤਵਿੰਦਰ ਸਿੰਘ ਟੌਹੜਾ

ਤਜਿੰਦਰ ਸਿੰਘ
(ਤਜਿੰਦਰ ਸਿੰਘ ਪੰਨੂ)
ਮੀਡਿਆ ਇੰਚਾਰਜ
ਮੁੱਖ ਦਫਤਰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ।
ਸ੍ਰੀ ਅੰਮ੍ਰਿਤਸਰ ਸਾਹਿਬ

ਆਵਾਜ਼ਿ ਕੌਮ
AWAZE QAUM
International Newspaper & WEB TV

Head Office: 56,57 City Center Market. Opp. Pingalwara
Near - Bus Stand, G.T. Road Amritsar Sahib
Ph. +919915800524 +918699663440
Email id:- akalidalofficial@gmail.com

Sub Office: 696 3rd Floor, New Chandigarh
Manohar Singh Palm Residency
Ph. +919915800524 +918699663440
Email id:- akalidalofficial@gmail.com

**ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਆਦੇਸ਼ਾਂ ਅਨੁਸਾਰ ਪਾਰਟੀ ਨੂੰ ਮਜ਼ਬੂਤ ਕਰਨ ਲਈ ਹੇਠ ਲਿਖੇ ਅਹੁਦੇਦਾਰ ਸਾਹਿਬਾਨ ਦੀਆਂ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ।ਇਹ ਲਿਸਟ ਮੀਡਿਆ ਇੰਚਾਰਜ ਤਜਿੰਦਰ ਸਿੰਘ ਪੰਨੂ ਵੱਲੋਂ ਮੀਡਿਆ ਦੇ ਨਾ ਜਾਰੀ ਕੀਤੀ ਗਈ।**

### ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਨੇ ਪ੍ਰੈੱਸ ਕਲੱਬ ਦੀ ਚੋਣ ਸਬੰਧੀ

# ਜ਼ਿਲ੍ਹੇ ਦੇ ਸਮੂਹ ਪੱਤਰਕਾਰਾਂ ਨਾਲ ਕੀਤੀ ਮੀਟਿੰਗ



**ਜੰਡਿਆਲਾ ਗੁਰੂ 17 ਮਾਰਚ (ਕੁਲਵੰਤ ਸਿੰਘ ਵਿਰਦੀ )** - ਸ੍ਰੀ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਦੀਆਂ ਹਦਾਇਤਾਂ ਤਹਿਤ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਚੋਣ ਕਰਵਾਉਣ ਸਬੰਧੀ ਬਣਾਏ ਜਾਣ ਵਾਲੇ ਚੋਣ ਨਿਯਮਾਂ ਅਤੇ ਪੱਤਰਕਾਰਾਂ ਦੀ ਵੋਟਰ ਸੂਚੀ ਬਣਾਉਣ ਸਬੰਧੀ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਅੰਮ੍ਰਿਤਸਰ ਇੰਦਰਜੀਤ ਸਿੰਘ ਅਤੇ ਸਹਾਇਕ ਲੋਕ ਸੰਪਰਕ ਅਫ਼ਸਰ ਯੋਗੇਸ਼ ਸ਼ਰਮਾ ਵੱਲੋਂ ਅੱਜ ਜ਼ਿਲ੍ਹਾ ਅੰਮ੍ਰਿਤਸਰ ਦੇ ਸਮੂਹ ਪੱਤਰਕਾਰਾਂ ਅਤੇ ਪੱਤਰਕਾਰ ਐਸੋਸੀਏਸ਼ਨ/ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਇੱਕ ਅਹਿਮ ਮੀਟਿੰਗ ਪ੍ਰੈੱਸ ਕਲੱਬ ਅੰਮ੍ਰਿਤਸਰ ਵਿਖੇ ਕੀਤੀ ਗਈ ।ਇਸ ਮੀਟਿੰਗ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਦੇ ਸਮੂਹ ਪੱਤਰਕਾਰਾਂ ਅਤੇ ਪੱਤਰਕਾਰ ਐਸੋਸੀਏਸ਼ਨ/ਯੂਨੀਅਨਾਂ ਦੇ ਨੁਮਾਇੰਦਿਆਂ ਨੇ ਆਪਸੀ ਸਹਿਮਤੀ ਨਾਲ ਪ੍ਰੈੱਸ ਕਲੱਬ ਦੀਆਂ ਚੋਣਾਂ ਸਬੰਧੀ ਨਿਯਮਾਂ ਅਤੇ ਪੱਤਰਕਾਰਾਂ ਦੀ ਵੋਟਰ ਸੂਚੀ ਬਣਾਉਣ ਸਬੰਧੀ ਆਪਣੀ ਸਹਿਮਤੀ ਦਿੱਤੀ ਹੈ। ਇਸ ਮੌਕੇ ਸਰਬਸੰਮਤੀ ਨਾਲ ਪੱਤਰਕਾਰਾਂ ਦੀ ਇੱਕ 11 ਮੈਂਬਰੀ ਕਮੇਟੀ ਗਠਿਤ ਕੀਤੀ ਗਈ ਹੈ ਜੋ ਤਹਿ ਨਿਯਮਾਂ ਅਨੁਸਾਰ ਪ੍ਰੈੱਸ ਕਲੱਬ ਦੀਆਂ ਚੋਣਾਂ ਲਈ ਪੱਤਰਕਾਰਾਂ ਦੀ ਵੋਟਰ ਸੂਚੀ ਤਿਆਰ ਕਰੇਗੀ। ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਇੰਦਰਜੀਤ ਸਿੰਘ ਨੇ ਦੱਸਿਆ ਕਿ ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਜ਼ਿਲ੍ਹਾ ਦਫ਼ਤਰ ਅੰਮ੍ਰਿਤਸਰ ਵੱਲੋਂ ਜਾਰੀ ਪ੍ਰੈੱਸ ਸ਼ਨਾਖ਼ਤੀ ਕਾਰਡ (ਪੀਲੇ ਕਾਰਡ) ਧਾਰਕ ਸਾਰੇ ਪੱਤਰਕਾਰ/ਪ੍ਰੈੱਸ ਫੋਟੋਗ੍ਰਾਫਰ ਪ੍ਰੈੱਸ ਕਲੱਬ ਦੀਆਂ ਚੋਣਾਂ ਵਿੱਚ ਭਾਗ ਲੈ ਸਕਦੇ ਹਨ। ਇਸ ਤੋਂ ਇਲਾਵਾ ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਦੇ ਜਿਨ੍ਹਾਂ ਪੱਤਰਕਾਰਾਂ ਨੂੰ ਐਕਰੀਡੇਸ਼ਨ ਕਾਰਡ (ਪਿੰਕ ਕਾਰਡ) ਅਤੇ ਵੈਟਰਨ ਐਕਰੀਡੇਸ਼ਨ ਕਾਰਡ ਜਾਰੀ ਕੀਤੇ ਗਏ ਹਨ ਉਹ ਸਾਰੇ ਵੀ ਪ੍ਰੈੱਸ ਕਲੱਬ ਦੀਆਂ ਚੋਣਾਂ ਵਿੱਚ ਭਾਗ ਲੈ ਸਕਦੇ ਹਨ। ਜ਼ਿਲ੍ਹਾ ਅੰਮ੍ਰਿਤਸਰ ਦੇ ਜਿਨ੍ਹਾਂ ਪੱਤਰਕਾਰਾਂ/ਪ੍ਰੈੱਸ ਫੋਟੋਗ੍ਰਾਫਰਾਂ ਦੇ ਲੋਕ ਸੰਪਰਕ ਵਿਭਾਗ ਵੱਲੋਂ ਕਾਰਡ ਜਾਰੀ ਨਹੀਂ ਹੋਏ ਹਨ ਪਰ ਉਨ੍ਹਾਂ ਦੀ ਅਖ਼ਬਾਰ ਪੰਜਾਬ ਅਤੇ ਚੰਡੀਗੜ੍ਹ ਵਿੱਚ ਛੱਪਦੀ ਹੈ ਅਤੇ ਉਹ ਅਖ਼ਬਾਰ ਭਾਰਤ ਸਰਕਾਰ ਕੋਲ ਆਰ.ਐੱਨ.ਆਈ. ਰਜਿਸਟਰਡ ਹੈ ਉਸ ਦੇ ਪੱਤਰਕਾਰ ਵੀ ਵੋਟ ਪਾਉਣ ਅਤੇ ਚੋਣ ਪ੍ਰੀਕ੍ਰਿਆ ਵਿੱਚ ਹਿੱਸਾ ਲੈਣ ਦੇ ਯੋਗ ਹੋਣਗੇ। ਸਾਰੇ ਰਾਸ਼ਟਰੀ ਅਤੇ ਪੰਜਾਬੀ ਦੇ ਖੇਤਰੀ ਸੈਟੇਲਾਈਟ ਨਿਊਜ਼ ਚੈਨਲ ਜੋ ਡੀ.ਏ.ਵੀ.ਪੀ. ਦੀ ਲਿਸਟ ਵਿੱਚ ਦਰਜ ਹਨ ਦੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸਬੰਧਿਤ ਪੱਤਰਕਾਰ/ਪ੍ਰੈੱਸ ਫੋਟੋਗ੍ਰਾਫਰ ਵੋਟਰ ਸੂਚੀ ਵਿੱਚ ਸ਼ਾਮਲ ਹੋਣਗੇ। ਜਿਹੜੇ ਵੈੱਬ ਪੋਰਟਲ ਪੰਜਾਬ ਸਰਕਾਰ ਵੱਲੋਂ ਇੰਮਪੈਨਲਡ ਕੀਤੇ ਗਏ ਹਨ ਉਨ੍ਹਾਂ ਦੇ ਪੱਤਰਕਾਰ ਵੀ ਵੋਟਰ ਸੂਚੀ ਵਿੱਚ ਸ਼ਾਮਲ ਹੋਣਗੇ। ਵੋਟ ਬਣਾਉਣ ਲਈ ਪੱਤਰਕਾਰ ਕੋਲ ਆਪਣੇ ਅਦਾਰੇ/ਮੀਡੀਆ ਹਾਊਸ ਦਾ ਘੱਟੋ-ਘੱਟ 6 ਮਹੀਨੇ ਪੁਰਾਣਾ ਅਥਾਰਿਟੀ ਲੈਟਰ/ਕਾਰਡ ਹੋਣਾ ਲਾਜ਼ਮੀ ਹੈ। ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਦੀਆਂ ਹਦਾਇਤਾਂ ਤਹਿਤ ਪ੍ਰੈੱਸ ਕਲੱਬ ਦੀਆਂ ਚੋਣਾਂ ਲਈ ਵੋਟਰ ਸੂਚੀ ਬਣਾਉਣ ਦਾ ਸ਼ਿਡਊਲ ਜਾਰੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀ ਲਈ ਨਵੀਆਂ ਵੋਟਾਂ ਬਣਾਉਣ ਲਈ ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਕਮਰਾ ਨੰਬਰ 216, ਦੂਸਰੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅੰਮ੍ਰਿਤਸਰ ਵਿਖੇ ਅਪਲਾਈ ਕੀਤਾ ਜਾ ਸਕਦਾ ਹੈ। ਨਵੀਂ ਵੋਟ ਬਣਾਉਣ ਲਈ ਕਰਨ ਦਾ ਸਮਾਂ 18 ਮਾਰਚ ਤੋਂ 25 ਮਾਰਚ 2026 (ਦਫ਼ਤਰੀ ਕੰਮ ਵਾਲੇ ਦਿਨ) ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ਹੋਵੇਗਾ। ਉਨ੍ਹਾਂ ਦੱਸਿਆ ਕਿ ਮਿਤੀ 27 ਮਾਰਚ 2026 ਨੂੰ ਡਰਾਫ਼ਟ ਵੋਟਰ ਸੂਚੀ ਜਾਰੀ ਕੀਤੀ ਜਾਵੇਗੀ। ਮਿਤੀ 30 ਮਾਰਚ ਤੋਂ 2 ਅਪ੍ਰੈਲ 2026 ਤੱਕ ਦਾਅਵੇ ਤੇ ਇਤਰਾਜ਼ ਲਏ ਜਾਣਗੇ ਅਤੇ ਇਤਰਾਜਾਂ ਨੂੰ ਦੂਰ ਕਰਨ ਤੋਂ ਬਾਅਦ ਮਿਤੀ 6 ਅਪ੍ਰੈਲ 2026 ਨੂੰ ਫਾਈਨਲ ਵੋਟਰ ਸੂਚੀ ਜਾਰੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਪੱਤਰਕਾਰਾਂ ਨੂੰ ਸੂਚਨਾ ਤੇ ਲੋਕ ਸੰਪਰਕ ਵਿਭਾਗ, ਪੰਜਾਬ ਵੱਲੋਂ ਪ੍ਰੈੱਸ ਸ਼ਨਾਖਤੀ ਕਾਰਡ (ਯੈਲੋ ਕਾਰਡ), ਐਕਰੀਡੇਸ਼ਨ ਕਾਰਡ ਅਤੇ ਵੈਟਰਨ ਐਕਰੀਡੇਸ਼ਨ ਕਾਰਡ ਜਾਰੀ ਕੀਤੇ ਗਏ ਹਨ ਉਨ੍ਹਾਂ ਨੂੰ ਵੋਟ ਸੂਚੀ ਵਿੱਚ ਆਪਣਾ ਨਾਮ ਸ਼ਾਮਲ ਕਰਵਾਉਣ ਅਪਲਾਈ ਕਰਨ ਦੀ ਕੋਈ ਲੋੜ ਨਹੀਂ ਹੈ। ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਨੇ ਦੱਸਿਆ ਕਿ ਵੋਟਰ ਸੂਚੀ ਫਾਈਨਲ ਹੋਣ ਤੋਂ ਬਾਅਦ ਪ੍ਰੈੱਸ ਕਲੱਬ ਅੰਮ੍ਰਿਤਸਰ ਦੀ ਚੋਣ ਦੀ ਤਰੀਕ ਦਾ ਐਲਾਨ ਕੀਤਾ ਜਾਵੇਗਾ।

**ਪ੍ਰੈੱਸ ਕਲੱਬ ਦੀਆਂ ਵੋਟਾਂ ਬਣਾਉਣ ਲਈ 11 ਮੈਂਬਰੀ ਕਮੇਟੀ ਗਠਿਤ ਨਵੀਆਂ ਵੋਟਾਂ ਬਣਾਉਣ ਲਈ ਸਮਾਂ ਸਾਰਣੀ (ਸ਼ਡਿਊਲ) ਜਾਰੀ**

ਆਵਾਜ਼ਿ ਕੌਮ AWAZE QAUM International Newspaper & WEB TV

### ਧੂਰੀ ਆਪ ਦੀ ਰੈਲੀ ਵਿੱਚ ਸਰਪੰਚ ਲਾਲੀ ਬੰਗਾਵਾਲੀ

# ਸੈਂਕੜੇ ਸਮਰਥਕਾਂ ਸਮੇਤ ਪਹੁੰਚੇ




**ਧੂਰੀ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ ਤੇ ਲਿਜਾਇਆ ਜਾ ਰਿਹਾ ਹੈ। ਹਰੇਕ ਪਿੰਡ ਵਿੱਚ ਵਿਕਾਸ ਕਾਰਜਾਂ ਦੇ ਕੰਮ ਧੜੱਲੇਦਾਰ ਨਾਲ ਚੱਲ ਰਹੇ ਹਨ। ਇਸੇ ਹੀ ਤਹਿਤ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਧੂਰੀ ਦੇ ਲੋਕਾਂ ਨੂੰ 80 ਬੈੱਡਾਂ ਦਾ ਹਸਪਤਾਲ ਹਲਕੇ ਨੂੰ ਦਿੱਤਾ ਗਿਆ ਅਤੇ ਜਿਸ ਦਾ ਉਦਘਾਟਨ ਉਹਨਾਂ ਵੱਲੋਂ ਆਪ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ। ਪੰਜਾਬ ਦੇ ਮੁੱਖ ਮੰਤਰੀ ਦੇ ਕੀਤੇ ਕੰਮਾਂ ਨੂੰ ਦੇਖਦਿਆਂ ਹੋਇਆਂ ਧੂਰੀ ਵਿੱਚ ਰੈਲੀ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸਰਪੰਚ ਲਾਲੀ ਬੰਗਾਵਾਲੀ ਬੰਗਾਵਾਲੀ ਆਪਣੇ ਪਿੰਡ ਤੋਂ ਸੈਕੜੇ ਸਾਥੀਆਂ ਨੂੰ ਲੈ ਕੇ ਰੈਲੀ ਵਿੱਚ ਸ਼ਾਮਿਲ ਹੋਏ ।

ਆਵਾਜ਼ਿ ਕੌਮ AWAZE QAUM International Newspaper & WEB TV

# ਲੋਕ ਨਿਰਮਾਣ ਮੰਤਰੀ ਸ.ਹਰਭਜਨ ਸਿੰਘ ਈ.ਟੀ.ਓ. ਨੇ ਜੰਡਿਆਲਾ ਗੁਰੂ ਹਲਕੇ ਨੂੰ ਦਿੱਤੀ ਵੱਡੀ ਸੌਗਾਤ

## ਪਿੰਡ ਗੱਦਲੀ ਵਿੱਚ 66 ਕੇ.ਵੀ. ਸਬ-ਸਟੇਸ਼ਨ ਦਾ ਨੀਂਹ ਪੱਥਰ ਰੱਖਿਆ



**ਜੰਡਿਆਲਾ, 17 ਮਾਰਚ ( ਕੁਲਵੰਤ ਸਿੰਘ ਵਿਰਦੀ )** - ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਨੂੰ ਇੱਕ ਵੱਡਾ ਤੋਹਫ਼ਾ ਦਿੰਦਿਆਂ ਅੱਜ ਪਿੰਡ ਗੱਦਲੀ (ਬਲਾਕ ਜੰਡਿਆਲਾ ਗੁਰੂ) ਵਿਖੇ ਨਵੇਂ 66 ਕੇ.ਵੀ. ਸਬਸਟੇਸ਼ਨ ਦਾ ਨੀਂਹ ਪੱਥਰ ਰੱਖਿਆ ।ਨਵੇਂ ਸਬ-ਸਟੇਸ਼ਨ ਦਾ ਨੀਂਹ ਪੱਥਰ ਰੱਖਣ ਮੌਕੇ ਲੋਕ ਨਿਰਮਾਣ ਮੰਤਰੀ ਸ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਇਸ ਸਬ-ਸਟੇਸ਼ਨ ਦੀ ਉਸਾਰੀ 'ਤੇ ਲਗਭਗ 6 ਕਰੋੜ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਇਲਾਕੇ ਦੇ ਲੋਕਾਂ ਵੱਲੋਂ ਨੇੜਲੇ ਸਬਸਟੇਸ਼ਨ ਦੀ ਮੰਗ ਕੀਤੀ ਜਾ ਰਹੀ ਸੀ ਕਿਉਂਕਿ ਮੌਜੂਦਾ ਸਬਸਟੇਸ਼ਨ ਦੂਰ ਹੋਣ ਕਾਰਨ ਬਿਜਲੀ ਸਪਲਾਈ ਵਿੱਚ ਕਾਫੀ ਮੁਸ਼ਕਲਾਂ ਆ ਰਹੀਆਂ ਸਨ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਪੂਰੀ ਹੋਵੇਗੀ ਅਤੇ ਬਿਜਲੀ ਸਪਲਾਈ ਵਿੱਚ ਵੱਡਾ ਸੁਧਾਰ ਆਵੇਗਾ ।ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਇਸ ਨਵੇਂ ਸਬਸਟੇਸ਼ਨ ਵਿੱਚ 66/11 ਕੇ.ਵੀ. ਦਾ 20 ਐਮ.ਵੀ.ਏ. ਪਾਵਰ ਟਰਾਂਸਫਾਰਮਰ ਲਗਾਇਆ ਜਾਵੇਗਾ ।ਇਸ ਨਾਲ ਪਿੰਡ ਗੱਦਲੀ ਸਮੇਤ ਭੰਗਵਾਂ, ਮਾਲੋਵਾਲ, ਰਾਣਾਕਾਲਾ, ਬਾਲੀਆ, ਬੰਮਾ ਅਤੇ ਖਲੇਹਿਰਾ ਪਿੰਡਾਂ ਦੇ ਖਪਤਕਾਰਾਂ ਨੂੰ ਨਿਰਵਿਘਨ ਅਤੇ ਬਿਹਤਰ ਬਿਜਲੀ ਸਪਲਾਈ ਮਿਲੇਗੀ। ਇਸ ਪ੍ਰੋਜੈਕਟ ਨਾਲ ਲਗਭਗ 20,000 ਖਪਤਕਾਰਾਂ ਨੂੰ ਸਿੱਧਾ ਲਾਭ ਮਿਲੇਗਾ, ਜਦਕਿ ਮੌਜੂਦਾ ਸਬਸਟੇਸ਼ਨਾਂ 'ਤੇ ਲੋਡ ਘੱਟਣ ਨਾਲ ਕਰੀਬ 50,000 ਹੋਰ ਖਪਤਕਾਰਾਂ ਨੂੰ ਅਸਿੱਧਾ ਫਾਇਦਾ ਹੋਵੇਗਾ ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਪਿੰਡ ਗੱਦਲੀ ਵਿੱਚ 27.10 ਲੱਖ ਰੁਪਏ ਦੀ ਲਾਗਤ ਨਾਲ ਖੇਡ ਮੈਦਾਨ ਦੀ ਉਸਾਰੀ ਕੀਤੀ ਜਾਵੇਗੀ ।ਖੇਡ ਮੈਦਾਨ ਵਿੱਚ ਚੇਨ ਲਿੰਕ ਫੈਨਸਿੰਗ, ਲੇਡੀਜ਼/ਜੈਂਟਸ ਬਾਥਰੂਮ, ਹਾਈ ਮਾਸਟ ਲਾਈਟਾਂ ਤੇ ਫੁੱਟ ਲਾਈਟਾਂ, ਸਪਰਿੰਕਲਰ ਸਿਸਟਮ ਅਤੇ ਵਾਲੀਬਾਲ ਕੋਰਟ ਵਰਗੀਆਂ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ, ਜਿਸ ਨਾਲ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹ ਮਿਲੇਗਾ ।ਉਨ੍ਹਾਂ ਕਿਹਾ ਕਿ ਹੋਰ ਵਿਕਾਸ ਉਪਰਾਲਿਆਂ ਤਹਿਤ, ਮੁੱਖ ਮੰਤਰੀ ਸ੍ਰ: ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਖੁਜਾਲਾ-ਗਹਿਰੀ ਤੋਂ ਗੱਦਲੀ ਰੋਡ 'ਤੇ ਦੇਵੀਦਾਸਪੁਰਾ ਡਰੇਨ 'ਤੇ 2 ਸਪੈਨ (ਹਰ ਇੱਕ 20 ਮੀਟਰ) ਵਾਲੇ ਨਵੇਂ ਪੁਲ ਦੀ ਉਸਾਰੀ 231.54 ਲੱਖ ਰੁਪਏ ਦੀ ਲਾਗਤ ਨਾਲ ਕੀਤੀ ਜਾਵੇਗੀ ।ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਇਹ ਕੰਮ ਮੰਦ 5054 ਆਰ.ਬੀ.-10 (ਬ੍ਰਿਜਸ) ਅਧੀਨ ਕੀਤਾ ਜਾਵੇਗਾ ਅਤੇ ਟੈਂਡਰ ਪ੍ਰਕਿਰਿਆ ਪ੍ਰਗਤੀ ਅਧੀਨ ਹੈ ਅਤੇ ਅਲਾਟਮੈਂਟ ਤੋਂ ਬਾਅਦ ਤੁਰੰਤ ਸ਼ੁਰੂ ਕਰ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਇਸ ਪੁਲ ਦੀ ਉਸਾਰੀ ਨਾਲ ਆਵਾਜਾਈ ਸੁਵਿਧਾਵਾਂ ਵਿੱਚ ਸੁਧਾਰ ਆਵੇਗਾ ਅਤੇ ਲੋਕਾਂ ਨੂੰ ਕਾਫੀ ਰਾਹਤ ਮਿਲੇਗੀ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਸਾਰੇ ਕੰਮ ਸਮੇਂ-ਸਿਰ ਅਤੇ ਮਿਆਰੀ ਢੰਗ ਨਾਲ ਪੂਰੇ ਕਰਨ ਲਈ ਹੁਕਮ ਜਾਰੀ ਕੀਤੇ ਹਨ ।ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਅੱਗੇ ਜਾਣਕਾਰੀ ਦਿੱਤੀ ਕਿ ਜੰਡਿਆਲਾ ਗੁਰੂ ਹਲਕੇ ਵਿੱਚ ਬਿਜਲੀ ਸਪਲਾਈ ਨੂੰ ਮਜ਼ਬੂਤ ਬਣਾਉਣ ਲਈ ਵੱਡੇ ਪੱਧਰ 'ਤੇ ਕੰਮ ਕੀਤੇ ਗਏ ਹਨ। ਇਨ੍ਹਾਂ ਤਹਿਤ 820 ਨਵੇਂ ਟਰਾਂਸਫਾਰਮਰ ਲਗਾਏ ਗਏ ਅਤੇ ਡੀਲੋਡ/ਐਗਮਨਟੇਸ਼ਨ ਕੀਤੇ ਗਏ ਹਨ, ਜਿਨ੍ਹਾਂ 'ਤੇ ਲਗਭਗ 24.60 ਕਰੋੜ ਰੁਪਏ ਖਰਚ ਕੀਤੇ ਗਏ ਹਨ। ਇਸ ਤੋਂ ਇਲਾਵਾ 5591 ਸੜੇ ਜਾਂ ਖਰਾਬ ਟਰਾਂਸਫਾਰਮਰ ਬਦਲੇ ਗਏ ਹਨ, ਜਿਸ 'ਤੇ ਕਰੀਬ 28.99 ਕਰੋੜ ਰੁਪਏ ਖਰਚ ਆਇਆ ਹੈ। ਵਧੀਆ ਬਿਜਲੀ ਸਪਲਾਈ ਲਈ 14 ਫੀਡਰਾਂ ਨੂੰ ਡੀਲੋਡ ਜਾਂ ਬਾਈਫਰਕੇਟ ਕਰਕੇ ਨਵੇਂ ਬਰੇਕਰ ਲਗਾਏ ਗਏ ਹਨ, ਜਿਸ 'ਤੇ 1.42 ਕਰੋੜ ਰੁਪਏ ਦੀ ਲਾਗਤ ਆਈ ਹੈ। ਇਸ ਤੋਂ ਇਲਾਵਾ 81 ਨਵੀਆਂ 11 ਕੇ.ਵੀ. ਲਾਈਨਾਂ ਦੀ ਉਸਾਰੀ ਦਾ ਕੰਮ ਕੀਤਾ ਗਿਆ ਹੈ ਜਿਸ 'ਤੇ 4.49 ਕਰੋੜ ਰੁਪਏ ਖਰਚ ਹੋਏ ਹਨ। ਬਿਜਲੀ ਸਿਸਟਮ ਅਤੇ ਕੇਬਲਾਂ ਵਿੱਚ ਸੁਧਾਰ ਲਈ 86 ਵੱਖ-ਵੱਖ ਕੰਮਾਂ 'ਤੇ 2.64 ਕਰੋੜ ਰੁਪਏ ਖਰਚ ਕੀਤੇ ਗਏ ਹਨ। ਜੰਡਿਆਲਾ ਗੁਰੂ ਸ਼ਹਿਰ ਦੇ ਵਸਨੀਕਾਂ ਨੂੰ ਬਿਹਤਰ ਬਿਜਲੀ ਸਪਲਾਈ ਮੁਹੱਈਆ ਕਰਵਾਉਣ ਲਈ 2 ਮੋਬਾਈਲ ਟਰਾਂਸਫਾਰਮਰ ਟਰਾਲੀਆਂ ਵੀ ਉਪਲਬਧ ਕਰਵਾਈਆਂ ਗਈਆਂ ਹਨ। ਨਾਲ ਹੀ 66 ਕੇ.ਵੀ. ਸਬਸਟੇਸ਼ਨ ਮਾਨਾਵਾਲਾ ਵਿਖੇ ਪੈਰਲਲ ਸਰਕਟ ਸ਼ੁਰੂ ਕੀਤਾ ਗਿਆ ਹੈ, ਜਦਕਿ 66 ਕੇ.ਵੀ. ਸਬਸਟੇਸ਼ਨ ਫੋਕਲ ਪੁਆਇੰਟ ਵਿਖੇ ਟਰਾਂਸਫਾਰਮਰ ਦੀ ਸਮਰੱਥਾ 12.5 ਐਮ.ਵੀ.ਏ. ਤੋਂ ਵਧਾ ਕੇ 20 ਐਮ.ਵੀ.ਏ. ਕੀਤੀ ਗਈ ਹੈ। 132 ਕੇ.ਵੀ. ਸਬਸਟੇਸ਼ਨ ਟਾਂਗਰਾ ਵਿਖੇ 12.5 ਐਮ.ਵੀ.ਏ. ਦਾ ਨਵਾਂ ਪਾਵਰ ਟਰਾਂਸਫਾਰਮਰ ਵੀ ਲਗਾਇਆ ਗਿਆ ਹੈ ਅਤੇ 132 ਕੇ.ਵੀ. ਸਬਸਟੇਸ਼ਨ ਏਕਲਗੱਡਾ ਨੂੰ ਕੀਤਾ ਗਿਆ ਹੈ। ਜੰਡਿਆਲਾ ਗੁਰੂ ਵਿਖੇ ਨਵਾਂ ਕੰਜ਼ੂਮਰ ਕੇਅਰ ਸੈਂਟਰ ਵੀ ਬਣਾਇਆ ਗਿਆ ਹੈ ਅਤੇ ਬਾਲਮੀਕ ਚੌਂਕ ਵਿਖੇ ਕੰਪਲੇਂਟ ਸੈਂਟਰ ਦੀ ਰੀਨੋਵੇਸ਼ਨ ਦੀ ਤਜਵੀਜ਼ ਵੀ ਤਿਆਰ ਕੀਤੀ ਗਈ ਹੈ। ਇਸ ਤੋਂ ਇਲਾਵਾ 66 ਕੇ.ਵੀ. ਸਬਸਟੇਸ਼ਨ ਨਵਾਪਿੰਡ ਨੂੰ 220 ਕੇ.ਵੀ. ਸਬਸਟੇਸ਼ਨ ਨਾਲ ਅਪਗ੍ਰੇਡ ਕਰਨ ਦਾ ਕੰਮ ਜਾਰੀ ਹੈ। ਪਿੰਡ ਦਸਮੇਸ ਨਗਰ ਅਤੇ ਗੱਦਲੀ ਵਿਖੇ ਨਵੇਂ ਬਿਜਲੀ ਘਰ ਬਣਾਏ ਜਾ ਰਹੇ ਹਨ, ਜਦਕਿ ਜੰਡਿਆਲਾ ਗੁਰੂ ਵਿੱਚ 220 ਕੇ.ਵੀ. ਸਬਸਟੇਸ਼ਨ ਦੀ ਪ੍ਰਪੋਜ਼ਲ ਵੀ ਤਿਆਰ ਕੀਤੀ ਗਈ ਹੈ। ਇਨ੍ਹਾਂ ਸਾਰੇ ਬਿਜਲੀ ਸੰਬੰਧੀ ਵਿਕਾਸੀ ਕੰਮਾਂ 'ਤੇ ਕੁੱਲ ਮਿਲਾ ਕੇ ਲਗਭਗ 154.82 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ।" ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਦੱਸਿਆ ਕਿ ਹਲਕਾ ਜੰਡਿਆਲਾ ਗੁਰੂ ਦੇ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਮੁਫ਼ਤ ਬਿਜਲੀ ਯੋਜਨਾ ਤਹਿਤ ਵੀ ਵੱਡਾ ਲਾਭ ਮਿਲ ਰਿਹਾ ਹੈ। ਹਲਕੇ ਵਿੱਚ ਕੁੱਲ 62,972 ਬਿਜਲੀ ਕੁਨੈਕਸ਼ਨ ਹਨ, ਜਿਨ੍ਹਾਂ ਵਿੱਚੋਂ 60,302 ਕੁਨੈਕਸ਼ਨਾਂ ਨੂੰ ਜੀਰੋ ਬਿੱਲ ਆ ਰਿਹਾ ਹੈ, ਜੋ ਲਗਭਗ 95 ਫੀਸਦੀ ਬਣਦਾ ਹੈ। ਇਸ ਯੋਜਨਾ ਤਹਿਤ ਹਰ ਮਹੀਨੇ ਕਰੀਬ 14.47 ਕਰੋੜ ਰੁਪਏ ਦੇ ਬਿਜਲੀ ਬਿੱਲ ਮੁਆਫ਼ ਹੋ ਰਹੇ ਹਨ, ਜਦਕਿ ਸਾਲਾਨਾ ਤੌਰ 'ਤੇ ਇਹ ਮੁਆਫ਼ੀ ਲਗਭਗ 173.64 ਕਰੋੜ ਰੁਪਏ ਬਣਦੀ ਹੈ। ਮਿਤੀ 01 ਅਪ੍ਰੈਲ 2022 ਤੋਂ 28 ਫਰਵਰੀ 2026 ਤੱਕ ਹਲਕਾ ਜੰਡਿਆਲਾ ਗੁਰੂ ਦੇ ਲੋਕਾਂ ਲਈ ਕੁੱਲ ਮਿਲਾ ਕੇ ਕਰੀਬ 681.33 ਕਰੋੜ ਰੁਪਏ ਦੇ ਬਿਜਲੀ ਬਿੱਲ ਮੁਆਫ਼ ਕੀਤੇ ਜਾ ਚੁੱਕੇ ਹਨ, ਜਿਸ ਨਾਲ ਆਮ ਘਰਾਂ ਨੂੰ ਵੱਡੀ ਆਰਥਿਕ ਰਾਹਤ ਮਿਲੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243